8-DEC-PAGE-1.qxd 12/7/2022 10:29 PM Page 1

ਵੀਰਵਾਰ, 8 ਦਸੰਬਰ, 2022
23 ਮੱਘਰ { ਨਾਨਕਸ਼ਾਹੀ 554 / ਬਿਕਰਮੀ 2079
ਜਿਲਦ/VOL. : 71
ਅੰਕ/NO. : 188

ਨਵਾਂ ਜ਼ਮਾਨਾ

DAILY NAWAN ZAMANA • THURSDAY, 8 DECEMBER, 2022
ਜਲੰਧਰ
nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

ਦਿੱਲੀ 'ਚ ਭਾਜਪਾ ਦੀ ਹਾਰ, ਗੁਜਰਾਤ ਤੇ ਹਿਮਾਚਲ ਦਾ ਅੱਜ ਪਤਾ ਚੱਲੇਗਾ

ਨਵੀਂ ਦਿੱਲੀ : ਆਮ ਆਦਮੀ ਪਾਰਟੀ ਨੇ ਦਿੱਲੀ ਨਗਰ ਨਿਗਮ ਦੇ 250 ਵਾਰਡਾਂ ਵਿੱਚੋਂ 134 ਵਾਰਡ ਜਿੱਤ ਕੇ ਬੁੱਧਵਾਰ 15 ਸਾਲ ਤੋਂ ਸੱਤਾਧਾਰੀ ਭਾਜਪਾ ਨੂੰ ਲਾਂਭੇ ਕਰ ਦਿੱਤਾ। ਭਾਜਪਾ ਨੇ 104, ਕਾਂਗਰਸ ਨੇ 9 ਤੇ ਹੋਰਨਾਂ ਨੇ 3 ਵਾਰਡ ਜਿੱਤੇ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਦਿੱਲੀ ਵਾਸੀਆਂ ਨੂੰ ਜਿੱਤ ਲਈ ਵਧਾਈ ਦਿੱਤੀ ਤੇ ਧੰਨਵਾਦ ਕੀਤਾ। ਉਨ੍ਹਾ ਕਿਹਾ ਕਿ ਦਿੱਲੀ ਦੀ ਹਾਲਤ ਸੁਧਾਰਨ ਲਈ ਭਾਜਪਾ ਤੇ ਕਾਂਗਰਸ ਦਾ ਸਹਿਯੋਗ ਅਤੇ ਕੇਂਦਰ ਤੇ ਪ੍ਰਧਾਨ ਮੰਤਰੀ ਦਾ ਆਸ਼ੀਰਵਾਦ ਚਾਹੀਦਾ ਹੈ। ਉਨ੍ਹਾ ਕਿਹਾ ਕਿ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ ਤੇ ਦਿੱਲੀ ਨੂੰ ਬਿਹਤਰ ਬਣਾਉਣ ਲਈ ਹੋਰ ਪਾਰਟੀਆਂ ਨੂੰ ਨਾਲ ਚੱਲਣ ਦੀ ਅਪੀਲ ਕਰਨਗੇ। ਮੁੱਖ ਮੰਤਰੀ ਨੇ ਜਿੱਤ ਦਰਜ ਕਰਨ ਵਾਲੇ ਆਪ ਦੇ ਨਾਲ-ਨਾਲ ਭਾਜਪਾ, ਕਾਂਗਰਸ ਤੇ ਆਜ਼ਾਦ ਉਮੀਦਵਾਰਾਂ ਨੂੰ ਵੀ ਵਧਾਈ ਦਿੱਤੀ।

ਉਧਰ, ਗੁਜਰਾਤ ਤੇ ਹਿਮਾਚਲ ਵਿਧਾਨ ਸਭਾ ਚੋਣਾਂ ਲਈ ਵੋਟਾਂ ਦੀ ਗਿਣਤੀ ਵੀਰਵਾਰ ਨੂੰ ਹੋਵੇਗੀ। ਭਾਜਪਾ ਸ਼ਾਸਤ ਗੁਜਰਾਤ ਦੇ 33 ਜ਼ਿਲ੍ਹਿਆਂ ਦੀਆਂ 182 ਸੀਟਾਂ ਲਈ ਦੋ ਪੜਾਵਾਂ

'ਚ 1 ਦਸੰਬਰ ਅਤੇ 5 ਦਸੰਬਰ ਨੂੰ ਚੋਣਾਂ ਹੋਈਆਂ। ਗੁਜਰਾਤ ਵਿਚ ਰਵਾਇਤੀ ਤੌਰ 'ਤੇ ਭਾਜਪਾ ਅਤੇ ਕਾਂਗਰਸ ਵਿਚਾਲੇ ਮੁਕਾਬਲਾ ਰਿਹਾ ਹੈ। ਹਾਲਾਂਕਿ ਇਸ ਵਾਰ ਆਮ ਆਦਮੀ ਪਾਰਟੀ ਦੇ ਮੈਦਾਨ 'ਚ ਆਉਣ ਕਾਰਨ ਤਿਕੋਣਾ ਮੁਕਾਬਲਾ ਨਜ਼ਰ ਆ ਰਿਹਾ ਹੈ। ਗੁਜਰਾਤ ਦੇ ਨਾਲ-ਨਾਲ ਹਰ ਕਿਸੇ ਦੀਆਂ ਨਜ਼ਰਾਂ ਹਿਮਾਚਲ 'ਤੇ ਟਿਕੀਆਂ ਹੋਈਆਂ ਹਨ, ਜਿੱਥੇ ਸੱਤਾਧਾਰੀ ਭਾਰਤੀ ਜਨਤਾ ਪਾਰਟੀ 12 ਨਵੰਬਰ ਨੂੰ ਹੋਈਆਂ ਵਿਧਾਨ ਸਭਾ ਚੋਣਾਂ ਵਿਚ ਆਪਣੇ ਵਿਕਾਸ ਏਜੰਡੇ ਦੇ ਆਧਾਰ 'ਤੇ ਆਪਣੀ ਚੋਣ ਸਫਲਤਾ ਨੂੰ ਦੁਹਰਾਉਣ ਦੀ ਉਮੀਦ ਕਰ ਰਹੀ ਹੈ, ਉਥੇ ਮੁੱਖ ਵਿਰੋਧੀ ਕਾਂਗਰਸ ਪਾਰਟੀ ਪਿਛਲੀ ਸਰਕਾਰ ਨੂੰ ਬੇਦਖਲ ਕਰਨ ਦੀ ਚਾਰ ਦਹਾਕੇ ਪੁਰਾਣੀ ਰਵਾਇਤ 'ਤੇ ਆਸ ਰੱਖ ਰਹੀ ਹੈ। ਪਹਾੜੀ ਰਾਜ 'ਚ 68 ਹਲਕਿਆਂ 'ਚ 412 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਹੋਵੇਗਾ।

ਗੁਜਰਾਤ ਦੇ ਨਤੀਜੇ ਹੈਰਾਨ ਕਰ ਦੇਣਗੇ : ਮਾਨ

ਨਵੀਂ ਦਿੱਲੀ : ਦਿੱਲੀ ਦੀਆਂ ਨਗਰ ਨਿਗਮ ਚੋਣਾਂ ਜਿੱਤਣ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਾਅਵਾ ਕੀਤਾ ਕਿ ਗੁਜਰਾਤ ਵਿਚ ਪਾਰਟੀ ਦੀ ਹਾਰ ਦੀ ਭਵਿੱਖਬਾਣੀ ਕਰਨ ਵਾਲੇ ਐਗਜ਼ਿਟ ਪੋਲ ਗਲਤ ਸਾਬਤ ਹੋਣਗੇ ਤੇ ਗੁਜਰਾਤ ਦੇ ਨਤੀਜੇ ਹੈਰਾਨੀਜਨਕ ਹੋਣਗੇ। ਐਗਜ਼ਿਟ ਪੋਲ ਮੁਤਾਬਕ 'ਆਪ' ਦੀ ਗੁਜਰਾਤ ਅਤੇ ਹਿਮਾਚਲ ਵਿਧਾਨ ਸਭਾ ਚੋਣਾਂ 'ਚ ਹਾਰ ਹੋਣੀ ਤੈਅ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾਨ ਨੇ ਕਿਹਾ—ਕੇਜਰੀਵਾਲ ਨੇ ਪਹਿਲਾਂ ਦਿੱਲੀ 'ਚ ਕਾਂਗਰਸ ਦੇ 15 ਸਾਲਾਂ ਦੇ ਸ਼ਾਸਨ ਨੂੰ ਉਖਾੜਿਆ ਅਤੇ ਹੁਣ ਭਾਜਪਾ ਦੇ 15 ਸਾਲਾਂ ਦੇ ਸ਼ਾਸਨ ਨੂੰ ਉਖਾੜ ਸੁੱਟਿਆ। ਮੈਂ ਕੱਲ੍ਹ ਗੁਜਰਾਤ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਦੌਰਾਨ ਤੁਹਾਡੇ ਨਾਲ ਹੋਵਾਂਗਾ। ਨਤੀਜੇ ਹੈਰਾਨੀਜਨਕ ਹੋਣਗੇ। ਗੁਜਰਾਤ 'ਚ ਐਗਜ਼ਿਟ ਪੋਲ ਗਲਤ ਸਾਬਤ ਹੋਣਗੇ। ਮੈਂ ਪਾਰਟੀ ਦਫਤਰ ਜਾਵਾਂਗਾ ਅਤੇ ਵਰਕਰਾਂ ਨਾਲ ਜਸ਼ਨ ਮਨਾਵਾਂਗਾ।

ਗੋਲ ਕਰਨ ਵਾਲੇ ਨੂੰ ਗੋਲ ਹੁੰਦੇ ਦਿਖਾਏ

ਲੁਸੈਲ : ਸਟਾਰ ਖਿਡਾਰੀ ਤੇ ਕਪਤਾਨ ਕ੍ਰਿਸਟੀਆਨੋ ਰੋਨਾਲਡੋ ਨੂੰ ਸ਼ੁਰੂਆਤ ਵਿਚ ਨਾ ਉਤਾਰਨ ਦਾ ਰਿਸਕ ਲੈਣ ਵਾਲੇ ਪੁਰਤਗਾਲ ਨੇ ਮੰਗਲਵਾਰ ਰਾਤ ਸਵਿਟਜ਼ਰਲੈਂਡ ਨੂੰ ਵਿਸ਼ਵ ਕੱਪ ਦੇ ਪ੍ਰੀ-ਕੁਆਰਟਰ ਫਾਈਨਲ ਵਿਚ 6-1 ਨਾਲ ਰੌਂਦ ਦਿੱਤਾ। 21 ਸਾਲ ਦੇ ਗੋਨਕੈਲੋ ਰਾਮੋਸ ਨੇ ਪਹਿਲਾ ਵਿਸ਼ਵ ਕੱਪ ਮੈਚ ਖੇਡਦਿਆਂ ਹੈਟਟ੍ਰਿਕ ਮਾਰੀ, ਜਦਕਿ ਹੰਢੇ ਹੋਏ 39 ਸਾਲਾ ਪੇਪੇ, ਰਫਾਏਲ ਗੁਏਰੀਰੋ ਤੇ ਰਫਾਏਲ ਲਿਓ ਨੇ ਇਕ-ਇਕ ਗੋਲ ਆਪਣੇ ਨਾਂਅ ਦਰਜ ਕਰਾਏ।

ਰੋਨਾਲਡੋ ਦੀ ਗੈਰ-ਮੌਜੂਦਗੀ ਦਾ ਫਾਇਦਾ ਉਠਾਉਂਦਿਆਂ ਰਾਮੋਸ ਨੇ ਪਹਿਲਾ ਗੋਲ ਸਤਾਰਵੇਂ ਮਿੰਟ ਵਿਚ ਅਸੰਭਵ ਜਾਪਦੇ ਕੋਣ ਤੋਂ ਗੋਲ-ਪੋਸਟ ਦੇ ਐਨ ਨੇੜਿਓਂ ਕੀਤਾ। ਦੂਜਾ ਤੇ ਤੀਜਾ ਗੋਲ ਉਸ ਨੇ 51ਵੇਂ ਤੇ 67ਵੇਂ ਮਿੰਟ ਵਿਚ ਕੀਤਾ। ਉਹ 2002 ਵਿਚ ਜਰਮਨੀ ਦੇ ਮਿਰੋਸਲਾਵ ਕਲੋਸ ਤੋਂ ਬਾਅਦ ਪਹਿਲੇ

● ਬਾਕੀ ਸਫ਼ਾ 2 'ਤੇ

ਚਾਨੂੰ ਦਾ ਕਮਾਲ

ਬੋਗੋਟਾ (ਕੋਲੰਬੀਆ) : ਸਟਾਰ ਭਾਰਤੀ ਵੇਟਲਿਫਟਰ ਮੀਰਾਬਾਈ ਚਾਨੂੰ ਗੁੱਟ ਦੀ ਸੱਟ ਦੇ ਬਾਵਜੂਦ ਵਿਸ਼ਵ ਚੈਂਪੀਅਨਸ਼ਿਪ 'ਚ ਕੁੱਲ 200 ਕਿਲੋ ਭਾਰ ਚੁੱਕ ਕੇ ਚਾਂਦੀ ਦਾ ਤਮਗਾ ਜਿੱਤਣ 'ਚ ਕਾਮਯਾਬ ਰਹੀ। ਟੋਕੀਓ ਓਲੰਪਿਕ ਦੀ ਚਾਂਦੀ ਦਾ ਤਮਗਾ ਜੇਤੂ ਚਾਨੂੰ ਨੇ ਮੰਗਲਵਾਰ ਰਾਤ 49 ਕਿਲੋਗ੍ਰਾਮ ਵਰਗ 'ਚ ਸਨੈਚ 'ਚ 87 ਕਿਲੋ ਅਤੇ ਕਲੀਨ ਐਂਡ ਜਰਕ 'ਚ 113 ਕਿਲੋ ਭਾਰ ਚੁੱਕਿਆ। ਚੀਨ ਦੀ ਜਿਆਂਗ ਹੁਈਹੁਆ ਨੇ 206 ਕਿਲੋ ਭਾਰ ਚੁੱਕ ਕੇ ਸੋਨ ਤਮਗਾ ਜਿੱਤਿਆ।

ਸੁਪਰੀਮ ਕੋਰਟ ਨੇ ਨੋਟਬੰਦੀ ਦਾ ਸਾਰਾ ਰਿਕਾਰਡ ਮੰਗਿਆ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਕੇਂਦਰ ਅਤੇ ਭਾਰਤੀ ਰਿਜ਼ਰਵ ਬੈਂਕ ਨੂੰ ਸਰਕਾਰ ਦੇ 2016 ਦੇ ਨੋਟਬੰਦੀ ਦੇ ਫੈਸਲੇ ਨਾਲ ਸੰਬੰਧਤ ਰਿਕਾਰਡ ਪੇਸ਼ ਕਰਨ ਦਾ ਨਿਰਦੇਸ਼ ਦਿੱਤਾ ਹੈ। ਇਸ ਦੇ ਨਾਲ ਸੁਪਰੀਮ ਕੋਰਟ ਨੇ ਨੋਟਬੰਦੀ ਬਾਰੇ ਕੇਂਦਰ ਦੇ 2016 ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ 'ਤੇ ਫੈਸਲਾ ਸੁਰੱਖਿਅਤ ਰੱਖ ਲਿਆ ਹੈ।

ਅਮਰੂਦਾਂ ਦੇ ਠੇਕੇਦਾਰ ਦਾ ਕਤਲ

ਮਲੋਟ : ਨੇੜਲੇ ਪਿੰਡ ਕਿੰਗਰਾ ਤੋਂ ਘੁਮਿਆਰਾ ਰੋਡ 'ਤੇ ਅਮਰੂਦਾਂ ਦੇ ਬਾਗ ਦੇ ਫਿਰੋਜ਼ਪੁਰ ਦੇ ਕਰੀਬ 60-65 ਸਾਲਾਂ ਦੇ ਹਰਜਿੰਦਰ ਸਿੰਘ ਠੇਕੇਦਾਰ ਦਾ ਮੰਗਲਵਾਰ ਰਾਤ ਕਤਲ ਕਰ ਦਿੱਤਾ ਗਿਆ। ਥਾਣਾ ਸਿਟੀ ਦੇ ਇੰਚਾਰਜ ਵਰੁਨ ਕੁਮਾਰ ਮੱਟੂ ਨੇ ਦੱਸਿਆ ਕਿ ਠੇਕੇਦਾਰ ਖੇਤ 'ਚ ਹੀ ਸੜਕ ਤੋਂ ਹਟਵੇਂ ਕੋਠੇ ਵਿਚ ਰਹਿੰਦਾ ਸੀ ਤੇ ਉਸ ਦੀ ਵੱਢੀ-ਟੁੱਕੀ ਲਾਸ਼ ਮਿਲੀ।

ਜੰਮੂ-ਤਵੀ ਪੁਲ 'ਤੇ ਧਮਾਕੇ ਦੀ ਜਾਂਚ

ਜੰਮੂ : ਇੱਥੋਂ ਦੇ ਵੱਡੇ ਪੁਲ 'ਤੇ ਨਾਕਾ ਚੌਕੀ ਨੇੜੇ ਧਮਾਕੇ ਵਰਗੀ ਆਵਾਜ਼ ਸੁਣਾਈ ਦੇਣ ਤੋਂ ਬਾਅਦ ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮੰਗਲਵਾਰ ਦੇਰ ਰਾਤ ਤਵੀ ਨਦੀ 'ਤੇ ਪੁਲ ਨੇੜੇ ਧਮਾਕੇ ਵਰਗੀ ਆਵਾਜ਼ ਸੁਣਾਈ ਦਿੱਤੀ, ਪਰ ਕਿਸੇ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਹੈ।

ਈ ਐੱਮ ਆਈ ਮਹਿੰਗੀ

ਮੁੰਬਈ : ਭਾਰਤੀ ਰਿਜ਼ਰਵ ਬੈਂਕ ਨੇ ਬੁੱਧਵਾਰ ਮੁਦਰਾ ਨੀਤੀ ਸਮੀਖਿਆ ਵਿਚ ਨੀਤੀਗਤ ਦਰ ਰੈਪੋ ਨੂੰ 0.35 ਫੀਸਦੀ ਤੋਂ ਵਧਾ ਕੇ 6.25 ਫੀਸਦੀ ਕਰਨ ਦਾ ਐਲਾਨ ਕੀਤਾ। ਉਸ ਨੇ ਇਹ ਕਦਮ ਕੌਮਾਂਤਰੀ ਬੇਯਕੀਨੀ ਵਾਲੇ ਮਾਹੌਲ ਤੇ ਮਹਿੰਗਾਈ ਦੇ ਮੱਦੇਨਜ਼ਰ ਚੁੱਕਿਆ ਹੈ। ਇਸ ਦੇ ਨਾਲ ਹੀ ਕੇਂਦਰੀ ਬੈਂਕ ਨੇ ਚਾਲੂ ਵਿੱਤੀ ਸਾਲ 2022-23 ਲਈ ਕੁੱਲ ਘਰੇਲੂ ਉਤਪਾਦ (ਜੀ ਡੀ ਪੀ) ਵਿਕਾਸ ਦਰ ਦਾ ਅਨੁਮਾਨ ਸੱਤ ਫੀਸਦੀ ਤੋਂ ਘਟਾ ਕੇ 6.8 ਫੀਸਦੀ ਕਰ ਦਿੱਤਾ ਹੈ। ਰੈਪੋ ਦਰ 'ਚ ਵਾਧੇ ਦਾ ਮਤਲਬ ਹੈ ਕਿ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਤੋਂ ਉਧਾਰ ਲੈਣਾ ਮਹਿੰਗਾ ਹੋਵੇਗਾ ਅਤੇ ਮੌਜੂਦਾ ਕਰਜ਼ਿਆਂ ਦੀ ਮਹੀਨਾਵਾਰ ਕਿਸ਼ਤ (ਈ ਐੱਮ ਆਈ) ਵਧੇਗੀ।

ਪੰਜਾਬ 'ਚ ਮਨਾਈ ਜਿੱਤ ਦੀ ਖੁਸ਼ੀ

ਚੰਡੀਗੜ੍ਹ, (ਗੁਰਜੀਤ ਬਿੱਲਾ)

ਦਿੱਲੀ ਨਗਰ ਨਿਗਮ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ 'ਤੇ ਪੰਜਾਬ ਦੇ ਪਾਰਟੀ ਆਗੂਆਂ ਅਤੇ ਵਰਕਰਾਂ ਚੰਡੀਗੜ੍ਹ ਸਥਿਤ ਪਾਰਟੀ ਹੈੱਡਕੁਆਰਟਰ 'ਤੇ ਇਕੱਠੇ ਹੋ ਕੇ ਲੱਡੂ ਵੰਡ ਕੇ ਇਕ-ਦੂਜੇ ਨੂੰ ਜਿੱਤ ਦੀ ਵਧਾਈ ਦਿੱਤੀ।

ਕੈਬਨਿਟ ਮੰਤਰੀ ਬ੍ਰਹਮ ਸੰਕਰ ਜਿੰਪਾ, ਚੇਤਨ ਸਿੰਘ ਜੌੜਾਮਾਜਰਾ, ਲਾਲਚੰਦ ਕਟਾਰੂ ਚੱਕ, ਹਰਭਜਨ ਸਿੰਘ ਈ ਟੀ ਓ ਅਤੇ ਲਾਲਜੀਤ ਸਿੰਘ ਭੁੱਲਰ ਨੇ ਪਾਰਟੀ ਆਗੂਆਂ ਤੇ ਵਰਕਰਾਂ ਨਾਲ ਢੋਲ ਦੀ ਤਾਲ 'ਤੇ ਭੰਗੜਾ ਪਾ ਕੇ ਜਿੱਤ ਦੀ ਖੁਸ਼ੀ ਮਨਾਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ 'ਆਪ' ਆਗੂਆਂ ਨੇ ਕਿਹਾ ਕਿ ਦੇਸ਼ ਭਰ 'ਚ ਲੋਕ ਆਮ ਆਦਮੀ ਪਾਰਟੀ ਨੂੰ ਪਸੰਦ ਕਰ ਰਹੇ ਹਨ। ਦੇਸ਼ ਦੇ ਲੋਕ ਹੁਣ ਭਾਜਪਾ-ਕਾਂਗਰਸ ਦੀ ਰਾਜਨੀਤੀ ਤੋਂ ਤੰਗ ਆ ਚੁੱਕੇ ਹਨ ਅਤੇ ਆਮ ਆਦਮੀ ਪਾਰਟੀ ਨੂੰ ਚੰਗੇ ਬਦਲ ਵਜੋਂ ਦੇਖ ਰਹੇ ਹਨ। ਆਮ ਆਦਮੀ ਪਾਰਟੀ ਇੱਕ ਤੋਂ ਬਾਅਦ ਇੱਕ ਲਗਾਤਾਰ ਵੱਡੀਆਂ ਜਿੱਤਾਂ ਦਰਜ ਕਰ ਰਹੀ ਹੈ।

ਨਿਰਮਲਾ ਸੀਤਾਰਮਨ 100 ਸਭ ਤੋਂ ਸ਼ਕਤੀਸ਼ਾਲੀ ਔਰਤਾਂ 'ਚ

ਨਿਊਯਾਰਕ : ਫੋਰਬਸ ਦੀ ਵਿਸ਼ਵ ਦੀਆਂ 100 ਸਭ ਤੋਂ ਸ਼ਕਤੀਸ਼ਾਲੀ ਔਰਤਾਂ ਦੀ ਸੂਚੀ 'ਚ ਵਿੱਤ ਮੰਤਰੀ ਨਿਰਮਲਾ ਸੀਤਾਰਾਮਨ, ਬਾਇਓਕਾਨ ਦੀ ਕਾਰਜਕਾਰੀ ਚੇਅਰਪਰਸਨ ਕਿਰਨ ਮਜੂਮਦਾਰ-ਸ਼ਾਅ ਅਤੇ ਨਿਆਕਾ ਦੀ ਸੰਸਥਾਪਕ ਫਾਲਗੁਨੀ ਨਾਇਰ ਸਮੇਤ ਛੇ ਭਾਰਤੀ ਸ਼ਾਮਲ ਹਨ। ਸੀਤਾਰਮਨ, ਜੋ ਸੂਚੀ 'ਚ 36ਵੇਂ ਨੰਬਰ 'ਤੇ ਹਨ, ਨੇ ਲਗਾਤਾਰ ਚੌਥੀ ਵਾਰ ਇਸ ਸੂਚੀ 'ਚ ਜਗ੍ਹਾ ਬਣਾਈ ਹੈ। ਸਾਲ 2021 'ਚ ਉਹ 37ਵੇਂ, 2020 'ਚ 41ਵੇਂ ਅਤੇ 2019 'ਚ 34ਵੇਂ ਸਥਾਨ 'ਤੇ ਸਨ। ਸੂਚੀ ਵਿਚ ਸ਼ਾਮਲ ਹੋਰਨਾਂ ਭਾਰਤੀਆਂ 'ਚ ਐੱਚ ਸੀ ਐੱਲ ਟੈਕ ਦੀ ਚੇਅਰਪਰਸਨ ਰੋਸ਼ਨੀ ਨਾਦਰ ਮਲਹੋਤਰਾ (53ਵੇਂ), ਸਕਿਓਰਿਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ (ਸੇਬੀ) ਦੀ ਚੇਅਰਪਰਸਨ ਮਧਾਬੀ ਪੁਰੀ ਬੁਚ (54ਵੇਂ), ਸਟੀਲ ਅਥਾਰਟੀ ਆਫ ਇੰਡੀਆ ਦੀ ਚੇਅਰਪਰਸਨ ਸੋਮਾ ਮੰਡਲ (67ਵੇਂ) ਸਥਾਨ 'ਤੇ ਹਨ।

ਬੱਬੂ ਮਾਨ ਤੇ ਮਨਕੀਰਤ ਔਲਖ ਤੋਂ ਪੁੱਛਗਿੱਛ

ਮਾਨਸਾ : ਸਿੱਧੂ ਮੂਸੇਵਾਲਾ ਕਤਲ ਕੇਸ ਸੰਬੰਧੀ ਬੁੱਧਵਾਰ ਐੱਸ ਆਈ ਟੀ ਨੇ ਨਾਮਵਾਰ ਪੰਜਾਬੀ ਗਾਇਕ ਬੱਬੂ ਮਾਨ ਅਤੇ ਮਨਕੀਰਤ ਔਲਖ ਤੋਂ ਪੁੱਛਗਿੱਛ ਕੀਤੀ। ਇਸ ਸਮੇਂ ਪੁਲਸ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ। ਇਸ ਤੋਂ ਪਹਿਲਾਂ ਮਾਨਸਾ ਪੁਲਸ ਨੇ ਬੱਬੂ ਮਾਨ ਅਤੇ ਮਨਕੀਰਤ ਔਲਖ ਸਮੇਤ ਹੋਰਨਾਂ ਨੂੰ ਪੁੱਛ-ਪੜਤਾਲ ਲਈ ਤਲਬ ਕੀਤਾ ਸੀ। ਮਾਨਸਾ ਦੇ ਸੀਨੀਅਰ ਪੁਲਸ ਅਧਿਕਾਰੀ ਨੇ ਇਨ੍ਹਾਂ ਗਾਇਕਾਂ ਤੋਂ ਪੁੱਛ-ਪੜਤਾਲ ਦੀ ਪੁਸ਼ਟੀ ਕੀਤੀ ਹੈ।

ਚੋਰੀ ਦੀ ਕਾਰ ਤੇ 2 ਲੱਖ ਰੁਪਏ ਬਰਾਮਦ, ਔਰਤ ਸਮੇਤ ਚਾਰ ਮੁਲਜ਼ਮ ਗ੍ਰਿਫ਼ਤਾਰ

ਟਾਂਡਾ ਉੜਮੁੜ (ਜਸਵਿੰਦਰ ਸੰਧੂ ,ਉਂਕਾਰ ਸਿੰਘ)-ਐਸ ਐਚ ਓ ਮਲਕੀਅਤ ਸਿੰਘ ਮੁੱਖ ਅਫਸਰ ਥਾਣਾ ਟਾਂਡਾ ਨੇ ਦੱਸਿਆ ਕਿ ਏ. ਐਸ. ਆਈ ਅਮਰਜੀਤ ਸਿੰਘ ਆਪਣੀ ਪਾਰਟੀ ਨਾਲ ਜਦੋਂ ਗਸ਼ਤ ਦੌਰਾਨ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ ਤਾਂ ਕਰੀਬ 11 ਵਜੇ ਟਾਂਡਾ ਸਾਈਡ ਤੋਂ ਚਿੱਟੇ ਰੰਗ ਦੀ ਬਰੇਜਾ ਕਾਰ ਨੰਬਰ PB12 AC 5772 ਨੂੰ ਸ਼ੱਕ ਦੀ ਬਿਨਾਹ 'ਤੇ ਰੋਕ ਕੇ ਤਲਾਸ਼ੀ ਲਈ ਤਾਂ ਕਾਰ ਵਿਚੋਂ 2 ਲੱਖ ਰੁਪਏ ਦੀ ਭਾਰਤੀ ਕਰੰਸੀ ਅਤੇ ਗੱਡੀ ਦੇ ਜਾਅਲੀ ਦਸਤਾਵੇਜ ਬ੍ਰਾਮਦ ਹੋਏ। ਕਾਰ ਵਿਚ ਤਿੰਨ ਨੌਜਵਾਨ ਅਤੇ ਇਕ ਔਰਤ ਮੌਜੂਦ ਸੀ, ਜਿਨ੍ਹਾਂ ਦੀ ਪਛਾਣ ਦਰਸ਼ਨ ਸਿੰਘ ਪੁੱਤਰ ਰੋਸ਼ਮ ਸਿੰਘ ਵਾਸੀ ਰਣਗੜ੍ਹ ਥਾਣਾ ਘਰਿੰਡਾ, ਵਿਜੇਪਾਲ ਪੁੱਤਰ ਭੁਪਿੰਦਰ ਸਿੰਘ ਵਾਸੀ ਰਣਗੜ੍ਹ ਥਾਣਾ ਘਰਿੰਡਾ, ਅੰਮ੍ਰਿਤਸਰ, ਗੁਲਸ਼ਨ ਕੁਮਾਰ ਲੱਖੀ ਦਾਸ ਵਾਸੀ ਚੱਕ ਮਹਿਰਾ ਥਾਣਾ ਦਸੂਹਾ ਅਤੇ ਰੀਨਾ

● ਬਾਕੀ ਸਫ਼ਾ 2 'ਤੇ

ਭਾਰਤ 'ਚ ਤੇਜ਼ੀ ਨਾਲ ਤੱਤਾ ਹੋ ਰਿਹਾ ਮੌਸਮ

ਤਿਰੂਅਨੰਤਪੁਰਮ : ਕੁਝ ਦਹਾਕਿਆਂ 'ਚ ਹਜ਼ਾਰਾਂ ਲੋਕਾਂ ਦੀ ਜਾਨ ਲੈ ਚੁੱਕੀ ਲੂ ਭਾਰਤ 'ਚ ਚਿੰਤਾਜਨਕ ਢੰਗ ਨਾਲ ਵਧ ਰਹੀ ਹੈ ਅਤੇ ਭਾਰਤ ਛੇਤੀ ਹੀ ਦੁਨੀਆ ਦਾ ਪਹਿਲਾ ਦੇਸ਼ ਹੋਵੇਗਾ, ਜਿਥੇ ਅਜਿਹੀਆਂ ਤੱਤੀਆਂ ਹਵਾਵਾਂ ਇਨਸਾਨ ਦੀ ਬਰਦਾਸ਼ਤ ਤੋਂ ਬਾਹਰ ਹੋਣਗੀਆਂ। ਵਿਸ਼ਵ ਬੈਂਕ ਦੀ ਨਵੀਂ ਰਿਪੋਰਟ 'ਚ ਕਿਹਾ ਗਿਆ ਹੈ ਕਿ ਦੇਸ਼ 'ਚ ਗਰਮੀਆਂ ਦਾ ਮੌਸਮ ਲੰਮਾ ਚੱਲ ਰਿਹਾ ਹੈ। ਇਹ ਮੌਸਮ ਛੇਤੀ ਸ਼ੁਰੂ ਹੁੰਦਾ ਹੈ ਤੇ ਦੇਰ ਤੱਕ ਚਲਦਾ ਹੈ। ਰਿਪੋਰਟ 'ਚ ਕਿਹਾ ਗਿਆ ਹੈ—ਅਪਰੈਲ 2022 'ਚ, ਭਾਰਤ ਸਮੇਂ ਤੋਂ ਪਹਿਲਾਂ ਲੂ ਦੀ ਲਪੇਟ 'ਚ ਆ ਗਿਆ, ਜਿਸ ਨਾਲ ਆਮ ਜੀਵਨ ਠੱਪ ਹੋ ਗਿਆ ਅਤੇ ਰਾਜਧਾਨੀ ਨਵੀਂ ਦਿੱਲੀ 'ਚ ਤਾਪਮਾਨ 46 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ। ਮਾਰਚ ਦੇ ਮਹੀਨੇ 'ਚ ਤਾਪਮਾਨ 'ਚ ਰਿਕਾਰਡ ਵਾਧਾ ਹੋਇਆ ਅਤੇ ਇਹ ਇਤਿਹਾਸ 'ਚ ਸਭ ਤੋਂ ਗਰਮ ਮਾਰਚ ਮਹੀਨੇ ਵਜੋਂ ਉਭਰਿਆ। ਰਿਪੋਰਟ ਦੇ ਅਨੁਸਾਰ 'ਜੀ-20 ਕਲ

8-DEC-PAGE-1.qxd 12/7/2022 10:30 PM Page 2

ਰਾਘਵ ਚੱਢਾ ਨੇ ਧਨਖੜ ਨੂੰ ਨਵੀਂ ਪਾਰੀ ਦੀ ਸ਼ੁਰੂਆਤ ਲਈ ਦਿੱਤੀਆਂ ਸ਼ੁੱਭਕਾਮਨਾਵਾਂ

ਚੰਡੀਗੜ੍ਹ, (ਨਵਾਂ ਜ਼ਮਾਨਾ ਸਰਵਿਸ)-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਤੋਂ ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਅੱਜ ਰਾਜ ਸਭਾ ਵਿੱਚ ਭਾਰਤ ਦੇ ਉਪ ਰਾਸਟਰਪਤੀ ਜਗਦੀਪ ਧਨਖੜ ਨੂੰ ਉਨ੍ਹਾਂ ਦੀ ਇਸ ਨਵੀਂ ਪਾਰੀ ਲਈ ਸੁੱਭਕਾਮਨਾਵਾਂ ਦਿੱਤੀਆਂ। ਬੁੱਧਵਾਰ ਨੂੰ ਰਾਜ ਸਭਾ ਵਿੱਚ ਆਪਣੇ ਸੰਬੋਧਨ ਵਿੱਚ ਰਾਘਵ ਚੱਢਾ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਵੱਲੋਂ ਅਤੇ ਉਨ੍ਹਾਂ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਉਪ ਰਾਸ਼ਟਰਪਤੀ ਜਗਦੀਪ ਧਨਖੜ ਦਾ ਸਵਾਗਤ ਕਰਦੇ ਹਨ ਅਤੇ ਉਨ੍ਹਾਂ ਦੇ ਕਿਸਾਨੀ ਪਛੋਕੜ ਨੂੰ ਦੇਖਦੇ ਹੋਏ ਇਹ ਉਮੀਦ ਕਰਦੇ ਹਨ ਕਿ ਰਾਜ ਸਭਾ ਵਿੱਚ ਕਿਸਾਨਾਂ ਦੇ ਮੁੱਦਿਆਂ ਨੂੰ ਪਹਿਲਾਂ ਨਾਲੋਂ ਜ਼ਿਆਦਾ ਤਰਜੀਹ ਦਿੱਤੀ ਜਾਵੇਗੀ। ਚੱਢਾ ਨੇ ਕਿਹਾ ਕਿ ਉਹ ਸੰਸਦ ਵਿੱਚ ਖੇਤੀ ਪ੍ਰਧਾਨ ਸੂਬੇ, ਪੰਜਾਬ ਦੇ ਪ੍ਰਤੀਨਿਧੀ ਹਨ ਅਤੇ ਉਹ ਪੰਜਾਬ, ਪੰਜਾਬੀਆਂ ਅਤੇ ਕਿਸਾਨਾਂ ਨਾਲ ਜੁੜੇ ਮੁੱਦਿਆਂ ਨੂੰ ਰਾਜ ਸਭਾ ਵਿੱਚ ਜੋਰਦਾਰ ਢੰਗ ਨਾਲ ਉਠਾਉਂਦੇ ਰਹਿਣਗੇ ਅਤੇ ਉਨ੍ਹਾਂ ਨੂੰ ਭਰੋਸਾ ਹੈ ਕਿ ਉਪ ਰਾਸ਼ਟਰਪਤੀ ਉਨ੍ਹਾਂ ਨੂੰ ਪੂਰਾ ਸਮਾਂ ਅਤੇ ਸਹਿਯੋਗ ਦੇਣਗੇ। ਚੱਢਾ ਨੇ ਮਜਾਕੀਆ ਲਹਿਜੇ ਵਿੱਚ ਕਿਹਾ ਕਿ ਜਗਦੀਪ ਧਨਖੜ ਰਾਜ ਸਭਾ ਵਿੱਚ ਸਭ ਤੋਂ ਸੀਨੀਅਰ ਹਨ ਅਤੇ ਉਹ (ਚੱਢਾ) ਸਭ ਤੋਂ ਘੱਟ ਉਮਰ ਦੇ ਸਾਂਸਦ ਹਨ, ਇਸ ਲਈ ਇੱਕ ਪਰਿਵਾਰ ਦੀ ਤਰ੍ਹਾਂ ਧਨਖੜ ਉਨ੍ਹਾਂ ਦਾ ਖਾਸ ਖਿਆਲ ਰੱਖਣਗੇ। ਰਾਜ ਸਭਾ ਚੇਅਰਪਰਸਨ ਧਨਖੜ ਨੇ ਵੀ ਮਜਾਕੀਆ ਢੰਗ ਨਾਲ ਜਵਾਬ ਦਿੰਦਿਆਂ ਕਿਹਾ, "ਜਿਨ੍ਹਾਂ ਨੂੰ ਮੈਂ ਪਿਆਰ ਅਤੇ ਸਤਿਕਾਰ ਕਰਦਾ ਹਾਂ, ਉਹ ਹੀ ਸਭ ਵੱਧ ਮੁਸ਼ਕਿਲਾਂ ਦਾ ਸਾਹਮਣਾ ਕਰਦੇ ਹਨ।"

ਮਲੋਟ-ਬਠਿੰਡਾ ਮੁੱਖ ਸੜਕ ਵਿਚਕਾਰ ਰਸਤੇ ਨੂੰ ਬੰਦ ਕਰਾਉਣ ਲਈ ਵਫਦ ਡੀ ਸੀ ਨੂੰ ਮਿਲਿਆ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)- ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਵਫਦ ਸੂਬਾ ਕਮੇਟੀ ਮੈਂਬਰ ਜਸਵਿੰਦਰ ਸਿੰਘ ਝਬੇਲਵਾਲੀ ਦੀ ਅਗਵਾਈ ਹੇਠ ਡਿਪਟੀ ਕਮਿਸਨਰ ਸ੍ਰੀ ਮੁਕਤਸਰ ਸਾਹਿਬ ਨੂੰ ਮਿਲਿਆ ਤੇ ਮੰਗਾਂ ਸੰਬੰਧੀ ਮੰਗ ਪੱਤਰ ਸੌਂਪਿਆ। ਜ਼ਿਲ੍ਹਾ ਸਕੱਤਰ ਬਲਜੀਤ ਸਿੰਘ ਰੋਡੇ ਤੇ ਹਰਜਿੰਦਰ ਸਿੰਘ ਪਿੰਡ ਇਕਾਈ ਪ੍ਰਧਾਨ ਨੇ ਦੱਸਿਆ ਕਿ ਮਲੋਟ ਬਠਿੰਡਾ ਵਨ ਵੇ ਮੁੱਖ ਸੜਕ 'ਤੇ ਪਿੰਡ ਜੰਡ ਵਾਲਾ ਚੜਤ ਸਿੰਘ ਦੇ ਨਜ਼ਦੀਕ ਐੱਸ ਪੀ ਅਤੇ ਸੀ ਐੱਲ ਦੋ ਪੈਲੇਸ ਬਣੇ ਹੋਏ ਹਨ, ਜਿਨ੍ਹਾਂ ਵਿੱਚ ਲੋਕਾਂ ਦੇ ਆਉਣ ਜਾਣ ਲਈ ਮੇਨ ਸੜਕ ਦੇ ਬਿਲਕੁਲ ਵਿਚਕਾਰ ਦੀ ਖਤਰਨਾਕ ਰਸਤਾ ਬਣਾਇਆ ਗਿਆ ਹੈ, ਜਿਸ ਦੀ ਵਜਾ ਕਰਕੇ ਆਏ ਦਿਨ ਖਤਰਨਾਕ ਹਾਦਸੇ ਵਾਪਰਦੇ ਰਹਿਦੇ ਹਨ। ਪਿਛਲੇ ਦਿਨੀਂ ਪਿੰਡ ਜੰਡਵਾਲਾ ਚੜਤ ਸਿੰਘ ਦੇ ਨੌਜਵਾਨ ਦੀ ਸੜਕ ਵਿਚਕਾਰ ਬਣੇ ਕਟ ਕਰਕੇ ਖਤਰਨਾਕ ਹਾਦਸੇ ਵਿੱਚ ਮੌਤ ਹੋ ਗਈ ਸੀ, ਜਿਸ ਦਾ ਪਿੰਡ ਵਾਸੀਆਂ ਨੂੰ ਭਾਰੀ ਸਦਮਾ ਤੇ ਰੋਸ ਹੈ। ਉਨਾਂ ਦੀ ਪੁਰਜ਼ੋਰ ਮੰਗ ਹੈ ਕਿ ਸੜਕ ਵਿਚਕਾਰ, ਜੋ ਗੈਰ-ਕਨੂੰਨੀ ਰਸਤਾ ਬਣਾਇਆ ਗਿਆ ਹੈ, ਤੁਰੰਤ ਬੰਦ ਕੀਤਾ ਜਾਵੇ ਤਾਂ ਜੋ ਅੱਗੇ ਤੋਂ ਕੋਈ ਮੰਦਭਾਗੀ ਘਟਨਾ ਨਾ ਵਾਪਰੇ। ਪਿੰਡ ਵਾਸੀਆਂ ਦੀ ਦੂਸਰੀ ਮੰਗ ਜੋ ਦੇਰ ਰਾਤ ਤੱਕ ਇਨ੍ਹਾਂ ਪੈਲਸਾਂ ਵਿੱਚ ਬਹੁਤ ਉੱਚੀ ਅਵਾਜ਼ ਵਿੱਚ ਗੀਤ ਸੰਗੀਤ ਦਾ ਸ਼ੋਰ-ਸ਼ਰਾਬਾ ਹੁੰਦਾ ਰਹਿੰਦਾ ਹੈ, ਜਿਸ ਕਰਕੇ ਵਿਦਿਆਰਥੀਆਂ ਤੇ ਆਮ ਲੋਕਾਂ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਦੇ ਹੱਲ ਲਈ ਸਬੰਧਤ ਪੈਲਸਾਂ ਦੇ ਮਾਲਕਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ ਤਾਂ ਜੋ ਅੱਗੇ ਤੋਂ ਕੋਈ ਮੁਸ਼ਕਲ ਪੇਸ਼ ਨਾ ਆਵੇ।

ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੇ ਵਫਦ ਨੂੰ ਧਿਆਨ ਨਾਲ ਸੁਣਦਿਆਂ ਭਰੋਸਾ ਦਿੱਤਾ ਕਿ ਮੰਗਾਂ ਸਬੰਧੀ ਜਲਦ ਕਾਰਵਾਈ ਕਰਕੇ ਪਿੰਡ ਵਾਸੀਆਂ ਨੂੰ ਆ ਰਹੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਜੇਕਰ ਜਲਦ ਮੰਗਾਂ ਦਾ ਹੱਲ ਨਾ ਹੋਇਆ ਤਾਂ ਕਿਰਤੀ ਕਿਸਾਨ ਯੂਨੀਅਨ ਪਿੰਡ ਵਾਸੀਆਂ ਨੂੰ ਨਾਲ ਲੈ ਕੇ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਸਿੰਘ ਕੋਟਲੀ ਸੰਘਰ, ਇਕਬਾਲ ਸਿੰਘ, ਬਲਰਾਜ ਸਿੰਘ, ਕੌਰ ਸਿੰਘ, ਵਿਜੇਪਾਲ ਸਿੰਘ, ਹਰਦੀਪ ਸਿੰਘ, ਹਰਦੇਵ ਸਿੰਘ, ਗੁਰਪ੍ਰੀਤ ਸਿੰਘ, ਨਿਸ਼ਾਨ ਸਿੰਘ ਹਾਜ਼ਰ ਸਨ।

ਆੜ੍ਹਤੀਆਂ ਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਦਾ ਜਲਦੀ ਹੱਲ ਕੀਤਾ ਜਾਵੇਗਾ : ਜੱਸੀ ਸੋਹੀਆਂ ਵਾਲਾ

ਨਾਭਾ (ਵਰਿੰਦਰ ਵਰਮਾ)- ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਸਥਾਨਕ ਨਵੀਂ ਸਬਜ਼ੀ ਮੰਡੀ ਵਿਖੇ ਆੜ੍ਹਤੀਆਂ ਅਤੇ ਮੰਡੀ ਮਜ਼ਦੂਰਾਂ ਦੀਆਂ ਸਮੱਸਿਆਵਾਂ ਸੁਣਨ ਉਪਰੰਤ ਗੱਲਬਾਤ ਕਰਦਿਆਂ ਕਿਹਾ ਕਿ ਸਬਜ਼ੀ ਮੰਡੀ ਵਿੱਚ ਪਿਛਲੇਂ ਸਮੇਂ ਤੋਂ ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਜਲਦ ਹੀ ਹੱਲ ਕੀਤਾ ਜਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਸਬਜ਼ੀ ਮੰਡੀ ਦਾ ਵਧੀਆ ਢੰਗ ਨਾਲ ਵਿਕਾਸ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹਰ ਵਰਗ ਦੇ ਲੋਕਾਂ ਨੂੰ ਬਣਦੀਆਂ ਬੁਨਿਆਦੀ ਸਹੂਲਤਾਂ ਦੇਣ ਲਈ ਵਚਨਬੱਧ ਹੈ ਅਤੇ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਸੂਬਾ ਸਰਕਾਰ ਵੱਲੋਂ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਮੰਡੀ ਐਸੋਸੀਏਸ਼ਨ ਦੇ ਆੜ੍ਹਤੀਆਂ ਤੇ ਮਜ਼ਦੂਰਾਂ ਵਲੋਂ ਜੱਸੀ ਸੋਹੀਆਂ ਵਾਲਾ ਨੂੰ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦਾ ਚੇਅਰਮੈਨ ਲੱਗਣ 'ਤੇ ਸਨਮਾਨਤ ਕੀਤਾ ਗਿਆ ਅਤੇ ਨਾਭਾ ਹਲਕੇ ਨੂੰ ਇਹ ਨੁਮਾਇੰਦਗੀ ਦੇਣ ਤੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁਨੀਸ਼ ਕੁਮਾਰ, ਦਿਲਸ਼ਾਦ ਚੌਧਰੀ ਚਰਨਜੀਤ ਸਿੰਘ ਚੰਨੀ, ਰਜਿੰਦਰ ਲਾਲਾ, ਕੁਲਵਿੰਦਰ ਸਿੰਘ ਰਾਜੂ, ਸਰਬਜੀਤ ਸਿੰਘ ਮੋਨੂੰ, ਰਾਜ ਕੁਮਾਰ, ਰਵਿੰਦਰ ਸਿੰਘ ਰਵੀ, ਮਦਨ, ਸੁਰਿੰਦਰ ਪਾਲ ਤੁਲੀ ਆਦਿ ਵੀ ਮੌਜੂਦ ਸਨ।

ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਨੇ ਐਡਵਾਂਸ ਟੈਕਨਾਲੋਜੀ ਇੰਡੀਆ ਪ੍ਰਾਈਵੇਟ ਲਿਮਟਿਡ ਨਾਲ ਸਮਝੌਤਾ ਕੀਤਾ ਸਾਈਨ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਫਤਹਿਗੜ੍ਹ ਸਾਹਿਬ ਨੇ ਐਡਵਾਂਸ ਟੈਕਨਾਲੋਜੀ ਇੰਡੀਆ ਪ੍ਰਾਈਵੇਟ ਲਿਮਟਿਡ ਨਾਲ ਸਮਝੌਤਾ ਪੱਤਰ ਸਾਈਨ ਕੀਤਾ ਹੈ। ਇਸ ਦੇਤਹਿਤ ਕੰਪਨੀ ਇਲੈਕਟ੍ਰਾਨਿਕਸ ਅਤੇ ਮਕੈਨੀਕਲ ਇੰਜਨੀਅਰਿੰਗ ਦੇ ਵਿਦਿਆਰਥੀਆਂ ਨੂੰ ਸਿਖਲਾਈ ਅਤੇ ਪਲੇਸਮੈਂਟ ਦੀ ਪੇਸ਼ਕਸ਼ ਕਰੇਗੀ । ਐਡਵਾਂਸ ਟੈਕਨਾਲੋਜੀ ਇੰਡੀਆ ਪ੍ਰਾਈਵੇਟ ਲਿਮਟਿਡ ਇੱਕ ਡਿਜ਼ਾਈਨ ਹਾਊਸ ਹੈ ਜੋ ਸੰਕਲਪ ਤੋਂ ਅਸਲੀਅਤ ਤੱਕ ਬਾਕਸ ਹੱਲ ਪ੍ਰਦਾਨ ਕਰਦਾ ਹੈ। ਇਹ ਸਮਾਲ ਸਕੇਲ ਇੰਡਸਟਰੀਜ਼ ਜ਼ੀਰਕਪੁਰ ਪ੍ਰਸ਼ਾਸਨ ਕੋਲ ਰਜਿਸਟਰਡ ਹੈ। ਇਸ ਮੌਕੇ ਮਕੈਨੀਕਲ ਇੰਜਨੀਅਰਿੰਗ ਵਿਭਾਗ ਦੇ ਮੁਖੀ ਡਾ. ਬੀ ਐਸ ਭੁੱਲਰ ਅਤੇ ਇਲੈਕਟ੍ਰੋਨਿਕਸ ਇੰਜਨੀਅਰਿੰਗ ਵਿਭਾਗ ਦੇ ਮੁਖੀ ਡਾ. ਕਿਰਨਪ੍ਰੀਤ ਕੌਰ ਨੇ ਕਿਹਾ ਕਿ ਸਮਝੌਤੇ ਦੇ ਹਿੱਸੇ ਵਜੋਂ, ਕੰਪਨੀ ਵਿਦਿਆਰਥੀਆਂ ਨੂੰ ਇੰਟਰਨਸ਼ਿਪ ਪ੍ਰੋਗਰਾਮ ਮੁਹੱਈਆ ਕਰਵਾਏਗੀ ਅਤੇ ਫਿਰ ਇੱਕ ਸਮੈਸਟਰ ਦੀ ਸਿਖਲਾਈ ਦੇ ਸਫਲਤਾਪੂਰਵਕ ਮੁਕੰਮਲ ਹੋਣ 'ਤੇ, ਕੰਪਨੀ ਹਾਊਸ ਜੌਬ ਦੀ ਪੇਸ਼ਕਸ਼ ਵੀ ਕਰੇਗੀ। ਉਨ੍ਹਾਂ ਕਿਹਾ ਕਿ ਇਸ ਸਮਝੌਤੇ ਨਾਲ ਵਿਦਿਆਰਥੀਆਂ, ਫੈਕਲਟੀ, ਉਦਯੋਗ ਅਤੇ ਸੰਸਥਾਨ ਨੂੰ ਲਾਭ ਹੋਵੇਗਾ। ਇਸ ਦਾ ਮੁੱਖ ਉਦੇਸ਼ ਉਦਯੋਗ ਅਤੇ ਤਕਨੀਕੀ ਸਿੱਖਿਆ ਦੇ ਵਿਚਕਾਰ ਪਾੜੇ ਨੂੰ ਪੂਰਾ ਕਰਨਾ ਅਤੇ ਅਤੇ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਨੂੰ ਜਾਗਰੂਕ ਕਰਨਾ ਸੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਲਖਵੀਰ ਸਿੰਘ ਨੇ ਕਿਹਾ ਕਿ ਇਲੈਕਟ੍ਰੋਨਿਕਸ ਅਤੇ ਮਕੈਨੀਕਲ ਇੰਜੀਨੀਅਰਿੰਗ ਭਾਰਤੀ ਖੇਤਰ ਵਿੱਚ ਪਰੰਪਰਾਗਤ ਪਰ ਤੇਜ਼ੀ ਨਾਲ ਫੈਲਣ ਵਾਲਾ ਬਜ਼ਾਰ ਹੈ। ਉਹਨਾਂ ਕਿਹਾ ਕਿ ਇਸ ਸਮਝੌਤੇ ਤਹਿਤ ਵਿਦਿਆਰਥੀਆਂ ਨੂੰ ਕਾਫੀ ਲਾਭ ਪਹੁੰਚੇਗਾ ।ਉਹਨਾਂ ਐਡਵਾਂਸ ਟੈਕਨਾਲੋਜੀ ਇੰਡੀਆ ਪ੍ਰਾਈਵੇਟ ਲਿਮਟਿਡ ਦੀ ਆਈ ਹੋਈ ਸਾਰੀ ਟੀਮ ਅਤੇ ਇਲੈਕਟ੍ਰੋਨਿਕਸ ਅਤੇ ਮਕੈਨੀਕਲ ਇੰਜਨੀਅਰਿੰਗ ਵਿਭਾਗ ਨੂੰ ਵਧਾਈ ਦਿੱਤੀ । ਇਸ ਮੌਕੇ ਡਾ. ਅਮਨਦੀਪ ਸਿੰਘ, ਡਾ. ਪਲਵਿੰਦਰ ਸਿੰਘ ਅਤੇ ਡਾ. ਨਿਤਿਨ ਸਿੰਗਲਾ ਵੀ ਮੌਜੂਦ ਸਨ ।

ਰਾਮਗੜ੍ਹੀਆ ਅਕਾਲ ਜਥੇਬੰਦੀ ਨੇ ਸੁਖਵੀਰ ਜਗਦੇ ਨੂੰ ਜ਼ਿਲਾ ਪ੍ਰੈੱਸ ਸਕੱਤਰ ਦਾ ਨਿਯੁਕਤੀ ਪੱਤਰ ਸੌਂਪਿਆ

ਮਹਿਲ ਕਲਾਂ (ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ)-ਰਾਮਗੜ੍ਹੀਆ ਅਕਾਲ ਜਥੇਬੰਦੀ ਹਲਕਾ ਮਹਿਲ ਕਲਾਂ ਦੀ ਮੀਟਿੰਗ ਹਲਕਾ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਪਾਤਸਾਹੀ ਛੇਵੀਂ ਮਹਿਲ ਕਲਾਂ ਵਿਖੇ ਹੋਈ। ਮੀਟਿੰਗ ਵਿੱਚ 17 ਵੀਂ ਸਦੀ ਦੇ ਮਹਾਨ ਜਰਨੈਲ ਜੱਸਾ ਸਿੰਘ ਰਾਮਗੜ੍ਹੀਆ ਦੇ ਕੁਰਬਾਨੀਆਂ ਭਰੇ ਜੀਵਨ ਸੰਬੰਧੀ ਵਿਚਾਰ ਚਰਚਾ ਹੋਈ। ਜਥੇਬੰਦੀ ਦੀ ਮਜ਼ਬੂਤੀ ਲਈ ਪਿੰਡ ਪਿੰਡ ਇਕਾਈਆਂ ਦੇ ਗਠਨ ਸੰਬੰਧੀ ਸੁਝਾਅ ਲਏ ਗਏ। ਜਥੇਬੰਦੀ ਦੇ ਆਗੂਆਂ ਵਲੋਂ ਉੱਦਮੀ ਨੌਜਵਾਨ ਸੁਖਵੀਰ ਸਿੰਘ ਜਗਦੇ ਨੂੰ ਜ਼ਿਲ੍ਹਾ ਬਰਨਾਲਾ ਦਾ ਪ੍ਰੈਸ ਸਕੱਤਰ ਐਲਾਨ ਕੇ ਨਿਯੁਕਤੀ ਪੱਤਰ ਦਿੱਤਾ ਗਿਆ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਮੰਗਲ ਸਿੰਘ ਰੁਪਾਲ, ਜਰਨੈਲ ਸਿੰਘ ਮਠਾੜੂ, ਪ੍ਰੈਸ ਸਕੱਤਰ ਜਸਪ੍ਰੀਤ ਸਿੰਘ, ਸੀ: ਮੀਤ ਪ੍ਰਧਾਨ ਨਰਿੰਦਰ ਸਿੰਘ ਸੋਹਲ, ਮੀਤ ਪ੍ਰਧਾਨ ਬਾਬਾ ਬੁੱਧ ਸਿੰਘ ਕਲਸੀ, ਜਨਰਲ ਸਕੱਤਰ ਭਰਪੂਰ ਸਿੰਘ ਜਗਦੇ, ਜੁਗਿੰਦਰ ਸਿੰਘ ਧੰਜਲ, ਗੁਰਬਖਸ਼ੀਸ਼ ਸਿੰਘ ਸਹੌਰ, ਹਰਭਜਨ ਸਿੰਘ, ਹਰਜਿੰਦਰ ਸਿੰਘ ਜਗਦੇ, ਹਰਪ੍ਰੀਤ ਸਿੰਘ ਮਠਾੜੂ, ਪ੍ਰਧਾਨ ਇੰਦਰਜੀਤ ਸਿੰਘ ਧਨੌਲਾ, ਮੀਤ ਪ੍ਰਧਾਨ ਸੁਖਵਿੰਦਰ ਸਿੰਘ, ਜਰਨਲ ਸਕੱਤਰ ਰਣਜੀਤ ਸਿੰਘ ਧੌਲਾ ਆਦਿ ਹਾਜ਼ਰ ਸਨ।

ਹਥਿਆਰਾਂ ਦੀ ਨੁਮਾਇਸ਼ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ : ਡੀ ਐੱਸ ਪੀ, ਥਾਣਾ ਮੁਖੀ

ਬਾਘਾ ਪੁਰਾਣਾ (ਮਨੀ ਸਿੰਗਲਾ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਡੀ ਜੀ ਪੀ ਗੌਰਵ ਯਾਦਵ ਵੱਲੋਂ ਸਖਤ ਨਿਰਦੇਸ਼ ਦਿੱਤੇ ਗਏ ਹਨ ਕਿ ਜੇਕਰ ਕੋਈ ਸੋਸ਼ਲ ਮੀਡੀਆ 'ਤੇ ਹਥਿਆਰਾਂ ਦੀ ਨੁਮਾਇਸ਼ ਕਰਦਾ ਹੈ ਤਾਂ ਉਸ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਅਤੇ ਕਿਸੇ ਨਾਲ ਵੀ ਕੋਈ ਢਿੱਲ ਨਾ ਵਰਤੀ ਜਾਵੇ ਭਾਵੇਂ ਉਹ ਕੋਈ ਵੱਡਾ ਲੀਡਰ , ਰਾਜਨੀਤਿਕ ਪਾਰਟੀ ਜਾਂ ਕੋਈ ਵੀ ਵੱਡਾ ਅਫਸਰ ਹੋਵੇ, ਸਾਰਿਆਂ ਲਈ ਕਾਨੂੰਨ ਬਰਾਬਰ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਅੱਜ ਬਾਘਾ ਪੁਰਾਣਾ ਵਿਖੇ ਬਾਘਾ ਪੁਰਾਣਾ ਦੇ ਡੀ ਐਸ ਪੀ ਜਸਜੋਤ ਸਿੰਘ ਅਤੇ ਥਾਣਾ ਮੁਖੀ ਜਤਿੰਦਰ ਸਿੰਘ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਹਲਕਾ ਬਾਘਾ ਪੁਰਾਣਾ ਅਧੀਨ ਪੈਂਦੇ ਪਿੰਡਾਂ ਅਤੇ ਕਸਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੇ ਹਥਿਆਰਾਂ ਦੀ ਸੋਸ਼ਲ ਮੀਡੀਆ ਤੋਂ ਨੁਮਾਇਸ਼ ਕਰਨ ਤੋਂ ਪ੍ਰਹੇਜ਼ ਕਰਨ ਅਤੇ ਹੱਥ ਵਿਚ ਖੁੱਲ੍ਹੇਆਮ ਹਥਿਆਰ ਫੜ ਕੇ ਘੁੰਮਣ ਉਤੇ ਵੀ ਪਾਬੰਦੀ ਲਗਾਈ ਹੈ, ਕਿਉਂਕਿ ਅਜਿਹਾ ਕਰਨ ਨਾਲ ਦਹਿਸ਼ਤ ਦਾ ਮਹੌਲ ਪੈਦਾ ਹੁੰਦਾ ਹੈ। ਉਨ੍ਹਾਂ ਕਿਹਾ ਪੰਜਾਬ ਸਰਕਾਰ ਅਤੇ ਡੀ ਜੀ ਪੀ ਪੰਜਾਬ ਵੱਲੋਂ ਪੰਜਾਬ ਵਾਸੀਆਂ ਨੂੰ ਤਿੰਨ ਦਿਨ ਦਾ ਸਮਾਂ ਦਿੱਤਾ ਸੀ ਤਾਂ ਕਿ ਜੇ ਕਿਸੇ ਦੀ ਵੀ ਹਥਿਆਰ ਨਾਲ ਸੋਸ਼ਲ ਮੀਡੀਆ 'ਤੇ ਫੋਟੋ ਜਾਂ ਵੀਡੀਓ ਪਾਈ ਹੈ ਉਹ ਡਲੀਟ ਕੀਤੀ ਜਾਵੇ ਅਤੇ ਉਹ ਸਮਾਂ ਪੂਰਾ ਹੋ ਚੁੱਕਿਆ ਹੈ, ਹੁਣ ਜੇਕਰ ਕਿਸੇ ਦੀ ਵੀ ਹਥਿਆਰਾਂ ਨਾਲ ਫੋਟੋ ਸੋਸ਼ਲ ਮੀਡੀਆ 'ਤੇ ਪਾਈ ਗਈ ਦੇਖੀ ਗਈ ਤਾਂ ਉਸ 'ਤੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਡੀ.ਐਸ.ਪੀ ਜਸਜੋਤ ਸਿੰਘ ਨੇ ਇਹ ਵੀ ਦੱਸਿਆ ਕਿ ਹੁਣ ਤੱਕ ਜ਼ਿਲ੍ਹਾ ਮੋਗਾ ਵਿਚ ਹਥਿਆਰਾਂ ਨੂੰ ਪ੍ਰਮੋਟ ਕਰਨ ਵਾਲਿਆਂ 'ਤੇ ਵੀ ਪਰਚੇ ਦਰਜ ਹੋ ਚੁੱਕੇ ਹਨ, ਜਿਨ੍ਹਾਂ ਵਿਚ ਪੰਜਾਬ ਪੁਲਸ ਦਾ ਮੁਲਾਜ਼ਮ ਵੀ ਹੈ। ਉਨ੍ਹਾਂ ਕਿਹਾ ਕਿ ਸਾਡਾ ਇੱਕੋ ਇਕ ਉਦੇਸ਼ ਆਪਣੇ ਆਪਣੇ ਹਲਕਿਆਂ ਵਿਚ ਅਮਨ ਕਾਨੂੰਨ ਦੀ ਸਥਿਤੀ ਬਣਾਈ ਰੱਖਣਾ ਹੈ। ਇਸ ਮੌਕੇ ਥਾਣਾ ਮੁਖੀ ਜਤਿੰਦਰ ਸਿੰਘ ਨੇ ਨਸ਼ੇ ਦੇ ਸੁਦਾਗਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਤਾੜਨਾ ਦਿੰਦਿਆਂ ਕਿਹਾ ਕਿ ਹਲਕੇ ਵਿਚ ਜੋ ਨਸ਼

8-Dec-PAGE-3.qxd 12/7/2022 10:44 PM Page 1

ਭੂੰਗਾ-ਢੋਲਵਾਹਾ ਸੜਕ ਨੂੰ ਪੱਕਾ ਕਰਨ ਲਈ ਲਗਾਇਆ ਧਰਨਾ

ਅੱਡਾਂ ਸਰਾਂ (ਜਸਵੀਰ ਕਾਜਲ)

ਪ੍ਰਧਾਨ ਮੰਤਰੀ ਯੋਜਨਾ ਤਹਿਤ ਪਿੰਡ ਭੂੰਗਾਂ ਤੋ ਢੋਲਵਾਹਾ ਤੱਕ ਕਰੀਬ 6.33 ਕਰੋੜ ਰੁਪਏ ਨਾਲ 7.90 ਕਿੱਲੋਮੀਟਰ ਸੜਕ 18 ਫੁੱਟੀ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਸੀ ਪਰ ਹੁਣ ਲੰਬੇ ਸਮੇਂ ਤੋਂ ਇਸ ਸੜਕ ਦਾ ਕੰਮ ਠੱਪ ਪਿਆ ਹੈ ਜਿਸ ਕਾਰਨ ਅੱਡਾਂ ਭੂੰਗਾਂ ਵਿਖੇ ਸੜਕ ਨੂੰ ਬਣਾਉਣ ਦੇ ਸਬੰਧ ਵਿੱਚ ਮਨਿੰਦਰ ਸਿੰਘ ਟਿੰਮੀ ਸ਼ਾਹੀ ਨੰਬਰਦਾਰ ਫਾਬੜਾ, ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ, ਭੁਪਿੰਦਰ ਸਿੰਘ ਜਨਰਲ ਸੈਕਟਰੀ ਕ੍ਰਿਤੀ ਕਿਸਾਨ ਯੂਨੀਅਨ ਭੂੰਗਾਂ ਦੀ ਅਗਵਾਈ ਹੇਠ ਇਲਾਕੇ ਦੇ ਸਰਪੰਚਾਂ, ਵੱਖ ਵੱਖ ਜੱਥੇਬੰਦੀਆਂ ਅਤੇ ਇਲਾਕਾ ਵਾਸੀਆਂ ਵੱਲੋਂ ਧਰਨਾ ਲਗਾਇਆ ਗਿਆ। ਸੜਕ ਦੇ ਅਧੂਰੇ ਕੰਮ ਕਾਰਨ ਇਲਾਕਾ ਨਿਵਾਸੀਆ ਨੂੰ ਬਹੁਤ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਸੰਬੋਧਨ ਕਰਦਿਆ ਰਵਿੰਦਰ ਸਿੰਘ ਕਾਹਲੋਂ ਨੇ ਕਿਹਾ ਕਿ ਇਸ ਸੜਕ ਨੂੰ ਪੱਕਾ ਕਰਨ ਦਾ ਕੰਮ 9 ਨਵੰਬਰ 2022 ਨੂੰ ਮੁਕੰਮਲ ਹੋਣਾ ਸੀ ਪਰ ਸੜਕ ਦਾ ਕੰਮ ਨਾਮਾਤਰ ਹੋਇਆ ਹੈ। ਜੋ ਸੜਕ ਨਾਲ ਜੁੜੇ ਇਲਾਕੇ ਦੇ ਪਿੰਡਾਂ ਲਈ ਵੱਡੀ ਸਮੱਸਿਆ ਬਣਿਆ ਹੋਇਆ ਹੈ। ਸੜਕ ਦਾ ਕੰਮ ਮੁਕੰਮਲ ਕਰਵਾਉਣ ਲਈ ਸੰਘਰਸ਼ ਸ਼ੁਰੂ ਕੀਤਾ ਗਿਆ ਹੈ ਜੇਕਰ ਸੜਕ ਦੇ ਕੰਮ ਵਿੱਚ ਦੇਰੀ ਹੋਈ ਤਾਂ ਇਲਾਕੇ ਨੂੰ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ। ਇਸ ਮੌਕੇ ਸੰਬੋਧਨ ਕਰਦਿਆ ਮਨਿੰਦਰ ਸਿੰਘ ਟਿੰਮੀ ਸਾਹੀ ਨੇ ਕਿਹਾ ਕਿ ਸੜਕ ਦੀ ਇਸ ਹਾਲਤ ਕਾਰਨ ਬਹੁਤ ਧੂੜ ਮਿੱਟੀ ਉੱਡਦੀ ਹੈ, ਜਿਸ ਨਾਲ ਬਿਮਾਰੀਆਂ ਭਿਆਨਕ ਰੂਪ ਧਾਰਨ ਕਰ ਰਹੀਆਂ ਹਨ। ਸੜਕ ਬਣਾਉਣ ਦਾ ਕੰਮ ਜਲਦੀ ਤੋਂ ਜਲਦੀ ਮੁਕੰਮਲ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਇਲਾਕਾ ਵਾਸੀਆ ਨੂੰ ਧਰਨੇ ਨਾ ਲਗਾਉਣੇ ਪੈਣ। ਇਸ ਮੌਕੇ ਭੁਪਿੰਦਰ ਸਿੰਘ ਜਨਰਲ ਸਕੱਤਰ ਕ੍ਰਿਤੀ ਕਿਸਾਨ ਯੂਨੀਅਨ ਨੇ ਕਿਹਾ ਕਿ ਸਰਕਾਰ ਕਿਸੇ ਵੀ ਪਾਰਟੀ ਦੀ ਹੋਵੇ ਪਰ ਇਲਾਕੇ ਨੂੰ ਆ ਰਹੀ ਇਸ ਸਮੱਸਿਆ ਦਾ ਹੱਲ ਹੋਣਾ ਬੇਹੱਦ ਜਰੂਰ ਹੈ ਜੇਕਰ ਇਸ ਸਮੱਸਿਆ ਦਾ ਹੱਲ ਨਾ ਕਰਵਾਇਆ ਗਿਆ ਤਾਂ ਇਲਾਕਾ ਨਿਵਾਸੀਆ ਵੱਲੋ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸਤਨਾਮ ਸਿੰਘ ਪ੍ਰਧਾਨ ਕਾਹਲਵਾ, ਦਿਲਪ੍ਰਤੀ ਸਿੰਘ ਭਟੋਲੀਆ, ਗੁਰਮੁੱਖ ਸਿੰਘ ਸਾਬੀ ਕਾਹਲਵਾ, ਪ੍ਰਿਤਪਾਲ ਸਿੰਘ ਯੂਥ ਆਗੂ ਭਟੋਲੀਆ, ਗੁਰਪਿੰਦਰ ਸਿੰਘ ਕਾਹਲਵਾ, ਸੁਮਨਾ ਦੇਵੀ ਸਮਾਜ ਸੇਵਿਕਾ, ਦਰਸ਼ਨ ਸਿੰਘ ਪੰਚ ਫਾਬੜਾ, ਰਘਵੀਰ ਸਿੰਘ ਵੀਰਾ, ਰਵਿੰਦਰ ਸਿੰਘ ਰਾਣਾ ਭਟੋਲੀਆ, ਧਰਮਿੰਦਰ ਸਿੰਘ ਘੁੱਗੀ ਮੈਬਰ ਪੰਚਾਇਤ ਭੂੰਗਾਂ, ਪਲਵਿੰਦਰ ਸਿੰਘ ਬਿੱਟੂ , ਕੁਲਵਿੰਦਰ ਸਿੰਘ, ਪ੍ਰਵੀਨ ਕੁਮਾਰ ਪੰਚ ਭੂੰਗਾਂ, ਰਾਮਪ੍ਰਕਾਸ਼ ਪੰਚ ਭੂੰਗਾਂ, ਭੁਪਿੰਦਰ ਸਿੰਘ ਪੰਚ ਭੂੰਗਾਂ, ਧਰਮ ਪਾਲ ਭੂੰਗਾਂ, ਕੁਲਦੀਪ ਸਿੰਘ ਰਾਣਾ, ਰਜੀਵ ਰਾਣਾ ਫਾਬੜਾ, ਦਵਿੰਦਰਪਾਲ ਪੰਚ ਫਾਬੜਾ,ਜੋਗਿੰਦਰ ਸਿੰਘ ਖਾਲਸਾ ਆਦਿ ਹਾਜਰ ਸਨ।

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਨੇ ਦਿੱਤਾ ਵਿਧਾਇਕ ਨੂੰ ਮੰਗ ਪੱਤਰ

ਮੋਰਿੰਡਾ (ਜੈਜੀ ਸਰਦਾਰ)- ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਵੱਲੋਂ ਜ਼ਿਲ੍ਹੇ ਦੇ ਮੌਜੂਦਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਮੰਗ ਪੱਤਰ ਸੌਂਪਿਆ ਗਿਆ। ਜਿਸ ਵਿੱਚ ਪਿੰਡਾਂ ਵਿੱਚ ਪ੍ਰੈਕਟਿਸ ਕਰ ਰਹੇ ਡਾਕਟਰਾਂ ਨੂੰ ਪੰਜਾਬ ਸਰਕਾਰ ਵੱਲੋਂ ਦਰਜਾ ਦੇਣ ਦੀ ਮੰਗ ਕੀਤੀ ਗਈ। ਇਸ ਸਮੇਂ ਮਜੂਦ ਜ਼ਿਲ੍ਹਾ ਚੇਅਰਮੈਨ ਸ੍ਰੀ ਸੀਤਾ ਰਾਮ ਰਾਣਾ ਨੇ ਵਿਧਾਇਕ ਚਰਨਜੀਤ ਸਿੰਘ ਨਾਲ ਵਿਚਾਰ ਵਟਾਂਦਰਾ ਕੀਤਾ ਤੇ ਉਨ੍ਹਾਂ ਨੇ ਮੈਡੀਕਲ ਪ੍ਰੈਕਟੀਸ਼ਨਰਜ ਦੇ ਡਾਕਟਰਾਂ ਨੂੰ ਪੰਜਾਬ ਸਰਕਾਰ ਵੱਲੋਂ ਰਜਿਸਟ੍ਰੇਸ਼ਨ ਕਰਵਾਉਣ ਦੀ ਮੰਗ ਕੀਤੀ ਤਾਂ ਕਿ ਜੋ ਪਿੰਡਾਂ ਵਿੱਚ ਪ੍ਰੈਕਟਿਸ ਕਰ ਰਹੇ ਡਾਕਟਰਾਂ ਆਪਣੇ ਕੰਮ ਨੂੰ ਹੋਰ ਵੀ ਵਧੀਆ ਢੰਗ ਨਾਲ ਕਰਨ ਵਿੱਚ ਸਮਰੱਥ ਹੋ ਸਕਣ। ਇਸ ਸਮੇਂ ਮੋਰਿੰਡਾ ਬਲਾਕ ਦੇ ਪ੍ਰਧਾਨ ਪਾਲ ਸਿੰਘ ਕਲ੍ਹੇੜੀ, ਚੈਅਰਮੈਨ ਡਾਕਟਰ ਕਰਨੈਲ ਸਿੰਘ, ਜਰਨਲ ਸਕੱਤਰ ਡਾਕਟਰ ਰਾਜ ਮਸਾਲ, ਡਾਕਟਰ ਰਾਜੂ ਸਮਾਣਾ, ਡਾਕਟਰ ਮੋਹਿੰਦਰ ਸਿੰਘ , ਡਾਕਟਰ ਧਰਮਿੰਦਰ ਅਰਨੌਲੀ,ਡਾਕਟਰ ਜਸਵੰਤ ਸਿੰਘ, ਡਾਕਟਰ ਜਸਵਿੰਦਰ ਸਿੰਘ, ਡਾਕਟਰ ਗੁਰਦਰਸਨ ਸਿੰਘ, ਡਾਕਟਰ ਜੰਗ ਸਰਹਾਣਾ, ਡਾਕਟਰ ਅਜੀਤ ਚੱਕਲਾਂ, ਡਾਕਟਰ ਨਵਦੀਪ ਸੋਮਲ, ਡਾਕਟਰ ਪ੍ਰਿਤਪਾਲ ਸਨੀ ਆਦਿ ਨੇ ਇਸ ਸਮੇਂ ਸ਼ਮੂਲੀਅਤ ਕੀਤੀ।

ਪੰਜਾਬ 'ਚ ਟੈਕਸ ਅੱਤਵਾਦ ਚੱਲ ਰਿਹੈ : ਵੜਿੰਗ

ਚੰਡੀਗੜ੍ਹ (ਗੁਰਜੀਤ ਬਿੱਲਾ)

ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਵਿੱਚ ਫੈਲਾਏ ਜਾ ਰਹੇ ਟੈਕਸ ਅੱਤਵਾਦ 'ਤੇ ਹਮਲਾ ਬੋਲਿਆ ਹੈ। ਉਨ੍ਹਾਂ ਕਿਹਾ ਕਿ ਤੁਸੀਂ ਕਾਨੂੰਨ ਲਾਗੂ ਕਰਵਾਓ, ਪਰ ਵਪਾਰੀਆਂ ਵਿੱਚ ਦਹਿਸ਼ਤ ਨਾ ਫੈਲਾਓ। ਕਰ ਵਿਭਾਗ ਵੱਲੋਂ ਸੂਬੇ ਭਰ ਵਿੱਚ ਮਾਰੇ ਗਏ ਛਾਪਿਆਂ 'ਤੇ ਪ੍ਰਤੀਕਰਮ ਦਿੰਦਿਆਂ ਵੜਿੰਗ ਨੇ ਕਿਹਾ ਕਿ ਸਰਕਾਰ ਵੱਡੇ ਪੱਧਰ 'ਤੇ ਸ਼ਰਾਬ ਘੁਟਾਲੇ ਵਿੱਚ ਸ਼ਾਮਲ ਹੋਣ ਦੇ ਗੰਭੀਰ ਦੋਸ਼ ਝੱਲ ਰਹੀ ਹੈ, ਜੋ ਆਪਣੇ ਟੈਕਸ ਅਧਿਕਾਰੀਆਂ ਰਾਹੀਂ ਛੋਟੇ ਕਾਰੋਬਾਰੀਆਂ ਅਤੇ ਵਪਾਰੀਆਂ 'ਤੇ ਆਪਣਾ ਗੁੱਸਾ ਕੱਢ ਰਹੀ ਹੈ। ਅਜਿਹੇ ਛਾਪਿਆਂ ਬਾਰੇ ਸਵਾਲ ਕਰਦਿਆਂ ਉਨ੍ਹਾਂ ਕਿਹਾ ਕਿ ਜੇਕਰ ਜੀਐਸਟੀ ਅਧਿਕਾਰੀਆਂ ਨੂੰ ਕੋਈ ਸ਼ੰਕਾ ਹੈ ਜਾਂ ਕੋਈ ਜਾਣਕਾਰੀ ਚਾਹੀਦੀ ਹੈ ਤਾਂ ਉਹ ਸਿੱਧੇ ਤੌਰ 'ਤੇ ਸਬੰਧਤ ਵਪਾਰੀਆਂ ਤੇ ਕਾਰੋਬਾਰੀਆਂ ਨੂੰ ਆਪਣੇ ਦਫਤਰ ਬੁਲਾ ਕੇ ਸਥਿਤੀ ਸਪੱਸ਼ਟ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਤੁਹਾਡੀ ਤਸੱਲੀ ਨਹੀਂ ਹੈ ਤਾਂ ਤੁਸੀਂ ਜਾਂਚ ਨੂੰ ਅੱਗੇ ਲੈ ਕੇ ਕਾਰੋਬਾਰੀ ਦੇ ਕੰਪਲੈਕਸ ਜਾ ਸਕਦੇ ਹੋ। ਪਰ ਅਧਿਕਾਰੀਆਂ ਵੱਲੋਂ ਅਜਿਹਾ ਡਰ ਅਤੇ ਦਹਿਸ਼ਤ ਦਾ ਮਾਹੌਲ ਕਿਉਂ ਬਣਾਇਆ ਜਾ ਰਿਹਾ ਹੈ, ਜਿਵੇਂ ਤੁਸੀਂ ਕਿਸੇ ਅੱਤਵਾਦੀ ਦੀ ਭਾਲ ਵਿੱਚ ਛਾਪੇਮਾਰੀ ਕਰ ਰਹੇ ਹੋਵੋ। ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਟੈਕਸ ਅਧਿਕਾਰੀਆਂ ਨੇ ਕਰਿਆਨੇ ਅਤੇ ਭਾਂਡਿਆਂ ਦੀਆਂ ਦੁਕਾਨਾਂ ਵਰਗੇ ਛੋਟੇ ਕਾਰੋਬਾਰਾਂ 'ਤੇ ਛਾਪੇਮਾਰੀ ਕੀਤੀ ਹੈ। ਹੈਰਾਨੀ ਦੀ ਗੱਲ ਹੈ ਕਿ ਸਰਕਾਰ ਅਜਿਹੇ ਛਾਪੇ ਮਾਰ ਕੇ ਅਜਿਹਾ ਕੀ ਦੱਸਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਤੋਂ ਕੁਝ ਵੀ ਸਾਹਮਣੇ ਨਹੀਂ ਆਵੇਗਾ। ਇਹ ਸਰਕਾਰ ਦੀ ਨਿਰਾਸ਼ਾ ਨੂੰ ਹੀ ਦਰਸਾਉਂਦੀ ਹੈ, ਜਿਸ ਨੇ ਸੂਬੇ ਨੂੰ ਦੀਵਾਲੀਏਪਣ ਵੱਲ ਧੱਕ ਦਿੱਤਾ ਹੈ ਅਤੇ ਹੁਣ ਛੋਟੇ ਦੁਕਾਨਦਾਰਾਂ ਨੂੰ ਪ੍ਰੇਸ਼ਾਨ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਵੜਿੰਗ ਨੇ ਕਿਹਾ ਕਿ ਇੱਕ ਪਾਸੇ ਤਾਂ ਸਰਕਾਰ ਵੱਡੇ ਸ਼ਰਾਬ ਕਾਰੋਬਾਰੀਆਂ ਨੂੰ ਮਿਲੀਭੁਗਤ ਕਰਕੇ ਛੱਡ ਰਹੀ ਹੈ, ਜਦਕਿ ਦੂਜੇ ਪਾਸੇ ਛੋਟੇ ਵਪਾਰੀਆਂ ਅਤੇ ਕਾਰੋਬਾਰੀਆਂ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਪੈਦਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਪਹਿਲਾਂ ਹੀ ਜੀ.ਐਸ.ਟੀ ਦੇ ਗਲਤ ਲਾਗੂ ਹੋਣ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰ ਰਿਹਾ ਸੀ ਅਤੇ ਹੁਣ ਸੂਬਾ ਸਰਕਾਰ ਦੇ ਅਧਿਕਾਰੀਆਂ ਵੱਲੋਂ ਛਾਪੇਮਾਰੀ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਹੋਰ ਵਧ ਗਈਆਂ ਹਨ।

ਪ੍ਰਸ਼ਾਸਨ ਅੜੀਅਲ ਵਤੀਰਾ ਤਿਆਗੇ : ਥੰਮੂਵਾਲ

ਸ਼ਾਹਕੋਟ (ਗਿਆਨ ਸੈਦਪੁਰੀ)

ਨਰੇਗਾ ਕਨੂੰਨ ਤਹਿਤ ਪਿੰਡਾਂ ਦੇ ਗਰੀਬ ਅਤੇ ਮਿਹਨਤਕਸ਼ ਲੋਕਾਂ ਨੂੰ ਕੰਮ ਦੀ ਗਰੰਟੀ ਦਿੱਤੀ ਗਈ ਹੈ । ਪ੍ਰਸ਼ਾਸਨ ਦੇ ਗੈਰ ਜ਼ੀਮੇਵਰਾਨਾ ਰਵੱਈਏ ਕਾਰਨ ਮਜਦੂਰਾਂ ਨੂੰ ਕੰਮ ਨਹੀਂ ਮਿਲ ਰਿਹਾ। ਉਕਤ ਵਿਚਾਰਾਂ ਦਾ ਪ੍ਰਗਟਾਵਾ ਸੀ.ਪੀ.ਆਈ ਤਹਿਸੀਲ ਸ਼ਾਹਕੋਟ ਨਕੋਦਰ ਦੇ ਸਕੱਤਰ ਕਾਮਰੇਡ ਚਰਨਜੀਤ ਥੰਮੂਵਾਲ ਨੇ ਕੀਤਾ। ਉਹ ਬੀ.ਡੀ.ਪੀ.ਓ. ਮਹਿਤਪੁਰ ਦੇ ਦਫਤਰ ਅੱਗੇ ਮਨਰੇਗਾ ਵਰਕਰਾਂ ਦੇ ਰੋਸ ਧਰਨੇ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵਲੋਂ ਕੰਮ ਦੇਣ ਦਾ ਕਈ ਵਾਰ ਮਜਦੂਰ ਆਗੂਆਂ ਨੂੰ ਭਰੋਸਾ ਦੇਣ ਦੇ ਬਾਵਜੂਦ ਮਜਦੂਰ ਵਿਹਲੇ ਬੈਠੇ ਹਨ। ਹੋਰ ਤਾਂ ਹੋਰ ਜੇਕਰ ਕਿਧਰੇ ਕੰਮ ਮਿਲ ਹੀ ਜਾਂਦਾ ਤਾਂ ਉਸ ਦਾ ਮਿਹਨਤਾਨਾ ਸਮੇਂ ਸਿਰ ਨਹੀਂ ਦਿੱਤਾ ਜਾਂਦਾ। ਥੰਮੂਵਾਲ ਨੇ ਕਿਹਾ ਕਿ ਸੀ.ਪੀ.ਆਈ. ਤਹਿਸੀਲ ਫਿਲੌਰ ਦੇ ਸਕੱਤਰ ਕਾਮਰੇਡ ਰਛਪਾਲ ਕੈਲੇ ਦੀ ਅਗਵਾਈ ਵਿੱਚ ਪਿਛਲੇ ਦਿਨ ਇੱਕ ਵਫਦ ਏ.ਡੀ.ਸੀ ਜਲੰਧਰ ਨੂੰ ਮਿਲਿਆ ਸੀ। ਏ.ਡੀ.ਸੀ .ਨੇ ਵਫਦ ਨੂੰ ਭਰੋਸਾ ਦਿੱਤਾ ਸੀ ਕਿ ਜ਼ਿਲ੍ਹੇ ਭਰ ਦੇ ਮਨਰੇਗਾ ਮਜਦੂਰਾਂ ਦੀਆਂ ਮੁਸ਼ਕਲਾਂ ਦਾ ਜਲਦੀ ਹੱਲ ਕੀਤਾ ਜਾਵੇਗਾ। ਅੱਜ ਤੱਕ ਵੀ ਦਿੱਤੇ ਗਏ ਭਰੋਸੇ 'ਤੇ ਅਮਲ ਨਹੀਂ ਹੋਇਆ। ਧਰਨੇ ਨੂੰ ਕਾਮਰੇਡ ਸੁਨੀਲ ਕੁਮਾਰ,ਕਾਮਰੇਡ ਸਿਕੰਦਰ ਸੰਧੂ, ਕਾਮਰੇਡ ਸਵਰਨ ਸਿੰਘ ਕਾਕੜ,ਕਾਂਤਾ ਦੇਵੀ ਅਤੇ ਨਿਰਮਲ ਕੌਰ ਨੇ ਵੀ ਸੰਬੋਧਨ ਕੀਤਾ। ਆਗੂਆਂ ਨੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਜੇ ਉਸ ਨੇ ਅੜੀਅਲ ਵਤੀਰਾ ਨਾ ਛੱਡਿਆ ਤਾਂ ਤਿੱਖਾ ਸੰਘਰਸ਼ ਕਰ ਦਿੱਤਾ ਜਾਵੇਗਾ।ਕੈਪਸ਼ਨ- ਧਰਨੇ ਨੂੰ ਸੰਬੋਧਨ ਕਰਦੇ ਹੋਏ ਕਾਮਰੇਡ ਚਰਨਜੀਤ ਥੰਮੂਵਾਲ।

ਕੈਂਟਰ ਖੋਹਣ ਵਾਲੇ ਦੋ ਮੁਲਜ਼ਮ ਗ੍ਰਿਫ਼ਤਾਰ, ਲੁੱਟਿਆ ਮਾਲ ਵੀ ਬਰਾਮਦ

ਰੋਪੜ (ਬਿੰਦਰਾ)- ਰੋਪੜ ਪੁਲਸ ਨੇ ਕੈਂਟਰ ਖੋਹਣ ਵਾਲੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਕੇ ਕੈਂਟਰ ਵਿਚ ਲੱਦੀਆਂ 65 ਬੋਰੀ ਆਲੂ, ਵਾਰਦਾਤ ਵਿੱਚ ਵਰਤੀ ਗਈ ਮਹਿੰਦਰਾ ਬੋਲੈਰੋ ਪਿੱਕ ਅਪ ਅਤੇ ਟੈਂਕਰ ਬਰਾਮਦ ਕਰ ਲਿਆ। ਵਿਵੇਕਸ਼ੀਲ ਸੋਨੀ ਸੀਨੀਅਰ ਪੁਲਸ ਕਪਤਾਨ ਰੋਪੜ ਨੇ ਇਹ ਜਾਣਕਾਰੀ ਦਿੱਤੀ। ਉਹਨਾਂ ਦਸਿਆ ਕਿ 16 ਨਵੰਬਰ ਨੂੰ ਵਿਕਾਸ ਕੁਮਾਰ ਪੁੱਤਰ ਅਨੂਪ ਸਿੰਘ ਵਾਸੀ ਚੀਕਾ ਜ਼ਿਲ੍ਹਾ ਕੈਥਲ ਹਰਿਆਣਾ ਆਪਣੇ ਟੈਂਕਰ ਨੰਬਰ ਐਚ ਆਰ 64-7835 ਪਰ ਉਨਾਂ ਹਿਮਾਚਲ ਪ੍ਰਦੇਸ਼ ਤੋਂ ਆਲੂ ਲੋਡ ਕਰ ਕੇ ਵਾਪਸ ਚੀਕਾ ਨੂੰ ਜਾ ਰਿਹਾ ਸੀ ਤਾਂ ਉਸ ਨੇ ਗੁਰਦੁਆਰਾ ਸ੍ਰੀ ਭੱਠਾ ਸਾਹਿਬ ਚੌਕ ਵਿੱਚ ਮੋਰਿੰਡਾ ਜਾਣ ਦਾ ਰਸਤਾ ਪੁੱਛਿਆ ਤਾਂ ਉਥੇ ਇਕ ਬਲੈਰੋ ਪਿਕ ਅੱਪ ਗੱਡੀ ਆਈ ਜਿਸ ਵਿੱਚ ਸਵਾਰ ਦੋ ਵਿਅਕਤੀਆਂ ਨੇ ਕਿਹਾ ਕਿ ਉਹ ਵੀ ਮੋਰਿੰਡਾ ਵਲ ਜਾ ਰਹੇ ਹਨ ਉਹਨਾਂ ਨੇ ਟੈਂਕਰ ਵਾਲੇ ਨੂੰ ਆਪਣੇ ਪਿੱਛੇ ਤੋਰ ਲਿਆ। ਵਿਕਾਸ ਕੁਮਾਰ ਅਨੁਸਾਰ ਰੈਲੋਂ ਨਦੀ ਦਾ ਪੁਲ ਪਾਰ ਕਰ ਕੇ ਪਿੰਡ ਬਾੜਾ ਸਲੋਰਾ ਵਲ ਲੈ ਗਏ ਉਥੇ ਜਾ ਕੇ ਉਨ੍ਹਾਂ ਟੈਂਕਰ ਰੋਕ ਲਿਆ ਅਤੇ ਚਾਬੀ ਕੱਢ ਕੇ ਗੱਡੀ ਬੰਦ ਕਰ ਦਿੱਤੀ ਅਤੇ ਡੰਡੇ ਨਾਲ ਉਸ ਦੀ ਕੁੱਟਮਾਰ ਕੀਤੀ ਉਸ ਦੇ ਮੂੰਹ 'ਤੇ ਟੇਪ ਲਗਾ ਕੇ ਉਸ ਨੂੰ ਦਰਖੱਤ ਨਾਲ ਬੰਨ੍ਹ ਕੇ ਉਸ ਕੋਲੋਂ ਪੈਸੇ ਖੋਹ ਕੇ ਟੈਂਕਰ ਭਜਾ ਕੇ ਲੈ ਗਏ। 17ਨਵੰਬਰ ਨੂੰ ਥਾਣਾ ਸਿੰਘ ਭਗਵੰਤਪੁਰਾ ਵਿੱਚ ਇਜ ਸੰਬੰਧੀ ਕੇਸ ਦਰਜ ਕੀਤਾ ਗਿਆ ਅਤੇ ਉਪ ਕਪਤਾਨ ਤਰਲੋਚਨ ਸਿੰਘ ਤਫਤੀਸ਼ ਸ਼ੁਰੂ ਕੀਤੀ। ਵੱਖ ਵੱਖ ਪਾਰਟੀਆਂ ਬਣਾ ਕੇ ਪ੍ਰਭਾਵੀ ਢੰਗ ਨਾਲ ਨਾਕਾਬੰਦੀ ਅਤੇ ਪੈਟਰੋਲਿੰਗ ਕਰਵਾਈ ਗਈ ਜਿਸ 'ਤੇ ਦੋਸ਼ੀ ਡਰ ਦੇ ਮਾਰੇ ਖੋਹੇ ਹੋਏ ਟੈਂਕਰ ਨੂੰ ਹੋਲੀ ਫੈਮਿਲੀ ਸਕੂਲ ਪਾਸ ਖੜ੍ਹਾ ਕਰ ਗਏ। ਪੁਲਸ ਪਾਰਟੀਆਂ ਦੋਸ਼ੀਆਂ ਦੀ ਲਗਾਤਾਰ ਭਾਲ ਕਰ ਰਹੀਆਂ ਸਨ। 1 ਦਸੰਬਰ ਨੂੰ ਥਾਣਾ ਸਿੰਘ ਭਗਵੰਤਪੁਰਾ ਪੁਲਿਸ ਵੱਲੋਂ ਟੀ-ਪੁਆਇੰਟ ਖੁਆਸਪੁਰਾ ਨੇੜੇ ਦੋਵੇਂ ਦੋਸ਼ੀਆਂ ਸਿਤਾਰ ਅਲੀ ਪੁਤਰ ਮੀਲੋਮੁਹਮਦ ਵਾਸੀ ਬੈਰਮਪੁਰ ਲਾਡਲ ਅਤੇ ਬਿੱਟੂ ਪੁੱਤਰ ਦੀਪੂ ਵਾਸੀ ਨੂਰਪੁਰ ਬੇਦੀ ਨੂੰ ਗ੍ਰਿਫ਼ਤਾਰ ਕੀਤਾ ਗਿਆ। ਦੋਸ਼ੀਆਂ ਪਾਸੋਂ ਵਾਰਦਾਤ ਵਿੱਚ ਵਰਤੀ ਗਈ ਬਲੈਰੋ ਪਿਕ ਅੱਪ, ਕੁਟੱਮਾਰ ਲਈ ਵਰਤਿਆ ਗਿਆ ਡੰਡਾ ਅਤੇ ਟੇਪ ਰੋਲ ਬ੍ਰਾਮਦ ਕਰ ਲਿਆ ਗਿਆ ਹੈ। ਖੋਹ ਕੀਤੀਆਂ 65 ਬੋਰੀਆਂ ਆਲੂ ਵੀ ਬਰਾਮਦ ਕਰ ਲਈਆਂ ਹਨ।

ਮਿਡ ਡੇ ਮੀਲ ਵਰਕਰਜ਼ ਯੂਨੀਅਨ ਵਲੋਂ ਜ਼ਿਲ੍ਹਾ ਪੱਧਰੀ ਰੋਸ ਰੈਲੀ 10 ਨੂੰ

ਹੁਸ਼ਿਆਰਪੁਰ, (ਬਲਵੀਰ ਸੈਣੀ)

ਸੂਬੇ ਅੰਦਰ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਦੁਪਹਿਰ ਦਾ ਖਾਣਾ ਦੇਣ ਵਾਲੀਆਂ ਬੀਬੀਆਂ ਦੀ ਜੱਥੇਬੰਦੀ ਮਿਡ ਡੇ ਮੀਲ ਵਰਕਰਜ਼ ਯੂਨੀਅਨ ਵਲੋਂ ਸੰਘਰਸ਼ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੀ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਅਤੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਕੌਰ ਨੇ ਕਿਹਾ ਕਿ ਮਿਡ ਡੇ ਮੀਲ ਵਰਕਰਾਂ ਦੀਆਂ ਮੰਗਾਂ ਨੂੰ ਹੱਲ ਕਰਵਾਉਣ ਲਈ ਉਲੀਕੇ ਗਏ ਸੰਘਰਸ਼ ਦੇ ਤਹਿਤ ਮਿਤੀ 10 ਦਸੰਬਰ ਨੂੰ ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ ਵਿਖੇ ਇੱਕ ਜ਼ਿਲ੍ਹਾ ਪੱਧਰੀ ਰੋਸ ਰੈਲੀ ਕੀਤੀ ਜਾਵੇਗੀ ਅਤੇ ਕੈਬਨਿਟ ਮੰਤਰੀ ਜਿੰਪਾ ਨੂੰ ਮੰਗ ਪੱਤਰ ਵੀ ਸੌਂਪਿ

ਨਵਾਂ ਜ਼ਮਾਨਾ
ਵੀਰਵਾਰ, 8 ਦਸੰਬਰ 2022

ਐਗਜ਼ਿਟ ਪੋਲ ਫਿਰ ਫੇਲ੍ਹ

ਪੋਲਿੰਗ ਖਤਮ ਹੋਣ ਦੇ ਛੇਤੀ ਬਾਅਦ ਜਾਰੀ ਹੁੰਦੇ ਐਗਜ਼ਿਟ ਪੋਲ ਨੂੰ ਲੈ ਕੇ ਇਹ ਧਾਰਨਾ ਪਾਈ ਜਾਂਦੀ ਹੈ ਕਿ ਇਨ੍ਹਾਂ ਵਿਚ ਕਿਸੇ ਪਾਰਟੀ ਦੀ ਐਵੇਂ ਗੁੱਡੀ ਬੰਨ੍ਹੀ ਜਾਂਦੀ ਹੈ। ਦਿੱਲੀ ਨਗਰ ਨਿਗਮ ਚੋਣਾਂ ਦੇ ਐਗਜ਼ਿਟ ਪੋਲ ਤੇ 7 ਦਸੰਬਰ ਨੂੰ ਨਿਕਲੇ ਨਤੀਜਿਆਂ ਵਿਚਲੇ ਫਰਕ ਨੇ ਇਸ ਧਾਰਨਾ ਨੂੰ ਹੋਰ ਪੱਕਾ ਕੀਤਾ ਹੈ। ਹਾਲਾਂਕਿ ਆਮ ਆਦਮੀ ਪਾਰਟੀ ਨੇ 250 ਵਿੱਚੋਂ 134 ਸੀਟਾਂ ਜਿੱਤ ਕੇ 15 ਸਾਲ ਤੋਂ ਸੱਤਾਧਾਰੀ ਭਾਜਪਾ ਨੂੰ ਲਾਂਭੇ ਕਰ ਦਿੱਤਾ ਹੈ, ਪਰ ਸਧਾਰਨ ਬਹੁਮਤ ਤੋਂ ਉਸ ਨੂੰ 9 ਸੀਟਾਂ ਹੀ ਵੱਧ ਮਿਲੀਆਂ ਹਨ। ਭਾਜਪਾ ਦੇ ਹਿੱਸੇ 104 ਸੀਟਾਂ ਆਈਆਂ ਹਨ। ਕਰੀਬ-ਕਰੀਬ ਸਾਰੇ ਐਗਜ਼ਿਟ ਪੋਲਾਂ ਵਿਚ ਆਮ ਆਦਮੀ ਪਾਰਟੀ ਦੀ ਜ਼ਬਰਦਸਤ ਜਿੱਤ ਤੇ ਭਾਜਪਾ ਦੀ ਕਰਾਰੀ ਹਾਰ ਦੀ ਗੱਲ ਕਹੀ ਗਈ ਸੀ। ਇਕ ਐਗਜ਼ਿਟ ਪੋਲ ਵਿਚ ਤਾਂ ਆਮ ਆਦਮੀ ਪਾਰਟੀ ਨੂੰ 175 ਤੱਕ ਸੀਟਾਂ ਮਿਲਣ ਦਾ ਦਾਅਵਾ ਕੀਤਾ ਗਿਆ ਸੀ। ਭਾਜਪਾ ਨੂੰ 70 ਦੇ ਆਸਪਾਸ ਸੀਟਾਂ ਮਿਲਣ ਦੀ ਗੱਲ ਕਹੀ ਗਈ ਸੀ। ਅਸਲ ਨਤੀਜਿਆਂ ਤੋਂ ਬਾਅਦ ਕਿਹਾ ਜਾ ਸਕਦਾ ਹੈ ਕਿ ਐਗਜ਼ਿਟ ਪੋਲ ਗਲਤ ਸਾਬਤ ਹੋਏ ਹਨ—ਨਾ ਆਮ ਆਦਮੀ ਪਾਰਟੀ ਪੌਣੇ ਦੋ ਸੌ ਸੀਟਾਂ ਦੇ ਲਾਗੇ ਪੁੱਜੀ ਤੇ ਨਾ ਹੀ ਭਾਜਪਾ ਦਾ ਬਹੁਤ ਜ਼ਿਆਦਾ ਬੁਰਾ ਹਾਲ ਹੋਇਆ।

ਅੱਜ ਗੁਜਰਾਤ ਤੇ ਹਿਮਾਚਲ ਅਸੰਬਲੀਆਂ ਦੇ ਨਤੀਜੇ ਆਉਣੇ ਹਨ। ਬਹੁਤੇ ਐਗਜ਼ਿਟ ਪੋਲਾਂ ਨੇ ਗੁਜਰਾਤ ਵਿਚ ਮੁੜ ਭਾਜਪਾ ਦੀ ਸਰਕਾਰ ਆਸਾਨੀ ਨਾਲ ਬਣਾ ਦਿੱਤੀ ਹੈ। ਟੀ ਵੀ 9 ਭਾਰਤ ਵਰਸ਼ ਦੇ ਐਗਜ਼ਿਟ ਪੋਲ ਵਿਚ ਭਾਜਪਾ ਨੂੰ 182 ਵਿੱਚੋਂ 125-130 ਸੀਟਾਂ ਮਿਲਣ ਦਾ ਅਨੁਮਾਨ ਲਾਇਆ ਗਿਆ ਹੈ। ਉਸ ਮੁਤਾਬਕ ਭਾਜਪਾ ਨੂੰ 47 ਫੀਸਦੀ ਵੋਟਾਂ ਮਿਲ ਸਕਦੀਆਂ ਹਨ। ਕਾਂਗਰਸ ਨੂੰ 40-50 ਸੀਟਾਂ ਤੇ 35 ਫੀਸਦੀ ਵੋਟਾਂ ਅਤੇ ਆਮ ਆਦਮੀ ਪਾਰਟੀ ਨੂੰ 3-5 ਸੀਟਾਂ ਤੇ 13 ਫੀਸਦੀ ਵੋਟਾਂ ਦੀ ਗੱਲ ਕਹੀ ਹੈ। ਨਿਊਜ਼ ਐੱਕਸ ਚੈਨਲ ਭਾਜਪਾ ਨੂੰ 117-140, ਰਿਪਬਲਿਕ ਚੈਨਲ 128-148 ਸੀਟਾਂ ਦੇ ਰਿਹਾ ਹੈ, ਜਦਕਿ ਇੰਡੀਆ ਟੂਡੇ-ਐਕਸਿਸ ਮਾਇ ਇੰਡੀਆ 131-151 ਦਾ ਪ੍ਰਚੰਡ ਬਹੁਮਤ ਦੇ ਰਿਹਾ ਹੈ। ਇੰਡੀਆ ਟੂਡੇ ਐਕਸਿਸ-ਮਾਇ ਇੰਡੀਆ ਹਿਮਾਚਲ ਵਿਚ 30-40 ਸੀਟਾਂ ਨਾਲ ਕਾਂਗਰਸ ਦੀ ਸਰਕਾਰ ਬਣਾ ਰਿਹਾ ਹੈ, ਜਦਕਿ 24-34 ਸੀਟਾਂ ਦੇ ਕੇ ਭਾਜਪਾ ਨੂੰ ਸੱਤਾ ਤੋਂ ਲਾਹ ਰਿਹਾ ਹੈ। 68 ਮੈਂਬਰੀ ਅਸੰਬਲੀ ਵਿਚ ਬਹੁਮਤ ਲਈ 35 ਸੀਟਾਂ ਦਰਕਾਰ ਹਨ। ਰਿਪਬਲਿਕ ਚੈਨਲ ਭਾਜਪਾ ਨੂੰ 34-39 ਸੀਟਾਂ ਤੇ ਕਾਂਗਰਸ ਨੂੰ 28-33 ਸੀਟਾਂ ਦੇ ਰਿਹਾ ਹੈ। ਹੈਰਾਨੀ ਨਹੀਂ ਹੋਵੇਗੀ ਕਿ ਜੇ ਅਸੰਬਲੀ ਚੋਣਾਂ ਦੇ ਨਤੀਜੇ ਵੀ ਐਗਜ਼ਿਟ ਪੋਲ ਕਰਨ ਵਾਲਿਆਂ ਨੂੰ ਫੇਲ੍ਹ ਕਰ ਦੇਣ।

ਭਾਈਚਾਰਕ ਸਾਂਝ ਲਈ ਸ਼ੋਸ਼ਣ ਰਹਿਤ ਸਮਾਜ ਦੀ ਲੋੜ

ਪਵਨ ਕੁਮਾਰ ਕੌਸ਼ਲ

ਉੱਘੇ ਵਿਦਵਾਨ, ਲੇਖਕ ਤੇ ਪੱਤਰਕਾਰ ਪ੍ਰੰਜਯ ਗੁਹਾ ਠਾਕੁਰਤਾ ਨੇ ਆਖਿਆ ਕਿ ਦੇਸ਼ ਵਿੱਚ ਵਧ ਰਿਹਾ ਫਿਰਕੂਵਾਦ ਤੇ ਪੂੰਜੀਵਾਦ ਭਾਰਤ ਦੇ ਅਨੇਕਤਾ ਵਾਲੇ ਸਰੂਪ ਲਈ ਭਵਿੱਖ ਵਿੱਚ ਖਤਰੇ ਦਾ ਸੂਚਕ ਹੈ। ਉਨ੍ਹਾ ਕਿਹਾ ਕਿ ਹਿਟਲਰ ਦੇ ਵੇਲੇ ਪੂੰਜੀਵਾਦ ਤੇ ਫਿਰਕੂਵਾਦ ਦੋਵੇਂ ਇਕੱਠੇ ਵਧੇ ਸਨ ਅਤੇ ਹੁਣ ਮੋਦੀ ਸਰਕਾਰ ਵੇਲੇ ਵੀ ਇਹ ਮੁੜ ਦੋਵੇਂ ਹੀ ਵਧ ਰਹੇ ਹਨ। ਇਹ ਦੇਸ਼ ਦੇ ਅਨੇਕਤਾ ਵਾਲੇ ਸਰੂਪ ਲਈ ਖਤਰੇ ਦੀ ਘੰਟੀ ਹੈ। ਉਨ੍ਹਾ ਕਿਹਾ ਕਿ ਆਰ ਐੱਸ ਐੱਸ ਭਾਰਤ ਨੂੰ ਹਿੰਦੂ ਰਾਸ਼ਟਰ ਬਣਾਉਣਾ ਚਾਹੁੰਦਾ ਹੈ ਅਤੇ ਭਾਜਪਾ ਸਰਕਾਰ ਇਸੇ ਨਕਸ਼ੇ-ਕਦਮਾਂ 'ਤੇ ਚੱਲ ਰਹੀ ਹੈ।

80 ਫੀਸਦੀ ਹਿੰਦੂ ਆਬਾਦੀ ਵਾਲੇ ਦੇਸ਼ ਵਿੱਚ ਹਿੰਦੂਆਂ ਨੂੰ ਖ਼ਤਰਾ ਦੱਸ ਕੇ ਛੋਟੀ ਉਮਰ ਦੇ ਨੌਜਵਾਨਾਂ ਦੇ ਮਨਾਂ ਵਿੱਚ ਜ਼ਹਿਰ ਭਰਿਆ ਜਾ ਰਿਹਾ ਹੈ, ਜੋ ਭਵਿੱਖ 'ਚ ਵਿਸਫੋਟਕ ਸਾਬਤ ਹੋਵੇਗਾ। ਘੱਟ ਗਿਣਤੀਆਂ ਨੂੰ ਅਜਿਹਾ ਅਹਿਸਾਸ ਕਰਵਾਇਆ ਜਾ ਰਿਹਾ ਹੈ ਕਿ ਜਿਵੇਂ ਉਨ੍ਹਾਂ ਨੂੰ ਦੇਸ਼ ਵਿੱਚ ਦੂਜੇ ਦਰਜੇ ਦੇ ਨਾਗਰਿਕ ਬਣ ਕੇ ਰਹਿਣਾ ਪਵੇਗਾ। ਉਨ੍ਹਾ ਕਿਹਾ ਕਿ ਪਿਛਲੇ ਸੱਤ-ਅੱਠ ਸਾਲਾਂ ਤੋਂ ਅਜਿਹੇ ਵਰਤਾਰੇ ਵਿੱਚ ਤੇਜ਼ੀ ਆਈ ਹੈ, ਜਿਸ ਨਾਲ ਦੇਸ਼ ਮੁੜ 70-80 ਸਾਲ ਪਿਛਾਂਹ ਚਲਾ ਗਿਆ ਹੈ। ਦੇਸ਼ ਅੰਦਰ ਵੰਡ ਤੋਂ ਪਹਿਲਾਂ ਅੰਗਰੇਜ਼ਾਂ ਦੇ ਸਮੇਂ ਵੀ ਅਜਿਹਾ ਵਰਤਾਰਾ ਸੀ। ਉਨ੍ਹਾ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਪੜ੍ਹਿਆ-ਲਿਖਿਆ ਵਰਗ ਵੀ ਇਸ ਵਰਤਾਰੇ ਖਿਲਾਫ਼ ਚੁੱਪ ਹੈ।

ਮਾਰਕਸ ਨੇ ਲਿਖਿਆ ਕਿ 'ਹਿੰਦੋਸਤਾਨ ਦੇ ਧਰਮ ਦੀਆਂ ਪ੍ਰਾਚੀਨ ਪਰੰਪਰਾਵਾਂ ਵਿੱਚ ਸਵੈ-ਇੱਛਾ ਅਤੇ ਮੁਸੀਬਤਾਂ ਦੇ ਸੰਸਾਰ ਦੀ ਉਮੀਦ ਕੀਤੀ ਜਾਂਦੀ ਹੈ। ਉਹ ਧਰਮ ਇੱਕ ਵਾਰ ਵਿੱਚ ਸੰਵੇਦਨਾਵਾਦੀ ਉਤਸ਼ਾਹ ਦਾ ਧਰਮ ਹੈ ਅਤੇ ਸਵੈ-ਤਸੀਹੇ ਦੇਣ ਵਾਲੇ ਤਪੱਸਿਆ ਦਾ ਧਰਮ ਹੈ; ਪੁਰਾਤਨਤਾ ਵੱਲ ਹੋਰ ਵੀ ਪਿੱਛੇ ਜਾਓ ਬ੍ਰਾਹਮਣਵਾਦ ਦੀ ਮਿਥਿਹਾਸਕ ਕਾਲਕ੍ਰਮ ਨੂੰ ਲੈ ਲਓ, ਜੋ ਸੰਸਾਰ ਦੀ ਈਸਾਈ ਸਿਰਜਣਾ ਨਾਲੋਂ ਵੀ ਦੂਰ ਇੱਕ ਯੁੱਗ ਵਿੱਚ ਭਾਰਤੀ ਦੁੱਖਾਂ ਦੀ ਸ਼ੁਰੂਆਤ ਕਰਦਾ ਹੈ।'

ਅੰਗਰੇਜ਼ਾਂ ਦੇ ਭਾਰਤ ਵਿੱਚ ਆਉਣ ਤੋਂ ਬਾਅਦ ਤੋਂ ਹੀ ਜਾਤ-ਪਾਤ ਉਨ੍ਹਾਂ ਦੇ ਰਾਜ-ਭਾਗ ਨੂੰ ਚਲਾਉਣ ਲਈ ਜ਼ਰੂਰੀ ਬਣ ਗਈ ਸੀ। ਜਮਾਤੀ ਅਧਾਰ ਦੁਆਰਾ ਵੰਡੇ ਹੋਏ ਸਮਾਜ ਨੂੰ ਲੈ ਕੇ ਅੰਗਰੇਜ਼ਾਂ ਨੇ ਜਾਤ ਪ੍ਰਣਾਲੀ ਨੂੰ ਜਮਾਤੀ ਪ੍ਰਣਾਲੀ ਨਾਲ ਬਰਾਬਰ ਕਰਨ ਦੀ ਕੋਸ਼ਿਸ਼ ਕੀਤੀ। ਆਮ ਵਰਗੀਕਰਨ ਜਮਾਤਾਂ ਦੁਆਰਾ ਹੁੰਦਾ ਹੈ, ਜਾਤਾਂ ਦੁਆਰਾ ਨਹੀ । ਜਮਾਤ ਸਮਾਜਕ ਸੰਸਥਾ ਨੂੰ ਦਰਸਾਉਂਦੀ ਹੈ ਅਤੇ ਜਾਤ ਅੰਦਰੂਨੀ ਦ੍ਰਿਸ਼ਟੀਕੋਣ ਨੂੰ। 'ਜਮਾਤ ਰਾਜਨੀਤਕ ਅਤੇ ਆਰਥਕ ਕਾਰਕਾਂ 'ਤੇ ਅਧਾਰਤ ਹੈ, ਜਾਤ ਨਹੀਂ।'

ਭਾਰਤ ਵਿੱਚ ਚੋਣ ਪ੍ਰਣਾਲੀ ਵੀ ਫਿਰਕਾਪ੍ਰਸਤੀ ਦੇ ਫੈਲਾਅ ਵਿੱਚ ਯੋਗਦਾਨ ਪਾ ਰਹੀ ਹੈ। ਵੱਖ-ਵੱਖ ਰਾਜਨੀਤਕ ਪਾਰਟੀਆਂ ਚੋਣ ਜਿੱਤਣ ਲਈ ਕਿਸੇ ਵੀ ਤਰੀਕੇ ਨੂੰ ਵਰਤਣ ਤੋਂ ਸੰਕੋਚ ਨਹੀਂ ਕਰ ਰਹੀਆਂ। ਉਹ ਫਿਰਕੂ ਤਣਾਅ ਵੀ ਪੈਦਾ ਕਰਦੇ ਹਨ ਅਤੇ ਇਸ ਦਾ ਸਿਆਸੀ ਲਾਹਾ ਲੈਣ ਦੀ ਕੋਸ਼ਿਸ਼ ਕਰਦੇ ਹਨ। ਵੱਖ-ਵੱਖ ਘੱਟ ਗਿਣਤੀ ਸਮੂਹਾਂ ਨੂੰ ਖੁਸ਼ ਕਰਨ ਲਈ ਰਿਆਇਤਾਂ ਦਿੱਤੀਆਂ ਜਾਂਦੀਆਂ ਹਨ।

ਹਰ ਪਾਰਟੀ ਫਿਰਕੂ ਪੱਤਾ ਖੇਡ ਰਹੀ ਹੈ ਅਤੇ ਜੇਕਰ ਹਾਲਾਤ ਇੰਝ ਹੀ ਮੰਗਦੇ ਹਨ ਤਾਂ ਸੱਤਾ ਵਿਚ ਆਉਣ ਲਈ ਫਿਰਕੂ ਪਾਰਟੀਆਂ ਨਾਲ ਹੱਥ ਮਿਲਾਉਣ ਤੋਂ ਵੀ ਗੁਰੇਜ਼ ਨਹੀਂ ਕਰਦੇ। ਧਾਰਮਕ ਸੰਸਥਾਵਾਂ ਅਤੇ ਡੇਰਾਵਾਦ ਭਾਰਤ ਅੰਦਰ ਅੱਜ ਮੁੱਖ ਭੂਮਿਕਾ ਨਿਭਾਅ ਰਹੇ ਹਨ।

ਧਰਮ ਅਤੇ ਰਾਜਨੀਤੀ ਦੋਵਾਂ ਦਾ ਇੱਕੋ ਟੀਚਾ, ਉਹ ਹੈ ਰਾਜਨੀਤਕ ਸ਼ਕਤੀ ਪ੍ਰਾਪਤ ਕਰਨਾ ਅਤੇ ਆਪਣੇ ਉਦੇਸ਼ਾਂ ਦੀ ਪੂਰਤੀ ਲਈ ਇਸ ਦੀ ਵਰਤੋਂ ਕਰਨਾ। ਹਾਲਾਂਕਿ ਇਨ੍ਹਾਂ ਉਦੇਸ਼ਾਂ ਨੂੰ ਪ੍ਰਾਪਤ ਕਰਨ ਲਈ ਉਹਨਾਂ ਦੇ ਤਰੀਕੇ ਵੱਖਰੇ ਹਨ। ਧਰਮ ਸੱਤਾ 'ਤੇ ਕਾਬਜ਼ ਹੋਣ ਲਈ ਉਨ੍ਹਾਂ ਦਾ ਸਮਰਥਨ ਪ੍ਰਾਪਤ ਕਰਨ ਲਈ ਲੋਕਾਂ ਦੀਆਂ ਧਾਰਮਕ ਸੰਵੇਦਨਾਵਾਂ ਨੂੰ ਲਾਮਬੰਦ ਕਰਦਾ ਹੈ; ਜਦੋਂ ਕਿ ਰਾਜਨੀਤੀ ਸਾਜ਼ਿਸ਼ ਤੇ ਕੂਟਨੀਤੀ ਦੀ ਵਰਤੋਂ ਕਰਦੀ ਹੈ ਅਤੇ ਜੇ ਸਮਾਜ ਘੱਟ ਵਿਕਸਤ ਅਤੇ ਪਛੜਿਆ ਹੋਇਆ ਹੈ, ਤਾਂ ਲੋਕਤੰਤਰੀ ਢੰਗ ਨਾਲ, ਜੇ ਸਿਸਟਮ ਇਸ ਦੀ ਇਜਾਜ਼ਤ ਦਿੰਦਾ ਹੈ ਜਾਂ ਫੌਜ ਦੀ ਮਦਦ ਨਾਲ ਸੱਤਾ ਹੜੱਪਣ ਦੀ ਕੋਸ਼ਿਸ਼ ਕਰਦੀ ਹੈ।

ਇਤਿਹਾਸ ਦੱਸਦਾ ਹੈ ਕਿ ਭਾਰਤ ਉਪਰ ਬਰਤਾਨਵੀ ਰਾਜ ਭਾਰਤੀ ਜਨਤਾ ਦੀ ਇੱਛਾ ਦੇ ਵਿਰੁੱਧ ਬ੍ਰਿਟਿਸ਼ ਸਾਮਰਾਜਵਾਦ ਦੇ 'ਪਾੜੋ ਅਤੇ ਰਾਜ ਕਰੋ' ਦੇ ਜ਼ੁਲਮ ਦੀ ਨੀਤੀ ਨੂੰ ਉਜਾਗਰ ਕਰਦਾ ਹੈ। ਅੰਗਰੇਜ਼ਾਂ ਨੇ ਫਿਰਕੂ ਸ਼ਾਂਤੀ, ਭਾਈਚਾਰਕ ਸਾਂਝ ਅਤੇ ਸਦਭਾਵਨਾ ਨੂੰ ਯਕੀਨੀ ਬਣਾਉਣ ਲਈ ਕੋਈ ਸੁਰੱਖਿਆ ਪ੍ਰਬੰਧ ਨਹੀਂ ਕੀਤੇ, ਜਿਸ ਦੇ ਨਤੀਜੇ ਵਜੋਂ ਲੱਖਾਂ ਲੋਕ ਨਸਲੀ ਹਿੰਸਾ ਵਿੱਚ ਮਾਰੇ ਗਏ, ਜਦੋਂ ਕਿ ਲੱਖਾਂ ਵੱਲੋਂ ਇੱਕ ਥਾਂ ਤੋਂ ਦੂਜੀ ਥਾਂ 'ਤੇ ਪਰਵਾਸ ਕੀਤਾ ਗਿਆ।

ਬ੍ਰਿਟਿਸ਼ ਸਾਮਰਾਜਵਾਦ ਨੇ ਇੱਕ ਸਦੀ ਵਿੱਚ ਭਾਰਤੀ ਲੋਕਾਂ ਦੀ ਮਾਨਸਿਕਤਾ ਅਤੇ ਸੱਭਿਆਚਾਰ ਨੂੰ ਬਦਲ ਦਿੱਤਾ, ਪਰ ਭਾਰਤ ਅਤੇ ਪਾਕਿਸਤਾਨ 75 ਸਾਲਾਂ ਬਾਅਦ ਵੀ ਵਿਚਾਰਾਂ, ਪ੍ਰਣਾਲੀਆਂ ਅਤੇ ਸ਼ਾਸਨ ਵਿੱਚ ਬ੍ਰਿਟਿਸ਼ ਬਸਤੀਵਾਦੀ ਪ੍ਰਣਾਲੀਆਂ ਨਾਲ ਚਿਪਕੇ ਆ ਰਹੇ ਹਨ।

ਸੰਪਰਦਾਇਕਤਾ ਦੇ ਨਤੀਜੇ ਵਜੋਂ ਝਗੜੇ ਅਤੇ ਦੁਸ਼ਮਣੀ ਇੱਕ ਸਦੀ ਤੋਂ ਵੱਧ ਸਮੇਂ ਤੋਂ ਭਾਰਤੀ ਸਮਾਜਕ ਅਤੇ ਰਾਜਨੀਤਕ ਤਾਣੇ-ਬਾਣੇ ਦਾ ਹਿੱਸਾ ਰਹੇ ਹਨ। ਅੱਜ ਅਜਿਹੇ ਗੁਣਾਤਮਕ ਤੌਰ 'ਤੇ ਨਵੇਂ ਅਪਮਾਨਜਨਕ ਹਾਲਾਤ ਨੂੰ ਮੰਨਣ ਲਈ ਸਾਡੇ ਸਮਾਜ ਵਿੱਚ ਤਣਾਅ ਦੇ ਇਸ ਨਿਰੰਤਰ ਸਰੋਤ ਨੂੰ ਉਤਸ਼ਾਹਤ ਕਰਨ ਵਾਲੇ ਅਨੇਕਾਂ ਕਾਰਨ ਮੌਜੂਦ ਹਨ।

ਫਿਰਕਾਪ੍ਰਸਤੀ ਸਾਡੇ ਸੱਭਿਆਚਾਰ ਵਿੱਚ ਆਪਣੇ ਹੀ ਧਾਰਮਕ ਭਾਈਚਾਰੇ ਪ੍ਰਤੀ ਅੰਨ੍ਹੀ ਵਫ਼ਾਦਾਰੀ ਹੈ। ਇਸ ਨੂੰ ਫਿਰਕੂ ਸੇਵਾਵਾਂ ਲਈ ਅਪੀਲ ਕਰਕੇ ਲੋਕਾਂ ਨੂੰ ਲਾਮਬੰਦ ਕਰਨ ਲਈ ਜਾਂ ਇਸ ਦੇ ਵਿਰੁੱਧ ਇੱਕ ਸਾਧਨ ਵਜੋਂ ਪਰਿਭਾਸ਼ਤ ਕੀਤਾ ਗਿਆ ਹੈ। ਫਿਰਕਾਪ੍ਰਸਤੀ ਦਾ ਸੰਬੰਧ ਧਰਮਵਾਦ ਅਤੇ ਧਾਰਮਕ ਕੱਟੜਵਾਦ ਨਾਲ ਹੈ।

ਭਾਰਤ ਵਿੱਚ ਫਿਰਕਾਪ੍ਰਸਤੀ ਇਸ ਲਈ ਵਧੀ ਹੈ, ਕਿਉਂਕਿ ਹਿੰਦੂ ਅਤੇ ਮੁਸਲਿਮ ਦੋਹਾਂ ਭਾਈਚਾਰਿਆਂ ਦੇ ਫਿਰਕਾਪ੍ਰਸਤ ਆਗੂ ਆਪਣੇ ਭਾਈਚਾਰਿਆਂ ਦੇ ਹਿੱਤ ਵਿੱਚ ਇਸ ਨੂੰ ਪ੍ਰਫੁੱਲਤ ਕਰਨਾ ਚਾਹੁੰਦੇ ਹਨ। ਧਰਮ ਦੇ ਆਧਾਰ 'ਤੇ ਪਾੜੋ ਤੇ ਰਾਜ ਕਰੋ ਦੀ ਨੀਤੀ ਪੈਦਾ ਕਰਨ ਵਾਲੀ ਅੰਗਰੇਜ਼ ਹਕੂਮਤ ਨੇ ਭਾਰਤ ਵਿਚ ਫਿਰਕਾਪ੍ਰਸਤੀ ਦਾ ਆਧਾਰ ਮਜ਼ਬੂਤ ਕੀਤਾ। ਅੰਤ ਵਿੱਚ ਭਾਰਤ ਅਤੇ ਪਾਕਿਸਤਾਨ ਵਿੱਚ ਦੇਸ਼ ਦੀ ਵੰਡ ਨੇ ਇੱਕ-ਦੂਜੇ ਪ੍ਰਤੀ ਹੋਰ ਵਿਰੋਧੀ ਭਾਵਨਾ ਪ੍ਰਦਾਨ ਕੀਤੀ।

ਸੰਪਰਦਾਇਕ ਤਾਕਤਾਂ ਅੱਜ ਦੇ ਹਾਲਤਾਂ ਵਿੱਚ ਅਜਿਹਾ ਹਮਲਾ ਕਰਨ ਵਿੱਚ ਕਾਮਯਾਬ ਹੋ ਗਈਆਂ ਹਨ, ਬਿਲਕੁਲ ਇਸ ਲਈ ਕਿਉਂਕਿ ਉਹ ਭੜਕਾਊ ਪ੍ਰਚਾਰ ਅਤੇ ਨਫ਼ਰਤ ਦੀ ਮੁਹਿੰਮ ਦੇ ਅਧਾਰ 'ਤੇ ਲੋਕਾਂ ਦੇ ਅਸੰਤੋਸ਼ ਨੂੰ ਇਸ ਪਾਸੇ ਮੋੜਨ ਵਿੱਚ ਇੱਕ ਹੱਦ ਤੱਕ ਸਫ਼ਲਤਾ ਹਾਸਲ ਕਰਨ ਵਿੱਚ ਕਾਮਯਾਬ ਹੋ ਗਈਆਂ ਹਨ। ਹਾਕਮ ਫਿਰਕਾਪ੍ਰਸਤ ਤਾਕਤਾਂ ਆਪਣੇ ਮਨਸੂਬਿਆਂ ਨੂੰ ਸਫਲ ਕਰਨ ਲਈ ਸਿਖਿਆ ਨੀਤੀ 'ਚ ਤਬਦੀਲੀ ਕਰਕੇ ਅਤੇ ਦੇਸ਼ ਦੇ ਮੂਲ ਇਤਿਹਾਸ ਨਾਲ ਛੇੜ-ਛਾੜ ਕਰਕੇ ਅੱਗੇ ਵਧਾਉਂਦੇ ਹਨ। ਸੀ ਬੀ ਐੱਸ ਈ ਨੇ ਆਪਣੇ ਗਿਆਰਵੀਂ ਅਤੇ ਬਾਰ੍ਹਵੀਂ ਦੇ ਸਿਲੇਬਸ ਵਿੱਚੋਂ ਕਈ ਵਿਸ਼ਿਆਂ, ਜਿਵੇਂ ਲੋਕਤੰਤਰ ਤੇ ਵਿਭਿੰਨਤਾ, ਫੈਜ਼ ਦੀਆਂ ਨਜ਼ਮਾਂ, ਗੁੱਟ ਨਿਰਲੇਪ ਲਹਿਰ, ਇਸਲਾਮੀ ਰਾਜ ਦਾ ਉਭਾਰ, ਮੁਗਲ ਰਾਜ ਤੇ ਨਿਆਂ ਪ੍ਰਬੰਧ, ਖੇਤੀ ਉਤੇ ਵਿਸ਼ਵੀਕਰਨ ਦਾ ਅਸਰ ਆਦਿ ਦੇ ਵਿਸ਼ੇ ਕੱਢ ਦਿੱਤੇ ਹਨ।

ਇਸ ਉਦੇਸ਼ ਦੀ ਪੂਰਤੀ ਲਈ ਫਿਰਕੂ ਤਾਕਤਾਂ ਨੇ ਦੋ-ਪੱਖੀ ਰਣਨੀਤੀ ਅਪਣਾਈ ਹੈ। ਇੱਕ ਪਾਸੇ, ਉਹ ਹਿੰਦੂ ਧਰਮ ਨੂੰ ਅਪਣਾਉਣ ਵਾਲੇ ਭਾਰਤੀਆਂ ਦੇ ਭਾਈਚਾਰੇ ਵਿੱਚ ਵਿਸ਼ਾਲ ਵਿਭਿੰਨਤਾ ਵਿੱਚ ਇੱਕ ਕਿਸਮ ਦੀ ਏਕਾਤਮਕ ਏਕਤਾ ਪੈਦਾ ਕਰਨ ਦੀ ਕੋਸ਼ਿਸ਼ ਕਰਦੇ ਹਨ ਅਤੇ ਦੂਜੇ ਪਾਸੇ ਉਹ ਹਿੰਦੂ ਧਰਮ ਤੋਂ ਬਾਹਰਲੇ, ਅਰਥਾਤ ਮੁਸਲਮਾਨਾਂ ਦੇ ਵਿਰੁੱਧ ਨਫ਼ਰਤ ਪੈਦਾ ਕਰਦੇ ਹਨ। ਉਨ੍ਹਾਂ ਦੁਆਰਾ ਫੈਲਾਇਆ ਗਿਆ ਸਾਰਾ ਪ੍ਰਚਾਰ ਤੰਤਰ ਅਤੇ ਤਕਨੀਕ ਇਸ ਦੋਹਰੀ ਰਣਨੀਤੀ ਨੂੰ ਪ੍ਰਾਪਤ ਕਰਨ ਲਈ ਹੈ। ਅਜ਼ਾਦੀ ਤੋਂ ਪਹਿਲਾਂ ਵੀ ਅਤੇ ਬਾਅਦ ਵਿੱਚ ਹੋਏ ਫਿਰਕੂ ਦੰਗਿਆਂ ਦਾ 90 ਫੀਸਦੀ ਦੰਗੇ ਹਿੰਦੂਆਂ ਅਤੇ ਮੁਸਲਮਾਨਾਂ ਵਿਚਕਾਰ ਹੋਏ ਹਨ।

ਦਰਅਸਲ, ਹਿੰਦੂ ਰਾਸ਼ਟਰ ਦੀ ਵਿਚਾਰਧਾਰਕ ਨੀਂਹ 20ਵਿਆਂ ਵਿੱਚ ਵੀ ਡੀ ਸਾਵਰਕਰ ਨੇ ਰੱਖੀ, ਇਸ ਨੂੰ ਬਾਅਦ ਵਿੱਚ ਅਪਣਾਇਆ ਗਿਆ ਅਤੇ 1925 ਵਿੱਚ ਇਸ ਦੀ ਸਥਾਪਨਾ ਤੋਂ ਬਾਅਦ ਆਰ ਐੱਸ ਐੱਸ ਦੁਆਰਾ ਇਸ ਦੇ ਲਈ ਇੱਕ ਜਥੇਬੰਦਕ ਢਾਂਚਾ ਪ੍ਰਦਾਨ ਕੀਤਾ ਗਿਆ ਅਤੇ ਖਾਸ ਤੌਰ 'ਤੇ ਤੀਹ ਦੇ ਦਹਾਕੇ ਦੇ ਅਖੀਰਲੇ ਸਮੇਂ ਵਿੱਚ ਜਦੋਂ ਬ੍ਰਿਟਿਸ਼ ਦੁਆਰਾ ਪ੍ਰੇਰਿਤ ਫਿਰਕੂ ਪਾੜੇ ਦਾ ਪੂਰਾ ਸ਼ੋਸ਼ਣ ਕੀਤਾ ਗਿਆ।

ਅੱਜ ਦੇਸ਼ ਦੇ ਹਾਲਤ ਅੱਤ ਚਿੰਤਾਜਨਕ ਦੌਰ ਵਿੱਚੋਂ ਦੀ ਗੁਜ਼ਰ ਰਹੇ ਹਨ। ਦੇਸ਼ ਦੀਆਂ ਫਿਰਕੂ ਤਾਕਤਾਂ 2014 ਤੋਂ ਸੱਤਾ 'ਤੇ ਕਾਬਜ ਹਨ ਅਤੇ ਆਪਣਾ ਹਿੰਦੂਰਾਸ਼ਟਰ/ਹਿੰਦੂਤਵ ਦਾ ਏਜੰਡਾ ਲਾਗੂ ਕਰਨ ਲਈ ਸਰਗਰਮ ਹਨ। ਹਾਲਾਤ ਨੂੰ ਬਿਹਤਰ ਬਣਾਉਣ ਲਈ ਭਾਰਤ ਨੂੰ ਬਚਾਉਣਾ ਹੋਵੇਗਾ। ਅੱਜ ਫਿਰਕੂ ਤਾਕਤਾਂ ਦਾ ਹਮਲਾ, 1947 ਅਤੇ ਉਸ ਤੋਂ ਬਾਅਦ ਰਾਜਨੀਤਕ ਅਜ਼ਾਦੀ ਦੇ ਜ਼ਰੀਏ ਜੋ ਕੁਝ ਵੀ ਪ੍ਰਾਪਤ ਕੀਤਾ ਗਿਆ ਹੈ, ਉਸ ਨੂੰ ਉਲਟਾਉਣਾ ਹੈ। ਸਾਰੇ ਭਾਰਤੀ ਦੇਸ਼ ਭਗਤਾਂ ਦਾ ਕੰਮ ਭਵਿੱਖ ਲਈ ਅੱਗੇ ਵਧਣ ਲਈ ਜੋ ਵੀ ਪ੍ਰਾਪਤ ਕੀਤਾ ਗਿਆ ਹੈ, ਉਸ ਨੂੰ ਸੁਰੱਖਿਅਤ ਰੱਖਣਾ ਹੈ।

ਅੱਜ ਫਿਰਕੂ ਤਾਕਤਾਂ ਦਾ ਹਮਲਾ ਵਿਸ਼ਵ ਸਾਮਰਾਜਵਾਦ ਅਤੇ ਕਾਰਪੋਰੇਟ ਘਰਾਣਿਆਂ ਦੇ ਵਿਕਾਸ ਲਈ 1947 ਅਤੇ ਉਸ ਤੋਂ ਬਾਅਦ ਰਾਜਨੀਤਕ ਅਜ਼ਾਦੀ ਦੁਆਰਾ ਜੋ ਕੁਝ ਵੀ ਪ੍ਰਾਪਤ ਕੀਤਾ ਗਿਆ ਹੈ, ਉਸ ਨੂੰ ਉਨ੍ਹਾਂ ਦੇ ਹਵਾਲ

8-DEC-PAGE-5.qxd 12/7/2022 10:33 PM Page 1

ਘਰ 'ਚੋਂ 10 ਤੋਲੇ ਸੋਨਾ, ਢਾਈ ਕਿੱਲੋ ਚਾਂਦੀ ਤੇ 5 ਲੱਖ ਦੀ ਨਕਦੀ ਚੋਰੀ

ਸੀ.ਸੀ.ਟੀ.ਵੀ. ਕੈਮਰਿਆਂ 'ਚ ਕੈਦ ਹੋਈਆਂ ਸ਼ੱਕੀ ਦੀਆਂ ਤਸਵੀਰਾਂ

ਸ੍ਰੀ ਫ਼ਤਹਿਗੜ੍ਹ ਸਾਹਿਬ/ (ਪ੍ਰਮੋਦ ਭਾਰਦਵਾਜ)- ਸਰਹਿੰਦ ਵਿਖੇ ਮਹਿਜ 4 ਘੰਟਿਆਂ ਲਈ ਸੰਘਣੀ ਆਬਾਦੀ 'ਚ ਘਰ ਸੁੰਨਾ ਛੱਡ ਕੇ ਗਏ ਇੱਕ ਪਰਿਵਾਰ ਦੇ ਮਕਾਨ 'ਚ ਦਿਨ-ਦਿਹਾੜੇ ਚੋਰੀ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਮੰਡੀ ਗੋਬਿੰਦਗੜ੍ਹ ਦੀਆਂ ਵੱਖ-ਵੱਖ ਫਰਮਾਂ 'ਚ ਅਕਾਊਂਟਸ ਦਾ ਕੰਮ ਕਰਨ ਵਾਲੇ ਧਰਮਵੀਰ ਵਾਸੀ ਬਾੜਾ, ਵਾਰਡ ਨੰਬਰ 10 ਸਰਹਿੰਦ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਇੱਕ ਵਿਆਹ ਸਮਾਗਮ 'ਚ ਸ਼ਾਮਲ ਹੋਣ ਲਈ ਉਹ ਬੀਤੇ ਐਤਵਾਰ ਘਰ ਦੇ ਦਰਵਾਜ਼ਿਆਂ ਨੂੰ ਲਾਕ ਕਰਕੇ ਦੁਪਹਿਰ 12 ਵਜੇ ਦੇ ਕਰੀਬ ਆਪਣੇ ਪਰਿਵਾਰਕ ਮੈਂਬਰਾਂ ਨਾਲ ਬਸੀ ਪਠਾਣਾਂ ਵਿਖੇ ਗਿਆ ਸੀ, ਜਿੱਥੋਂ ਸ਼ਾਮ 4 ਵਜੇ ਦੇ ਕਰੀਬ ਘਰ ਵਾਪਸ ਪਰਤ ਕੇ ਉਹ ਜਦੋਂ ਘਰ ਦਾ ਮੇਨ ਦਰਵਾਜ਼ਾ ਖੋਲ੍ਹ ਕੇ ਅੰਦਰ ਵੜਿਆ ਤਾਂ ਅੰਦਰਲੇ ਦਰਵਾਜ਼ੇ ਦਾ ਤਾਲਾ ਟੁੱਟਾ ਹੋਇਆ ਸੀ ਤੇ ਘਰ ਅੰਦਰ ਸਮਾਨ ਖਿੱਲਰਿਆ ਪਿਆ ਸੀ, ਜਿਸ ਉਪਰੰਤ ਘਰ ਦਾ ਸਮਾਨ ਚੈੱਕ ਕਰਨ 'ਤੇ ਪਤਾ ਲੱਗਾ ਕਿ ਘਰ 'ਚ ਪਏ ਕਰੀਬ 10 ਤੋਲੇ ਵਜ਼ਨੀ ਸੋਨੇ ਦੇ ਗਹਿਣੇ, ਕਰੀਬ ਦੋ-ਢਾਈ ਕਿੱਲੋ ਚਾਂਦੀ ਦੇ ਗਹਿਣੇ ਅਤੇ 5 ਲੱਖ ਰੁਪਏ ਦੀ ਨਕਦੀ ਗਾਇਬ ਸੀ।

ਧਰਮਵੀਰ ਨੇ ਪੱਤਰਕਾਰਾਂ ਨੂੰ ਸੀ.ਸੀ.ਟੀ.ਵੀ. ਕੈਮਰੇ ਦੀ ਫੁਟੇਜ ਦੀ ਵੀਡੀਓ ਦਿਖਾਉਂਦਿਆਂ ਦਾਅਵਾ ਕੀਤਾ ਕਿ ਫੁਟੇਜ 'ਚ ਦਿਖਾਈ ਦੇ ਰਹੇ ਇੱਕ ਸ਼ੱਕੀ ਵਿਅਕਤੀ ਵੱਲੋਂ ਹੀ ਦੁਪਹਿਰ 1 ਵਜੇ ਦੇ ਕਰੀਬ ਉਨ੍ਹਾਂ ਦੇ ਘਰ 'ਚ ਦਾਖਲ ਹੋ ਕੇ ਚੋਰੀ ਦੀ ਇਸ ਘਟਨਾ ਨੂੰ ਅੰਜਾਮ ਦਿੱਤਾ ਗਿਆ ਜਾਪਦਾ ਹੈ ਤੇ ਇਹ ਫੁਟੇਜ ਉਨ੍ਹਾਂ ਵੱਲੋਂ ਪੁਲਸ ਨੂੰ ਸੌਂਪ ਦਿੱਤੀ ਗਈ ਹੈ। ਥਾਣਾ ਸਰਹਿੰਦ ਦੀ ਪੁਲਸ ਵੱਲੋਂ ਅਣਪਛਾਤੇ ਵਿਰੁੱਧ ਅ/ਧ 454,380 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਸੜਕ ਹਾਦਸੇ 'ਚ ਭੈਣ-ਭਰਾ ਦੀ ਮੌਤ, ਛੋਟਾ ਭਰਾ ਜ਼ਖਮੀ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)-ਬੁੱਧਵਾਰ ਸਵੇਰੇ ਜਲਾਲਾਬਾਦ ਰੋਡ 'ਤੇ ਵਾਪਰੇ ਸੜਕ ਹਾਦਸੇ 'ਚ ਇੱਕ ਮੋਟਰਸਾਈਕਲ 'ਤੇ ਸਕੂਲ ਜਾ ਰਹੇ ਇੱਕੋ ਪਰਵਾਰ ਦੇ ਤਿੰਨ ਬੱਚਿਆਂ ਵਿੱਚੋਂ ਦੋ ਦੀ ਮੌਤ ਹੋ ਗਈ, ਜਦਕਿ ਇੱਕ ਗੰਭੀਰ ਜ਼ਖਮੀ ਹੋ ਗਿਆ, ਜਿਸ ਨੂੰ ਭੁੱਚੋ ਦੇ ਆਦੇਸ਼ ਹਸਪਤਾਲ ਵਿਖੇ ਇਲਾਜ ਲਈ ਰੈਫਰ ਕਰ ਦਿੱਤਾ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਕਬਰਵਾਲਾ ਪਿੰਡ ਵਾਸੀ ਤਿੰਨ ਸਕੇ ਭੈਣ-ਭਰਾ ਸਵੇਰ ਸਮੇਂ ਅਕਾਲੀ ਅਕੈਡਮੀ ਸਕੂਲ ਵਿੱਚ ਆ ਰਹੇ ਸਨ ਕਿ ਜਦ ਉਹ ਜਲਾਲਾਬਾਦ ਰੋਡ ਯਾਦਗਾਰੀ ਗੇਟ ਕੋਲ ਪਹੁੰਚੇ ਤਾਂ ਟਰੱਕ ਨੇ ਓਵਰਟੇਕ ਕਰਦੇ ਹੋਏ ਮੋਟਰਸਾਈਕਲ ਨੂੰ ਆਪਣੀ ਚਪੇਟ ਵਿੱਚ ਲੈ ਗਿਆ, ਜਿਸ ਨਾਲ ਤਿੰਨੇ ਭੈਣ-ਭਰਾ ਸੜਕ 'ਤੇ ਡਿੱਗ ਪਏ। ਤਿੰਨਾਂ ਨੂੰ ਸਥਾਨਕ ਨਿੱਜੀ ਹਸਪਤਾਲ ਵਿਖੇ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ 15 ਸਾਲਾ ਗੁਰਸੇਵਕ ਸਿੰਘ ਪੁੱਤਰ ਹਰਿੰਦਰ ਸਿੰਘ, ਉਸ ਦੀ ਛੋਟੀ ਭੈਣ 12 ਸਾਲਾ ਪ੍ਰਭਜੋਤ ਕੌਰ ਨੂੰ ਮ੍ਰਿਤਕ ਐਲਾਨ ਦਿੱਤਾ, ਜਦਕਿ ਇਨ੍ਹਾਂ ਦਾ ਛੋਟਾ ਭਰਾ 8 ਸਾਲਾ ਨਵਤੇਜ ਵੀ ਗੰਭੀਰ ਜ਼ਖਮੀ ਹੋ ਗਿਆ, ਜਿਸ ਨੂੰ ਭੁੱਚੋ ਦੇ ਆਦੇਸ਼ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਗਿਆ। ਗੁਰਸੇਵਕ ਦਸਵੀਂ, ਪ੍ਰਭਜੋਤ ਸੱਤਵੀਂ ਤੇ ਨਵਤੇਜ ਪਹਿਲੀ ਜਮਾਤ ਵਿੱਚ ਪੜ੍ਹਦਾ ਸੀ। ਟਰੱਕ ਚਾਲਕ ਘਟਨਾ ਤੋਂ ਬਾਅਦ ਟਰੱਕ ਛੱਡ ਕੇ ਮੌਕੇ ਤੋਂ ਫਰਾਰ ਹੋ ਗਿਆ। ਘਟਨਾ ਦੀ ਸੂਚਨਾ ਮਿਲਣ 'ਤੇ ਬੱਚਿਆਂ ਦੇ ਮਾਪੇ ਹਸਪਤਾਲ ਪਹੁੰਚ ਗਏ। ਡੀ ਐੱਸ ਪੀ (ਡੀ) ਰਾਜੇਸ਼ ਸਨੇਹੀ ਵੀ ਪੁਲਸ ਪਾਰਟੀ ਸਣੇ ਮੌਕੇ 'ਤੇ ਪਹੁੰਚੇ ਤੇ ਟਰੱਕ ਨੂੰ ਕਬਜ਼ੇ ਵਿੱਚ ਲੈ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਵਿਜੀਲੈਂਸ ਵੱਲੋਂ 1.24 ਕਰੋੜ ਦਾ ਘਪਲਾ ਕਰਨ ਵਾਲਾ ਮਾਰਕਫੈੱਡ ਦਾ ਸੀਨੀਅਰ ਬਰਾਂਚ ਅਧਿਕਾਰੀ ਗ੍ਰਿਫ਼ਤਾਰ

ਚਾਰ ਮੁਲਾਜ਼ਮਾਂ ਨੇ ਭੰਡਾਰ ਕੀਤੀ 6097 ਕੁਇੰਟਲ ਕਣਕ ਦੀਆਂ 12,194 ਬੋਰੀਆਂ ਦਾ ਕੀਤਾ ਸੀ ਗਬਨ

ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)- ਸੂਬੇ ਵਿੱਚ ਭ੍ਰਿਸ਼ਟਾਚਾਰ ਨੂੰ ਠੱਲ੍ਹ ਪਾਉਣ ਦੇ ਮੱਦੇਨਜ਼ਰ ਵਿਜੀਲੈਂਸ ਬਿਊਰੋ ਪੰਜਾਬ ਨੇ ਬੁੱਧਵਾਰ ਨੂੰ ਪੰਜਾਬ ਮਾਰਕਫੈੱਡ ਦੇ ਐਮ.ਆਰ.ਐਮ ਕੰਪਲੈਕਸ ਰਾਜਪੁਰਾ ਵਿਖੇ ਕਣਕ ਦੇ ਸਟਾਕ ਵਿੱਚ ਵੱਡਾ ਗਬਨ ਕਰਨ ਦੇ ਦੋਸ਼ ਹੇਠ ਸੀਨੀਅਰ ਬਰਾਂਚ ਅਧਿਕਾਰੀ ਰਾਜਬੀਰ ਸਿੰਘ ਬੈਂਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਕਤ ਮਾਮਲੇ ਵਿੱਚ ਰਾਜਬੀਰ ਸਿੰਘ ਬੈਂਸ ਸਮੇਤ ਸ਼ਾਮਲ ਮਾਰਕਫੈੱਡ ਦੇ ਚਾਰ ਮੁਲਾਜ਼ਮਾਂ ਨੇ ਐਮ.ਆਰ.ਐਮ. ਕੰਪਲੈਕਸ ਵਿਖੇ ਭੰਡਾਰ ਕੀਤੀ 6,097 ਕੁਇੰਟਲ ਕਣਕ ਦੀਆਂ 12,194 ਬੋਰੀਆਂ ਦੀ ਹੇਰਾ-ਫੇਰੀ ਕਰਕੇ ਸਰਕਾਰੀ ਖਜ਼ਾਨੇ ਨੂੰ 1,24,61,658 ਰੁਪਏ ਦਾ ਭਾਰੀ ਨੁਕਸਾਨ ਪਹੁੰਚਾਇਆ ਹੈ।

ਜਾਣਕਾਰੀ ਦਿੰਦਿਆਂ ਸਟੇਟ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਆਈ.ਪੀ.ਸੀ. ਦੀ ਧਾਰਾ 409, 120-ਬੀ ਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1) ਡੀ, 13(2) ਤਹਿਤ ਐਫਆਈਆਰ ਨੰਬਰ 7 ਮਿਤੀ 13-05-2016 ਨੂੰ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਪਹਿਲਾਂ ਹੀ ਮਾਮਲਾ ਦਰਜ ਕੀਤਾ ਹੋਇਆ ਸੀ। ਇਸ ਕੇਸ ਵਿੱਚ ਰਾਜਬੀਰ ਸਿੰਘ ਬੈਂਸ ਸੀਨੀਅਰ ਬ੍ਰਾਂਚ ਅਫ਼ਸਰ ਮਾਰਕਫੈੱਡ, ਰਾਜਪੁਰਾ, ਫਰੀਦ ਖਾਨ, ਨਿਗਰਾਨ (ਕਸਟੋਡੀਅਨ), ਐਮਆਰਐਮ ਕੰਪਲੈਕਸ ਅਤੇ ਦਲੇਰ ਸਿੰਘ, ਸੇਲਜ਼ਮੈਨ ਨੂੰ ਇਸ ਗਬਨ ਲਈ ਜ਼ਿੰਮੇਵਾਰ ਪਾਇਆ ਗਿਆ। ਇਸ ਮਾਮਲੇ ਦੀ ਜਾਂਚ ਦੌਰਾਨ ਅਸ਼ਵਨੀ ਕੁਮਾਰ, ਫੀਲਡ ਅਫਸਰ, ਓਪਨ ਪਲਿੰਥ (ਗੁਦਾਮ), ਪਿੰਡ ਢੀਂਡਸਾ, ਰਾਜਪੁਰਾ ਨੂੰ ਵੀ ਬਾਅਦ ਵਿੱਚ ਨਾਮਜ਼ਦ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਮਾਮਲਾ ਐਮਆਰਐਮ ਕੰਪਲੈਕਸ ਰਾਜਪੁਰਾ ਵਿਖੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਮਾਰਕਫੈੱਡ ਦੇ ਭੰਡਾਰਨ ਗੋਦਾਮਾਂ ਤੇ ਢੀਂਡਸਾ ਵਿਖੇ ਖੁੱਲ੍ਹੇ ਪਲਿੰਥ ਦੀ ਅਚਨਚੇਤ ਚੈਕਿੰਗ ਕਰਨ ਉਪਰੰਤ ਦਰਜ ਕੀਤਾ ਗਿਆ ਹੈ। ਇਸ ਚੈਕਿੰਗ ਦੌਰਾਨ ਵਿਜੀਲੈਂਸ ਬਿਊਰੋ ਦੀ ਟੀਮ ਨੂੰ ਪਤਾ ਲੱਗਾ ਹੈ ਕਿ ਮਾਰਕਫੈੱਡ ਦੇ ਉਕਤ ਮੁਲਾਜ਼ਮਾਂ ਨੇ ਸਾਲ 2013-2014, 2014-2015 ਤੇ 2015-2016 ਦੌਰਾਨ 6097 ਕੁਇੰਟਲ ਵਜ਼ਨੀ ਕਣਕ ਦੀਆਂ 12194 ਬੋਰੀਆਂ ਦਾ ਗਬਨ ਕਰਨ ਲਈ ਜ਼ਿੰਮੇਵਾਰ ਪਾਏ ਗਏ ਸਨ। ਇਸ ਤਰ੍ਹਾਂ ਉਕਤ ਕਥਿਤ ਦੋਸ਼ੀਆਂ ਨੇ ਇਸ ਕਣਕ ਦੇ ਸਟਾਕ ਦੀ ਦੁਰਵਰਤੋਂ ਕਰਕੇ ਸਰਕਾਰੀ ਖਜ਼ਾਨੇ ਨੂੰ 1,24,61,658 ਰੁਪਏ ਦਾ ਖ਼ੋਰਾ ਲਾਇਆ ਹੈ। ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

ਫਾਸ਼ੀ ਹਮਲੇ ਵਿਰੋਧੀ ਫਰੰਟ ਵੱਲੋਂ 29 ਨੂੰ ਚੰਡੀਗੜ੍ਹ 'ਚ ਕਨਵੈਨਸ਼ਨ ਕਰਨ ਦਾ ਫੈਸਲਾ

ਲੁਧਿਆਣਾ/ਚੰਡੀਗੜ੍ਹ, (ਐੱਮ ਐੱਸ ਭਾਟੀਆ/ਰੈਕਟਰ ਕਬੂਰੀਆ) : ਫਾਸ਼ੀ ਹਮਲੇ ਵਿਰੋਧੀ ਫਰੰਟ ਦੀ ਮੀਟਿੰਗ ਲੁਧਿਆਣਾ ਦੇ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਉਪਰੋਕਤ ਤੋਂ ਬਿਨਾਂ ਸੀ ਪੀ ਆਈ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਤੇ ਕਾਮਰੇਡ ਮਹਿੰਦਰ ਸਿੰਘ, ਆਰ ਐਮ ਪੀ ਆਈ ਦੇ ਕੌਮੀ ਆਗੂ ਮੰਗਤ ਰਾਮ ਪਾਸਲਾ ਤੇ ਕੁਲਵੰਤ ਸਿੰਘ ਸੰਧੂ, ਸੀ ਪੀ ਆਈ ਮ ਲ (ਨਿਊ ਡੈਮੋਕ੍ਰੇਸੀ) ਦੇ ਆਗੂ ਕਾਮਰੇਡ ਅਜਮੇਰ ਸਿੰਘ, ਸੀ ਪੀ ਆਈ (ਮਲ) ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤਪੁਰ, ਐਮ ਸੀ ਪੀ ਆਈ ਦੇ ਆਗੂ ਐਡਵੋਕੇਟ ਕਿਰਨਜੀਤ ਸਿੰਘ ਸੇਖੋਂ ਹਾਜ਼ਰ ਸਨ। ਮੀਟਿੰਗ ਵਿੱਚ ਡੂੰਘੇ ਵਿਚਾਰ ਵਟਾਂਦਰੇ ਉਪਰੰਤ ਕੇਂਦਰ ਦੀ ਭਾਜਪਾ ਹਕੂਮਤ ਵੱਲੋਂ ਜਮਹੂਰੀ ਹੱਕਾਂ ਦੇ ਮਿੱਥ ਕੇ ਕੀਤੇ ਜਾ ਰਹੇ ਘਾਣ, ਘੱਟ-ਗਿਣਤੀਆਂ ਵਿਰੁੱਧ ਖੜੇ ਕੀਤੇ ਜਾ ਰਹੇ ਜੇਹਾਦ, ਫਿਰਕੂ ਫਾਸ਼ੀਵਾਦ ਤੇ ਵਿਸ਼ੇਸ਼ ਕਰ ਰਾਜਾਂ ਦੇ ਅਧਿਕਾਰਾਂ 'ਤੇ ਮਾਰੇ ਜਾ ਰਹੇ ਡਾਕੇ, ਸੰਘੀ ਢਾਂਚੇ ਦਾ ਭੋਗ ਪਾ ਕੇ ਤਾਨਾਸ਼ਾਹ ਕੇਂਦਰੀ ਰਾਜ ਪਬੰਧ ਦੀ ਕੀਤੀ ਜਾ ਰਹੀ ਉਸਾਰੀ ਖਿਲਾਫ ਲੋਕ ਲਾਮਬੰਦੀ ਕਰਨ ਦਾ ਫੈਸਲਾ ਕੀਤਾ ਗਿਆ। ਭਾਜਪਾ ਹਕੂਮਤ ਵੱਲੋਂ ਕੇਂਦਰੀ ਹਕੂਮਤ ਦੇ ਦੰਦ ਤਿੱਖੇ ਕਰਨ ਲਈ ਬਣਾਏ ਜਾ ਰਹੇ ਯੂਨੀਫਾਈਡ ਸਿਵਲ ਕੋਡ, ਰਾਜਾਂ ਦੀਆਂ ਰਾਜਧਾਨੀਆਂ 'ਚ ਕੌਮੀ ਜਾਂਚ ਏਜੰਸੀ ਦੇ ਖੋਲ੍ਹੇ ਜਾ ਰਹੇ ਦਫਤਰ, ਹਰ ਵਿਰੋਧ ਨੂੰ ਕੁਚਲਣ ਲਈ ਕੇਂਦਰੀ ਏਜੰਸੀਆਂ ਦੀ ਕੀਤੀ ਜਾ ਰਹੀ ਦੁਰਵਰਤੋਂ, ਇੱਕ ਪੁਲਸ ਇੱਕ ਵਰਦੀ ਬਣਾਉਣ ਦਾ ਅਲਾਪਿਆ ਜਾ ਰਿਹਾ ਰਾਗ, ਝੂਠੇ ਮਨਘੜਤ ਕੇਸਾਂ 'ਚ ਲੰਮੇ ਸਮੇਂ ਤੋਂ ਜੇਲ੍ਹਾਂ 'ਚ ਬੰਦ ਲੋਕਪੱਖੀ ਬੁੱਧੀਜੀਵੀਆਂ ਨੂੰ ਰਿਹਾਅ ਨਾ ਕਰਨ, ਸਜ਼ਾਵਾਂ ਭੁਗਤ ਚੁੱਕੇ ਸਾਰੇ ਬੰਦੀਆਂ ਨੂੰ ਮੰਗ ਕਰਨ ਦੇ ਬਾਵਜੂਦ ਅਜੇ ਤੱਕ ਰਿਹਾਅ ਨਾ ਕਰਨ ਆਦਿ ਮੰਗਾਂ ਦੇ ਨਾਲ ਰਾਜਾਂ ਦੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਲਈ ਡੈਮ ਸੇਫਟੀ ਐਕਟ ਰੱਦ ਕਰਨ, ਹੈੱਡਵਰਕਸ ਦਾ ਪ੍ਰਬੰਧ ਰਾਜ ਸਰਕਾਰਾਂ ਨੂੰ ਦੇਣ, ਪੰਜਾਬ ਕੋਲ ਲੋੜ ਤੋਂ ਘੱਟ ਪਾਣੀ ਹੋਣ ਕਾਰਨ ਪਾਣੀ ਦੀ ਰਾਖੀ ਕਰਨ, ਪੰਜਾਬੀ ਬੋਲਦੇ ਇਲਾਕੇ ਸਮੇਤ ਚੰਡੀਗੜ੍ਹ ਪੰਜਾਬ ਨੂੰ ਦੇਣ, ਬੀ ਐੱਸ ਐੱਫ ਨੂੰ ਪੰਜਾਹ ਕਿਲੋਮੀਟਰ ਦੇ ਘੇਰੇ 'ਚ ਦਿੱਤੇ ਹਰ ਤਰ੍ਹਾਂ ਦੇ ਹੱਕ ਰੱਦ ਕਰਾਉਣ, ਪੀਣ ਵਾਲੇ ਪਾਣੀ ਨੂੰ ਸਮੁੱਚੇ ਪੰਜਾਬ 'ਚ ਪ੍ਰਦੂਸ਼ਿਤ ਹੋਣ ਤੋਂ ਬਚਾਉਣ, ਨਹਿਰਾਂ ਦੇ ਤਲੇ ਪੱਕੇ ਨਾ ਕਰਨ, ਜੀ ਐੱਸ ਟੀ ਇਕੱਤਰ ਕਰਨ ਦਾ ਹੱਕ ਰਾਜਾਂ ਕੋਲ ਹੋਵੇ ਤੇ ਉਸ ਵਿੱਚੋਂ ਕੇਂਦਰ ਦਾ ਹਿੱਸਾ ਭੇਜਿਆ ਜਾਵੇ, ਪੇਂਡੂ ਵਿਕਾਸ ਫੰਡ ਦਾ ਰੋਕਿਆ ਫੰਡ ਜਾਰੀ ਕੀਤਾ ਜਾਵੇ, ਪੰਜਾਬ ਵਰਸਿਟੀ ਨੂੰ ਹੜੱਪਣ ਦੀਆਂ ਸਾਜ਼ਿਸ਼ਾਂ ਬੰਦ ਕੀਤੀਆਂ ਜਾਣ।

ਮੀਟਿੰਗ ਵਿੱਚ ਉਪਰੋਕਤ ਮੁੱਦਿਆਂ ਤੇ ਮੰਗਾਂ 'ਤੇ 29 ਦਸੰਬਰ ਨੂੰ ਚੰਡੀਗੜ੍ਹ ਵਿਖੇ ਅਗਲਾ ਐਕਸ਼ਨ ਪ੍ਰੋਗਰਾਮ ਵਿਚਾਰਣ ਲਈ ਸੂਬਾ ਪੱਧਰੀ ਕਨਵੈਨਸ਼ਨ ਕਰਨ ਦਾ ਫੈਸਲਾ ਕੀਤਾ ਗਿਆ।

ਮਜ਼ਦੂਰਾਂ 'ਤੇ ਕੀਤੇ ਤਸ਼ੱਦਦ ਦੀ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਨਿੰਦਾ

ਜਲਾਲਾਬਾਦ, (ਜੀਤ ਕੁਮਾਰ)-ਪੰਜਾਬ ਖੇਤ ਮਜ਼ਦੂਰ ਸਭਾ ਬਲਾਕ ਜਲਾਲਾਬਾਦ ਦੀ ਮੀਟਿੰਗ ਸਥਾਨਕ ਸੁਤੰਤਰ ਭਵਨ (ਦਫਤਰ ਸੀ ਪੀ ਆਈ) ਵਿਖੇ ਕਾ. ਰੇਸ਼ਮ ਸਿੰਘ ਪਾਲੀਵਾਲਾ ਤੇ ਕਾਮਰੇਡ ਸ਼ੇਰ ਸਿੰਘ ਫ਼ਲੀਆਂਵਾਲਾ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਵਿੱਚ ਬਲਾਕ ਪ੍ਰਧਾਨ ਕਾਮਰੇਡ ਮੁਖਤਿਆਰ ਸਿੰਘ, ਬਲਾਕ ਜਨਰਲ ਸਕੱਤਰ ਕਾਮਰੇਡ ਬਲਵੀਰ ਸਿੰਘ ਕਾਠਗੜ੍ਹ, ਦਲਜੀਤ ਸਿੰਘ, ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਜਰਨੈਲ ਸਿੰਘ ਬ੍ਰਾਂਚ ਸਕੱਤਰ ਟਰਿਆ, ਸੁਰਜੀਤ ਕਾਠਗੜ੍ਹ, ਰਣਜੀਤ ਸਿੰਘ ਮੋਹਲਾ, ਸੁਲੱਖਣ ਸਿੰਘ ਪਾਲੀਵਾਲਾ, ਸੁਰਜੀਤ ਸਿੰਘ, ਪ੍ਰੇਮ ਸਿੰਘ ਕਮਰੇ ਵਾਲਾ ਆਦਿ ਹਾਜ਼ਰ ਸਨ। ਮੀਟਿੰਗ 'ਚ ਸਭ ਤੋਂ ਪਹਿਲਾਂ ਮਜ਼ਦੂਰ ਜਥੇਬੰਦੀਆਂ ਵੱਲੋਂ ਸੰਗਰੂਰ ਵਿਖੇ ਦਿੱਤੇ ਗਏ ਧਰਨੇ ਦੇ ਦੌਰਾਨ ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਪੁਲਸ ਪ੍ਰਸ਼ਾਸਨ ਵੱਲੋਂ ਮਜ਼ਦੂਰਾਂ 'ਤੇ ਕੀਤੇ ਗਏ ਲਾਠੀਚਾਰਜ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਆਗੂਆਂ ਨੇ ਕਿਹਾ ਕਿ ਆਪਣੇ ਹੱਕ ਮੰਗਣ ਵਾਲੇ ਮਜ਼ਦੂਰਾਂ 'ਤੇ ਪੰਜਾਬ ਸਰਕਾਰ ਤਸ਼ੱਦਦ ਕਰ ਰਹੀ ਹੈ, ਜੋ ਕਿ ਅਤਿ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮਜ਼ਦੂਰ ਵਰਗ ਦੀਆਂ ਮੰਗਾਂ ਦਾ ਹੱਲ ਨਹੀਂ ਕੀਤਾ ਗਿਆ ਤਾਂ ਮਜ਼ਦੂਰ ਟਿਕ ਕੇ ਨਹੀਂ ਬੈਠਣਗੇ ਤੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਭਵਿੱਖ ਵਿੱਚ ਵੀ ਸੰਘਰਸ਼ ਜਾਰੀ ਰੱਖਣਗੇ। ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਹੱਕ ਮੰਗ ਰਹੇ ਮਜ਼ਦੂਰਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇ। ਬਲਾਕ ਪ੍ਰਧਾਨ ਕਾਮਰੇਡ ਮੁਖਤਿਆਰ ਸਿੰਘ ਨੇ ਮੰਗ ਕੀਤੀ ਕਿ ਕਿਰਤੀ ਲਾਭਪਾਤਰੀ ਦੇ ਬੱਚਿਆਂ ਦੇ ਸਾਲ 2017 ਤੋਂ ਲੈ ਕੇ ਹੁਣ ਤੱਕ ਰੁਕੇ ਹੋਏ ਵਜ਼ੀਫੇ ਤੁਰੰਤ ਦਿੱਤਾ ਜਾਣ, ਜਿਨ੍ਹਾਂ ਮਜ਼ਦੂਰਾਂ ਦੇ ਹਾਲੇ ਤੱਕ ਦਾਲ ਆਟਾ ਸਕੀਮ ਤਹਿਤ ਰਾਸ਼ਨ ਕਾਰਡ ਬਣੇ ਹਨ, ਉਨ੍ਹਾਂ ਮਜ਼ਦੂਰਾਂ ਦੇ ਕਾਰਡ ਤੁਰੰਤ ਬਣਾਏ ਜਾਣ, ਵਿਧਵਾ ਤੇ ਬੁਢਾਪਾ ਪੈਨਸ਼ਨ, ਅੰਗਹੀਣ ਪੈਨਸ਼ਨ 'ਚ ਵਾਧਾ ਕੀਤਾ ਜਾਵੇ। ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਂਟ ਮਕਾਨ ਬਣਾਉਣ ਦੇ ਨਾਲ 5 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇ, ਮਗਨਰੇਗਾ ਮਜ਼ਦੂਰਾਂ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਤੇ 700 ਰੁਪਏ ਪ੍ਰਤੀ ਦਿਨ ਦਿਹਾੜੀ ਕੀਤੀ ਜਾਵੇ ਅਤੇ ਪੰਚਾਇਤਾਂ ਦੀ ਦਖਲ ਅੰਦਾਜ਼ੀ ਤੋਂ ਬਿਨਾਂ ਪਿੰਡਾਂ ਵਿੱਚ ਮਜ਼ਦੂਰਾਂ ਨੂੰ ਕੰਮ ਦਿੱਤਾ ਜਾਵੇ, ਕਿਉਂਕਿ ਪੰਚਾਇਤੀ ਚੋਣਾਂ ਦੀ ਰੰਜਿਸ਼ ਕਾਰਨ ਮਜ਼ਦੂਰਾਂ ਨੂੰ ਪਰਦਰਸ਼ੀ ਢੰਗ ਨ

page-6-8-(DEC)-2022-G-(BV)-Fianal.qxd 12/7/2022 10:36 PM Page 1

16ਵਾਂ ਪੰਜਾਬ ਇੰਟਰਨੈਸ਼ਨਲ ਟਰੇਡ ਐਕਸਪੋ (ਪਾਈਟੈਕਸ) ਅੱਜ ਤੋਂ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਪੀ. ਐੱਚ. ਡੀ. ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਵੱਲੋਂ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ 16ਵਾਂ ਪੰਜਾਬ ਇੰਟਰਨੈਸ਼ਨਲ ਟਰੇਡ ਐਕਸਪੋ (ਪਾਈਟੈਕਸ) ਵੀਰਵਾਰ ਤੋਂ ਅੰਮ੍ਰਿਤਸਰ ਵਿੱਚ ਸ਼ੁਰੂ ਹੋ ਰਿਹਾ ਹੈ। ਇਸ ਵਾਰ ਪਾਈਟੈਕਸ ਵਿੱਚ ਭਾਰਤ ਦੇ ਕਈ ਰਾਜਾਂ ਅਤੇ ਵਿਦੇਸਾਂ ਤੋਂ 450 ਦੇ ਕਰੀਬ ਕਾਰੋਬਾਰੀ ਪਹੁੰਚ ਰਹੇ ਹਨ। ਅੰਮ੍ਰਿਤਸਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਾਈਟੈਕਸ ਸ਼ੁਰੂ ਕਰਨ ਦਾ ਰਸਮੀ ਐਲਾਨ ਕਰਦਿਆਂ ਕਿਹਾ ਕਿ ਅੰਮ੍ਰਿਤਸਰ ਅਤੇ ਆਸਪਾਸ ਦੇ ਜ਼ਿਲ੍ਹਿਆਂ ਦੇ ਲੋਕ ਪਾਈਟੈਕਸ ਦੀ ਬੇਸਬਰੀ ਨਾਲ ਉਡੀਕ ਕਰਦੇ ਹਨ ਜਿਥੇ ਉਨ੍ਹਾਂ ਨੂੰ ਇੱਕ ਛੱਤ ਹੇਠ ਵੱਖ-ਵੱਖ ਉਤਪਾਦ ਮਿਲਣਗੇ ਅਤੇ ਉਦਯੋਗ ਦੇ ਖੇਤਰ ਵਿੱਚ ਅੰਮ੍ਰਿਤਸਰ ਦਾ ਗ਼ਾਫ ਵੀ ਉੱਚਾ ਹੋਵੇਗਾ। ਪੰਜਾਬ ਸਰਕਾਰ ਇਸ ਸਮਾਗਮ ਦੀ ਮੇਜ਼ਬਾਨੀ ਕਰ ਰਹੀ ਹੈ। ਡੀਸੀ ਨੇ ਕਿਹਾ ਕਿ ਪਾਈਟੈਕਸ ਨੇ ਪਿਛਲੇ 15 ਸਾਲਾਂ ਦੌਰਾਨ ਪੰਜਾਬ ਵਿੱਚ ਹੀ ਨਹੀਂ ਸਗੋਂ ਵਿਦੇਸ਼ਾਂ ਵਿੱਚ ਵੀ ਆਪਣੀ ਵੱਖਰੀ ਪਛਾਣ ਬਣਾਈ ਹੈ। ਚੇਅਰਮੈਨ ਆਰ. ਐੱਸ. ਸਚਦੇਵਾ ਨੇ ਦੱਸਿਆ ਕਿ 8 ਦਸੰਬਰ ਨੂੰ ਸਵੇਰ ਦੀ ਸਭਾ ਵਿੱਚ ਗੈਸਟਰੋਇੰਟੈਸਟਾਈਨਲ ਓਂਕੋਲੋਜੀ ਵਿੱਚ ਨਿਊ ਫਰੰਟੀਅਰਜ਼ ਵਿਸ਼ੇ 'ਤੇ ਸੈਮੀਨਾਰ ਕਰਵਾਇਆ ਜਾਵੇਗਾ। ਇਸ ਦੌਰਾਨ ਸਥਾਨਕ ਐਨ. ਜੀ. ਓ. ਦੇ ਬੱਚੇ ਇੱਥੇ ਆਉਣਗੇ। ਦੁਪਹਿਰ ਦੇ ਸੈਸ਼ਨ ਵਿੱਚ ਉੱਦਮੀ ਸੰਮੇਲਨ ਦਾ ਆਯੋਜਨ ਕੀਤਾ ਜਾਵੇਗਾ ਜਿਸ ਵਿੱਚ ਜਲੰਧਰ ਦੇ ਡਵੀਜ਼ਨਲ ਕਮਿਸ਼ਨਰ ਗੁਰਪ੍ਰੀਤ ਕੌਰ ਸਪਰਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। 9 ਦਸੰਬਰ ਨੂੰ ਐੱਮ. ਐੱਸ. ਐੱਮ. ਈ. ਸੰਮੇਲਨ ਕਰਵਾਇਆ ਜਾਵੇਗਾ, ਜਿਸ ਵਿੱਚ ਸੈਰ ਸਪਾਟਾ ਤੇ ਸੱਭਿਆਚਾਰਕ ਵਿਭਾਗ ਦੇ ਸਕੱਤਰ ਆਈ. ਏ. ਐੱਸ. ਗੁਰਕੀਰਤ ਕਿਰਪਾਲ ਸਿੰਘ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਉਨ੍ਹਾਂ ਦੱਸਿਆ ਕਿ 10 ਦਸੰਬਰ ਨੂੰ 'ਪੰਜਾਬ 'ਚ ਨਿਵੇਸ਼ ਦੇ ਮੌਕਿਆਂ' ਵਿਸ਼ੇ 'ਤੇ ਹੋਣ ਵਾਲੇ ਸੰਮੇਲਨ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਸਮਾਗਮ ਦੀ ਪ੍ਰਧਾਨਗੀ ਪੰਜਾਬ ਦੇ ਸੈਰ ਸਪਾਟਾ, ਸੱਭਿਆਚਾਰਕ ਮਾਮਲੇ ਅਤੇ ਨਿਵੇਸ਼ ਪ੍ਰਮੋਸ਼ਨ ਮੰਤਰੀ ਅਨਮੋਲ ਗਗਨ ਮਾਨ ਕਰਨਗੇ।

ਇਸ ਮੌਕੇ ਪੀਐੱਚਡੀ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਦੇ ਸਹਾਇਕ ਸਕੱਤਰ ਜਨਰਲ ਨਵੀਨ ਸੇਠ ਨੇ ਦੱਸਿਆ ਕਿ ਇਸ ਵਾਰ ਦੇਸ਼ ਭਰ ਤੋਂ 450 ਦੇ ਕਰੀਬ ਕਾਰੋਬਾਰੀ ਪਾਈਟੈਕਸ ਵਿੱਚ ਭਾਗ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਵਾਰ ਪਾਕਿਸਤਾਨ, ਅਫਗਾਨਿਸਤਾਨ, ਮਿਸਰ, ਈਰਾਨ, ਥਾਈਲੈਂਡ ਅਤੇ ਤੁਰਕੀ ਤੋਂ ਵਪਾਰੀ ਆਪਣੇ ਉਤਪਾਦ ਲੈ ਕੇ ਆਏ ਹਨ। ਭਾਰਤ 'ਚ ਮੱਧ ਪ੍ਰਦੇਸ਼, ਰਾਜਸਥਾਨ, ਉੱਤਰਾਖੰਡ, ਉਤਰ ਪ੍ਰਦੇਸ਼, ਦਿੱਲੀ, ਜੰਮੂ-ਕਸ਼ਮੀਰ ਅਤੇ ਝਾਰਖੰਡ ਦੇ ਸੂਬੇ ਭਾਗ ਲੈ ਰਹੇ ਹਨ। ਸੇਠ ਨੇ ਦੱਸਿਆ ਕਿ ਪੰਜਾਬ ਦੇ ਕਈ ਨਾਮੀ ਉਦਯੋਗਾਂ ਤੋਂ ਇਲਾਵਾ ਐੱਮ. ਐੱਸ. ਐੱਮ. ਈ., ਟੈਕਸਟਾਈਲ ਮੰਤਰਾਲੇ, ਨਾਬਾਰਡ, ਨੈਸ਼ਨਲ ਸਮਾਲ ਇੰਡਸਟਰੀਜ਼ ਕਾਰਪੋਰੇਸ਼ਨ, ਜੂਟ ਬੋਰਡ, ਕੇ. ਵੀ. ਆਈ. ਸੀ. ਅਤੇ ਇਨਵੈਸਟ ਪੰਜਾਬ ਸਮੇਤ ਪੰਜਾਬ ਅਤੇ ਕੇਂਦਰ ਸਰਕਾਰ ਦੇ ਕਈ ਮੰਤਰਾਲੇ ਸਹਿਯੋਗ ਕਰ ਰਹੇ ਹਨ।

ਫੁਲਵਾੜੀ ਪਬਲਿਕ ਸਕੂਲ ਬੈਸਟ ਟੀਚਰ ਅਵਾਰਡ ਨਾਲ ਸਨਮਾਨਤ

ਲੋਹੀਆਂ ਖਾਸ, (ਯੋਗੇਸਵਰ, ਗੀਨਾ ਸਰਮਾ) : ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੂੰ ਬੈਸਟ ਟੀਚਰ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ ਐਂਡ ਐਸੋਸੀਏਸ਼ਨ ਆਫ ਪੰਜਾਬ ਵਲੋਂ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਦੂਸਰਾ ਫੈਪ ਐਵਾਰਡ 2022 ਦਾ ਆਯੋਜਨ ਕੀਤਾ ਗਿਆ ਜਿਸ ਵਿਚ ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਅਧਿਆਪਕ ਮਾ. ਰਣਜੀਤ ਸਿੰਘ ਰਾਣਾ ਅਤੇ ਮੈਡਮ ਗੀਟਾ ਅਬਰੋਲ ਨੂੰ ਬੈਸਟ ਟੀਚਰ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਦੇ ਮੈਨੇਜਰ ਜਗੀਰ ਜੋਸਨ, ਡਾਇਰੈਕਟਰ ਮੈਡਮ ਗੁਰਬਖਸ਼ ਕੌਰ ਜੋਸਨ, ਐੱਮ.ਡੀ ਰਾਜਬੀਰ ਸਿੰਘ ਜੋਸਨ, ਪ੍ਰਿੰਸੀਪਲ ਲਖਬੀਰ ਸਿੰਘ, ਕੋਆਰਡੀਨੇਟਰ ਹਰਪ੍ਰੀਤ ਕੌਰ, ਮਾ. ਰਮੇਸ਼ ਸ਼ਰਮਾ, ਮੈਡਮ ਇੰਦੂ ਬਾਲਾ ਨੇ ਮੁਬਾਰਕਾਂ ਦਿੱਤੀਆਂ। ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਧਾਈਆਂ ਮਿਲ ਰਹੀਆਂ ਹਨ।

ਅੰਮ੍ਰਿਤਸਰ 'ਚ ਪੰਜਾਬੀ ਐੱਨ ਆਰ ਆਈਜ਼ ਨਾਲ ਮਿਲਣੀ 30 ਨੂੰ : ਡੀ ਸੀ

ਗੁਰਦਾਸਪੁਰ (ਜਨਕ ਮਹਾਜਨ)-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਪ੍ਰਵਾਸੀ ਪੰਜਾਬੀਆਂ ਦੇ ਮਸਲਿਆਂ ਅਤੇ ਸ਼ਿਕਾਇਤਾਂ ਦੇ ਤਸੱਲੀਬਖ਼ਸ਼ ਢੰਗ ਨਾਲ ਨਿਪਟਾਰੇ ਲਈ 'ਪੰਜਾਬੀ ਐੱਨਆਰਆਈਜ਼ ਨਾਲ ਮਿਲਣੀ' ਨਾਮਕ ਪ੍ਰੋਗਰਾਮ ਸ਼ੁਰੂ ਕੀਤਾ ਜਾ ਰਿਹਾ ਹੈ। ਪੰਜਾਬ ਦੇ ਐੱਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ 30 ਦਸੰਬਰ ਨੂੰ ਅੰਮ੍ਰਿਤਸਰ ਵਿਖੇ ਮਾਝੇ ਦੇ ਜ਼ਿਲ੍ਹੇ ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ ਅਤੇ ਤਰਨਤਾਰਨ ਨਾਲ ਸਬੰਧਤ ਪ੍ਰਵਾਸੀ ਭਾਰਤੀ ਇਸ ਮਿਲਣੀ ਵਿੱਚ ਭਾਗ ਲੈਣਗੇ। ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ 30 ਦਸੰਬਰ ਨੂੰ ਅੰਮ੍ਰਿਤਸਰ ਵਿਖੇ ਹੋਣ ਵਾਲੀ ਮਿਲਣੀ ਵਿੱਚ ਗੁਰਦਾਸਪੁਰ ਜ਼ਿਲ੍ਹੇ ਨਾਲ ਸਬੰਧਤ ਪ੍ਰਵਾਸੀ ਭਾਰਤੀਆਂ ਦੀਆਂ ਸ਼ਿਕਾਇਤਾਂ ਤੇ ਮਸਲੇ ਸੁਣ ਕੇ ਸਬੰਧਿਤ ਅਧਿਕਾਰੀਆਂ ਨੂੰ ਨਿਪਟਾਰੇ ਲਈ ਨਿਰਦੇਸ਼ ਜਾਰੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਮਿਲਣੀ ਵਿੱਚ ਸ਼ਾਮਲ ਹੋਣ ਵਾਲੇ ਪ੍ਰਵਾਸੀ ਭਾਰਤੀਆਂ ਦੀ ਰਜਿਸਟਰੇਸ਼ਨ ਸਵੇਰੇ 10:30 ਵਜੇ ਤੋਂ 11:00 ਵਜੇ ਤੱਕ ਕੀਤੀ ਜਾਵੇਗੀ ਅਤੇ ਉਸ ਤੋਂ ਬਾਅਦ ਕੈਬਨਿਟ ਮੰਤਰੀ ਧਾਲੀਵਾਲ ਵੱਲੋਂ ਐੱਨਆਰਆਈਜ਼ ਦੀਆਂ ਸ਼ਿਕਾਇਤਾਂ ਸੁਣੀਆਂ ਜਾਣਗੀਆਂ ਤੇ ਉੱਚ ਅਧਿਕਾਰੀਆਂ ਨੂੰ ਜਲਦ ਨਿਪਟਾਰੇ ਲਈ ਆਦੇਸ਼ ਜਾਰੀ ਕੀਤੇ ਜਾਣਗੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਨਾਲ ਸਬੰਧਿਤ ਸਮੂਹ ਪ੍ਰਵਾਸੀ ਭਾਰਤੀਆਂ ਨੂੰ ਇਸ ਮਿਲਣੀ ਵਿੱਚ ਸ਼ਾਮਲ ਹੋ ਕੇ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ ਹੈ।

ਧਾਮੀ ਦਾ ਕੀਤਾ ਸਨਮਾਨ

ਹੁਸ਼ਿਆਰਪੁਰ (ਓ ਪੀ ਰਾਣਾ)-- ਹਰਜਿੰਦਰ ਸਿੰਘ ਧਾਮੀ ਨੂੰ ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਦੂਜੀ ਵਾਰ ਪ੍ਰਧਾਨ ਚੁਣੇ ਜਾਣ 'ਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਹੁਸ਼ਿਆਰਪੁਰ ਜੋਨ, ਗੁਰਸ਼ਬਦ ਪ੍ਰਕਾਸ਼ ਕੀਰਤਨ ਕੌਂਸਲ ਗੜਦੀਵਾਲਾ ਵਲੋਂ ਵਿਸ਼ੇਸ਼ ਸਨਮਾਨ ਕਰਨ ਲਈ ਆਸ ਕਿਰਨ ਡਰੱਗ ਕਾਊਂਸਲਿੰਗ ਅਤੇ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਵਿਖੇ ਸ਼ਬਦ ਗੁਰੂ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿਚ ਭਾਈ ਨਛੱਤਰ ਸਿੰਘ ਬ੍ਰਹਮਜੀਤ ਵਲੋਂ ਬਾਣੀ ਦੇ ਪਾਠ ਤੇ ਭਾਈ ਸਰਬਜੀਤ ਸਿੰਘ ਯੂ ਐੱਸ ਏ ਵਾਲਿਆਂ ਵਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਹਰਜਿੰਦਰ ਸਿੰਘ ਧਾਮੀ, ਹਰਵਿੰਦਰ ਸਿੰਘ ਨੰਗਲ ਈਸ਼ਰ, ਨਵਪ੍ਰੀਤ ਸਿੰਘ ਮੰਡਿਆਲਾ, ਅਮਰੀਕ ਸਿੰਘ ਕਬੀਰਪੁਰ, ਕੇਂਦਰ ਦੇ ਡਾਇਰੈਕਟਰ ਡਾ. ਜਸਵਿੰਦਰ ਸਿੰਘ ਡੋਗਰਾ ਨੇ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਸਮੇਂ ਧਾਮੀ ਨੂੰ ਗੁਰਮਤਿ ਸਾਹਿਤ ਸੈੱਟ ਭੇਂਟ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਹਰਵਿੰਦਰ ਸਿੰਘ ਨੰਗਲ ਈਸ਼ਰ ਨੇ ਬਾਖੂਬੀ ਨਿਭਾਈ। ਇਸ ਮੌਕੇ ਆਸ ਕਿਰਨ ਡਰੱਗ ਕਾਊਂਸਲਿੰਗ ਅਤੇ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਦੇ ਸਮੂਹ ਸਟਾਫ ਤੋਂ ਇਲਾਵਾ ਬਹਾਦਰ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਪਥਿਆਲ, ਏਕਮਜੋਤ ਸਿੰਘ ਸੋਖੋਂ, ਚਰਨਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਕਲਾਸੀਫਾਈਡ ਇਸ਼ਤਿਹਾਰ

Court Notice

In the Court of Sh. Tarunpreet Singh Judicial Magistrate 1st class Ludhiana.
CNR No. PBLD03-076918-2018
Next Date : 31.01.2023
Coma No. 16420/2018
Vishal Bansal
Versus
Rakesh Kumar

Publication issued to : Rakesh Kumar Prop. of M/s M.K. Trader St. No. 3, Jassian Road, Naveen Nagar, Ludhiana.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 31.01.2023 at 10.00 a.m.

For details logon to : https://highcourtchd.gov.in/?trs=district notice&district=Ludhiana
Judicial Magistrate 1st class Ludhiana.
Dated, this day of 29.11.2022

Court Notice

(U/o 5 Rule 20 CPC)
In the Court of Ms. Anuradha Additional Civil Judge (Senior Division) Nabha
Next Date, Purpose of Case, Orders and Judgments as well as other
case information is available on http://ecourts.gov.in
CNR No. PBPTB0-001075-2022
Next Date : 29.03.2023
Karmjeet Singh
Vs.
General Public

Publication issued to : General Public, General Public

Whereas it has been proved to the satisfaction of the Court that the defendant (s) Respondent (s) above named cannot be served in the ordinary way of service, Hence, this proclamation under order 5 Rule 20 CPC is hereby issued against him/them and should appear personally or through their counsel on 29.03.2023 at 10.00 A.M.

Take notice that, in default of his/their appearance on the day before mentioned, the above said case will be heard and determined in his/their absence according to law.

Given under my hand and seal of the Court, this 06.12.2022
Additional Civil Judge (Senior Division) Nabha

Court Notice

In the Court of Ms. Tripat Jot Kaur Addl. Principal Judge Family Court-II, Jalandhar.
CNR No. PBJL01-015126-2019
Next Date : 18.2.2023
Rajesh aged 28 years S/o Dalla Ram R/o New Indra Colony Jindan Road, Backside Verka Milk Plant Jalandhar.
Versus
Seema W/o Rajesh D/o Lila Ram R/o Jhugian, Near Ganda Nalla, Ludhiana Road, Jagraon.

Petition under section 13 of Hindu marriage act for dissolution of marriage by a decree of divorce.

Publication issued to : Seema Spouse : Rajesh D/o Lila Ram R/o Jhugian, Near Ganda Nalla, Ludhiana Road , Jagraon.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 18.2.2023 at 10.00 a.m.

For details logon to : https://highcourtchd.gov.in/?trs=district notice&district=Jalandhar
Addl. Principal Judge Family Court-II, Jalandhar.
Dated, this day of 6.12.2022

Court Notice

In the Court of Mandeep Kaur Principal Judge, Family Court, Amritsar.
CNR No. PBAS01-006869-2022
Previous Date : 31.10.2022
Next Date : 16.12.2022
Ritvik Arora S/o Late Sh. Raj Kumar R/o H.No. 6884, Gali No. 2, Baba Sangat Singh Road, Maqboolpura, Mehta Road, Amritsar.
Versus : Bani Arora @ Neetan Rajput D/o Mangal Singh R/o Vill. Dhola Rajadyan, P.O. Chandanpur, Bilaspur, Himachal Pradesh, Pin-174004

Publication issued to : Bani Arora @ Neetan Rajput D/o Mangal Singh R/o Vill. Dhola Rajadyan, P.O. Chandanpur, Bilaspur, Himachal Pradesh, Pin-174004

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 16.12.2022 at 10.00 a.m.

For details logon to : https://highcourtchd.gov.in/?trs=district notice&district=Amritsar
Principal Judge, Family Court, Amritsar.
Dated, this day of 7.12.2022

Public notice

The public is hereby notified that Mukhwider kaur w/o Vikas bhandari R/o Dashmesh Nagar Doraha Tehsil Payal District Ludhiana has applied for loan to Punjab & Sind bank Branch Doraha against mortgage of her property, measuring 0-2 Biswa (100 Sq. Yds.) being 2/391 share of total property measuring 19 Bigha-11 Biswa comprised in khasra no. 1046, 1047 Khata No. 294/389 as per jamabandi for the year 2001-02, situated at Mauja Haraichan Hadbast No 248 Tehsil Payal Dist. Ludhiana as per sale deed wasika No.3374 Dated 20-02-2006 registered in the office of Sub Registrar Payal. The previous sale deed Wasika number 1813 dated 06/09/2004 registered in the office of Sub Registrar Payal in favor of Kiran Bala W/o Satish Garg has been lost. Any person/ institution having any right lien charge or any other interest of any nature whatsoever may contact us within a period of 7 days from the date of publication of this notice otherwise it will be presumed that there is no any other objection upon person against the said property and the above said Mukhwinder kaur will be free to mortgage the stipulated period.

Branch Manager, Punjab & sind Bank, Doraha Branch

ਦਫਤਰ ਨਗਰ ਕੌਂਸਲ, ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ

ਪਬਲਿਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪ੍ਰਾਪਰਟੀ ਨੰ: 1224 ਵਾਕਿਆ ਪੁਰਾਣੀ ਐੱਮ ਸੀ ਸਟਰੀਟ, ਜਲਾਲਾਬਾਦ ਨਗਰ ਕੌਂਸਲ ਦੇ ਹਾਊਸ ਟੈਕਸ ਅਸੈਸਮੈਂਟ ਰਜਿਸਟਰ 1998-99 ਅਤੇ ਸੈਲਫ ਟੈਕਸ ਅਸੈਸਮੈਂਟ ਰਜਿਸਟਰ 2013-14 ਮੁਤਾਬਕ ਸ੍ਰੀ ਸਤਨਾਮ ਸਿੰਘ ਪੁੱਤਰ ਸ੍ਰੀ ਹਰਦਿੱਤ ਸਿੰਘ ਦੇ ਨਾਂਅ ਦੁਕਾਨ ਦਰਜ ਹੈ।

ਪ੍ਰਾਰਥੀਆਨ ਸ੍ਰੀਮਤੀ ਅੰਮ੍ਰਿਤਪਾਲ ਕੌਰ ਵਿਧਵਾ ਵਾ ਹਰਦੀਪ, ਸਿੰਘ ਅਮਨਦੀਪ ਸਿੰਘ ਪੁੱਤਰਾਨ-ਜਗਦੀਪ ਕੌਰ ਪੁੱਤਰੀ ਸ੍ਰੀ ਸਤਨਾਮ ਸਿੰਘ ਵਾਸੀ ਜਲਾਲਾਬਾਦ ਵੱਲੋਂ ਦਰਖਾਸਤ ਅਤੇ ਬਿਆਨ ਹਲਫੀਆ ਦੇ ਕੇ ਬੇਨਤੀ ਕੀਤੀ ਗਈ ਹੈ ਕਿ ਮੇਰੇ ਪਤੀ/ਸਾਡੇ ਪਿਤਾ ਸ੍ਰੀ ਸਤਨਾਮ ਸਿੰਘ ਪੁੱਤਰ ਸ੍ਰੀ ਹਰਦਿੱਤ ਸਿੰਘ ਜੀ ਦੀ ਮੌਤ ਮਿਤੀ 14.5.2020 ਨੂੰ ਹੋ ਚੁੱਕੀ ਹੈ। ਮੇਰੇ ਪਤੀ/ਸਾਡੇ ਪਿਤਾ ਦੀ ਮੌਤ ਤੋਂ ਬਾਅਦ ਉਹਨਾ ਦੇ ਅਸੀਂ ਚਾਰ ਜਾਇਜ਼ ਵਾਰਸ ਹਾਂ ਅਤੇ ਹੋਰ ਕੋਈ ਵਾਰਸ ਨਹੀਂ ਹੈ। ਇਸ ਦੀ ਤਸਦੀਕ ਤਹਿਸੀਲਦਾਰ ਜਲਾਲਾਬਾਦ ਵੱਲੋਂ ਵਾਰਸਾਂ ਸੰਬੰਧੀ ਜਾਰੀ ਸਰਟੀਫਿਕੇਟ ਮਿਤੀ 4.11.2022 ਕੀਤੀ ਹੋਈ ਹੈ :

1. ਸ੍ਰੀਮਤੀ ਅੰਮ੍ਰਿਤਪਾਲ ਕੌਰ ਵਿਧਵਾ ਸ੍ਰੀ ਸਤਨਾਮ ਸਿੰਘ ਪੁੱਤਰ ਸ੍ਰੀ ਹਰਦਿੱਤ ਸਿੰਘ 2. ਸ੍ਰੀ ਹਰਦੀਪ ਸਿੰਘ ਪੁੱਤਰ ਸ੍ਰੀ ਸਤਨਾਮ ਸਿੰਘ ਪੁੱਤਰ ਸ੍ਰੀ ਹਰਦਿੱਤ ਸਿੰਘ 3. ਸ੍ਰੀ ਅਮਨਦੀਪ ਸਿੰਘ ਪੁੱਤਰ ਸ੍ਰੀ ਸਤਨਾਮ ਸਿੰਘ ਪੁੱਤਰ ਸ੍ਰੀ ਹਰਦਿੱਤ ਸਿੰਘ 4. ਸ੍ਰੀਮਤੀ ਜਗਦੀਪ ਕੌਰ ਪੁੱਤਰੀ ਸ੍ਰੀ ਸਤਨਾਮ ਸਿੰਘ ਪੁੱਤਰ ਸ੍ਰੀ ਹਰਦਿੱਤ ਸਿੰਘ

ਉਕਤ ਸਾਰੇ ਵਾਰਸਾਨ ਵੱਲੋਂ ਦਿੱਤੇ ਦਰਖਾਸਤ ਅਤੇ ਬਿਆਨ ਹਲਫੀਆ ਮੁਤਾਬਕ ਉਕਤ ਪ੍ਰਾਪਰਟੀ (ਬਾ-ਪੈਮਾਇਸ਼ ਤਕਰੀਬਨ ਸਾਢੇ 4 ਮਰਲੇ) ਦਾ ਪ੍ਰਾਪਰਟੀ ਟੈਕਸ ਪ੍ਰਾਰਥੀਆਨ ਸ੍ਰੀਮਤੀ ਅੰਮ੍ਰਿਤਪਾਲ ਕੌਰ ਵਿਧਵਾ ਵਾ ਹਰਦੀਪ ਸਿੰਘ-ਅਮਨਦੀਪ ਸਿੰਘ ਪੁੱਤਰਾਨ-ਜਗਦੀਪ ਕੌਰ ਪੁੱਤਰੀ ਸ੍ਰੀ ਸਤਨਾਮ ਸਿੰਘ ਵਾਸੀ ਜਲਾਲਾਬਾਦ ਦੇ ਨਾਂਅ 1/4 ਹਿੱਸਾ ਬਰਾਬਰ-ਬਰਾਬਰ ਸਿਰਫ ਪ੍ਰਾਪਰਟੀ ਟੈਕਸ ਮੰਤਵ ਲਈ ਦਰਜ ਕਰਨ ਅਤੇ ਪ੍ਰਾਪਰਟੀ ਦੀ ਕਿਸਮ ਦੁਕਾਨ ਤੋਂ ਰਿਹਾਇਸ਼ੀ ਕਰਨ ਦੀ ਤਜਵੀਜ਼ ਪ੍ਰਾਪਤ ਹੋਈ ਹੈ।

ਇਸ ਸੰਬੰਧ ਵਿੱਚ ਅਗਰ ਕਿਸੇ ਨੂੰ ਜਾਂ ਇਸ ਪ੍ਰਾਪਰਟੀ ਨਾਲ ਸੰਬੰਧਤ ਕਿਸੇ ਵਾਰਸ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਦੇ 30 ਦਿਨਾਂ ਦੇ ਅੰਦਰ-ਅੰਦਰ ਨਗਰ ਕੌਂਸਲ ਵਿਖੇ ਆਪਣਾ ਇਤਰਾਜ਼ ਦੇ ਸਕਦਾ ਹੈ। 30 ਦਿਨ ਬਾਅਦ ਆਉਣ ਵਾਲੇ ਇਤਰਾਜ਼ 'ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ।

ਸਹੀ/- ਕਾਰਜ ਸਾਧਕ ਅਫਸਰ,
ਨਗਰ ਕੌਂਸਲ ਜਲਾਲਾਬਾਦ

ALLOTMENT OF SHOPS AT GOLDEN ARROW AAPOORTI COMPLEX, FEROZEPUR CANTT

Applications are invited for allotment of shop for the period as mentioned below :

S No.	Type of Shops	Approx. Area in Sq. ft	Period
(a)	Beauty Parlour #	54'x24'	
(b)	Tailor Shop	40'x16'	Initial period
(c)	Cloth & Garments Shop	25'x23'	of 11 months
(d)	Stationery Shop	20'x11'	
(e)	Networking & Cable shop	17'x11'	
(f)	Electrical Shop	12'x10'	
(g)	Food Cout	16'x12'	
(h)	Crockery Shop	16'x12'	
(j)	Gen Set/Inverter Repair Shop	16'x12'	

Applicant should be a lady.
2. Rent for shops will be payable by the allotment as per the agreement.
3. For further details with respect to shop, documents verification and application format please contact on Mob. No. 9775579493
4. Terms & Conditions for Shop :
(a) Police Verification on legal implication against Licencee.
(b) PAN No. of Shop/vendor duly vetted.
(c) Trade license allotted by cantonment board/Municipal authority.
(d) Financial statur of firm and application to run allotted shop perperly.
(e) Applicant to be below 60 years of age.
(f) Allotment of shops to Ex-Servicemen will be given priority.

8-DEC-PAGE-7.qxd 12/7/2022 10:32 PM Page 1

ਮਾਰਕਿਟ ਕਮੇਟੀ ਕਰਮਚਾਰੀ ਯੂਨੀਅਨ ਸਕੱਤਰ ਦੇ ਹੱਕ 'ਚ ਨਿੱਤਰੀ

ਆੜ੍ਹਤੀਆ ਪ੍ਰਧਾਨ ਬੇਬੁਨਿਆਦ ਦੋਸ਼ ਲਗਾ ਕੇ ਮਾਰਕਿਟ ਕਮੇਟੀ ਦੇ ਕੰਮਾਂ 'ਚ ਰੁਕਾਵਟ ਪਾ ਰਿਹੈ : ਯੂਨੀਅਨ

ਮਾਰਕਿਟ ਸਮੇਟੀ ਕਰਮਚਾਰੀ ਯੂਨੀਅਨ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਸਰਪ੍ਰਸਤ।

ਬਰੇਟਾ (ਰੀਤਵਾਲ)-ਆੜ੍ਹਤੀਆਂ ਐਸੋਸੀਏਸ਼ਨ ਵੱਲੋਂ ਮਾਰਕਿਟ ਕਮੇਟੀ ਦੇ ਸਕੱਤਰ ਖਿਲਾਫ ਸ਼ੁਰੂਆਤ ਕੀਤੇ ਗਏ ਸੰਘਰਸ਼ ਦੇ ਉਲਟ ਜ਼ਿਲ੍ਹਾ ਮਾਨਸਾ ਦੇ ਸਮੂਹ ਮਾਰਕਿਟ ਕਮੇਟੀ ਦੇ ਕਰਮਚਾਰੀ ਸਕੱਤਰ ਦੀ ਹਿਮਾਇਤ ਵਿੱਚ ਆਉਣ ਕਾਰਨ ਇਹ ਵਿਵਾਦ ਠੰਢਾ ਹੁੰਦਾ ਨਜ਼ਰ ਨਹੀਂ ਆ ਰਿਹਾ ਹੈ। ਮੰਗਲਵਾਰ ਜ਼ਿਲ੍ਹੇ ਦੇ ਮਾਰਕਿਟ ਕਮੇਟੀ ਕਰਮਚਾਰੀ ਯੂਨੀਅਨ ਦੇ ਇਕੱਠ ਵੱਲੋਂ ਆੜ੍ਹਤੀਆ ਪ੍ਰਧਾਨ ਖਿਲਾਫ ਤਿੱਖੀ ਨਾਅਰੇਬਾਜ਼ੀ ਕੀਤੀ ਗਈ ਤੇ ਪ੍ਰਧਾਨ ਦੇ ਮਾੜੇ ਵਰਤੀਰੇ ਖਿਲਾਫ ਸਖਤ ਰੋਸ ਪ੍ਰਗਟ ਕੀਤਾ ਗਿਆ। ਕਰਮਚਾਰੀ ਯੂਨੀਅਨ ਦੇ ਸੂਬਾ ਸਰਪ੍ਰਸਤ ਕੁਲਦੀਪ ਕੁਮਾਰ ਨੇ ਕਿਹਾ ਕਿ ਮੰਡੀਕਰਨ ਦੀ ਮਜ਼ਬੂਤੀ ਲਈ ਮਾਰਕਿਟ ਕਮੇਟੀ, ਆੜ੍ਹਤੀਆਂ, ਮਜ਼ਦੂਰ, ਕਿਸਾਨ ਦਾ ਨਹੁੰ-ਮਾਸ ਦਾ ਰਿਸ਼ਤਾ ਹੈ, ਨੂੰ ਤੋੜਨ ਦੀ ਕੋਸ਼ਿਸ਼ ਨਾ ਕੀਤੀ ਜਾਵੇ। ਜੇਕਰ ਕਿਸੇ ਗਰੀਬ ਦਾ ਹੱਕ ਲਈ ਮਾਰਕਿਟ ਕਮੇਟੀ ਨੋਟਿਸ ਜਾਰੀ ਕਰਦੀ ਹੈ ਤਾਂ ਉਹ ਗਲਤ ਨਹੀਂ ਹੈ।

ਉਨ੍ਹਾਂ ਕਿਹਾ ਕਿ ਆੜ੍ਹਤੀ ਵਰਗ ਵੱਲੋਂ ਮਜ਼ਦੂਰਾਂ ਦੀ ਮਜ਼ਦੂਰੀ ਵਿੱਚੋਂ ਪੱਖਾ, ਜਨਰੇਟਰ ਤੇ ਬਿਜਲੀ ਦੀ ਖਪਤ ਦੇ ਨਾਮ 'ਤੇ ਉਨ੍ਹਾਂ ਦੀ ਮਜ਼ਦੂਰੀ ਵਿੱਚ ਕਟੌਤੀ ਕਰਨਾ ਮੰਡੀਕਰਨ ਬੋਰਡ ਦੇ ਨਿਯਮਾਂ ਖਿਲਾਫ ਹੈ। ਉਨ੍ਹਾਂ ਨੇ ਕਿਹਾ ਕਿ ਮਾਰਕਿਟ ਕਮੇਟੀ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਡਰਾਉਣ ਧਮਕਾ ਤੇ ਝੂਠੇ ਇਲਜ਼ਾਮ ਲਗਾਉਣਾ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਆੜ੍ਹਤੀਆ ਯੂਨੀਅਨ ਪ੍ਰਧਾਨ ਦਾ ਅੜੀਅਲ ਵਤੀਰੇ ਦੀ ਵਰਤੋਂ ਕਰਨਾ ਉਨ੍ਹਾਂ ਨੂੰ ਸ਼ੋਭਦਾ ਨਹੀਂ। ਉਨ੍ਹਾਂ ਕਿਹਾ ਕਿ ਜੇਕਰ ਇਸ ਪ੍ਰਧਾਨ ਵੱਲੋਂ ਮੰਡੀ ਬੋਰਡ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵਿਰੁੱਧ ਝੂਠੇ ਤੇ ਬੇਬੁਨਿਆਦ ਦੋਸ਼ ਲਗਾਉਣੇ ਬੰਦ ਨਾ ਕੀਤੇ ਤਾਂ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ। ਉਨ੍ਹਾਂ ਕਿਹਾ ਕਿ ਆੜ੍ਹਤੀਆ ਵਰਗ ਸਮਝਦਾਰ ਤਬਕਾ ਹੈ, ਪ੍ਰੰਤੂ ਆਪਣਾ ਅੜੀਅਲ ਵਤੀਰਾ ਛੱਡ ਕੇ ਕਿਸਾਨਾਂ ਤੇ ਮਜ਼ਦੂਰਾਂ ਦੇ ਹੱਕ ਹਕੂਕਾਂ ਵੱਲ ਵਧੇਰੇ ਧਿਆਨ ਦੇਣਾ ਸਮੇਂ ਦੀ ਮੁੱਖ ਲੋੜ ਹੈ ਤਾਂ ਜੋ ਮੰਡੀਕਰਨ ਨੂੰ ਮਜ਼ਬੂਤ ਕੀਤਾ ਜਾ ਸਕੇ, ਜਿਸ ਨਾਲ ਕਿਸਾਨ, ਮਜ਼ਦੂਰ, ਆੜ੍ਹਤੀਆ ਵਰਗ ਨੂੰ ਲਾਭ ਮਿਲ ਸਕੇ।

ਇਸ ਮੌਕੇ ਮਾਰਕਿਟ ਕਮੇਟੀ ਬਰੇਟਾ ਦੇ ਸਕੱਤਰ ਮਨਮੋਹਨ ਸਿੰਘ ਨੇ ਕਿਹਾ ਕਿ ਉਨ੍ਹਾਂ ਵੱਲੋਂ ਮੰਡੀ ਬੋਰਡ ਦੀਆਂ ਹਦਾਇਤਾਂ ਅਨੁਸਾਰ ਮਜ਼ਦੂਰਾਂ ਦੀ ਮਿਹਨਤ ਵਿੱਚੋਂ ਆੜ੍ਹਤੀ ਵਰਗ ਵੱਲੋਂ ਕੀਤੀ ਗਈ ਫਾਲਤੂ ਕਟੌਤੀ ਵਿਰੱਧ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ, ਜਿਸ ਕਰਕੇ ਆੜ੍ਹਤੀ ਪ੍ਰਧਾਨ ਬੇਬੁਨਿਆਦ ਦੋਸ਼ ਲਗਾ ਕੇ ਕਮੇਟੀ ਦੇ ਕੰਮਾਂ ਵਿੱਚ ਰੁਕਾਵਟ ਪਾ ਰਿਹਾ ਹੈ। ਮੀਟਿੰਗ ਵਿੱਚ ਯੂਨੀਅਨ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

ਆੜ੍ਹਤੀਆ ਐਸੋਸੀਏਸ਼ਨ ਨੇ ਸਕੱਤਰ ਖਿਲਾਫ ਮੁੱਖ ਮੰਤਰੀ ਨੂੰ ਭੇਜਿਆ ਪੱਤਰ

ਬਰੇਟਾ (ਰੀਤਵਾਲ)-ਮਾਰਕਿਟ ਕਮੇਟੀ ਦੇ ਸਕੱਤਰ ਦੇ ਵਤੀਰੇ ਖਿਲਾਫ ਆੜ੍ਹਤੀਆ ਐਸੋਸੀਏਸ਼ਨ ਵੱਲੋਂ ਆਪਣੇ ਕਾਰੋਬਾਰ ਬੰਦ ਕਰਕੇ ਸ਼ੁਰੂ ਕੀਤੀ ਗਈ ਹੜਤਾਲ ਜਾਰੀ ਹੈ। ਅੱਜ ਯੂਨੀਅਨ ਵੱਲੋਂ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਸਕੱਤਰ ਖਿਲਾਫ ਕਾਰਵਾਈ ਨੂੰ ਲੈ ਕੇ ਮੰਗ ਪੱਤਰ ਭੇਜਿਆ ਗਿਆ।

ਐਸੋਸੀਏਸ਼ਨ ਦੇ ਪ੍ਰਧਾਨ ਜਤਿੰਦਰ ਮੋਹਨ ਤੇ ਰਾਜੇਸ਼ ਕੁਮਾਰ ਸਿੰਗਲਾ ਨੇ ਦੱਸਿਆ ਕਿ ਐਸੋਸੀਏਸ਼ਨ ਆੜ੍ਹਤੀਆ, ਕਿਸਾਨ, ਮਜ਼ਦੂਰਾਂ ਦਾ ਇੱਕ ਸਾਂਝਾ ਸੁਮੇਲ ਹੈ, ਪ੍ਰੰਤੂ ਕੁਝ ਲੋਕ ਇਸ ਭਾਈਚਾਰਕ ਸਾਂਝ ਨੂੰ ਤੋੜਨਾ ਚਾਹੁੰਦੇ ਹਨ। ਐਸੋਸੀਏਸ਼ਨ ਇਸ ਨੂੰ ਬਰਦਾਸ਼ਤ ਨਹੀਂ ਕਰੇਗੀ।

ਭਾਰਤੀਆ ਅੰਬੇਡਕਰ ਮਿਸ਼ਨ ਨੇ ਕੀਤਾ ਬਾਬਾ ਸਾਹਿਬ ਨੂੰ ਯਾਦ

ਪ੍ਰੀ-ਨਿਰਵਾਣ ਦਿਵਸ ਨੂੰ ਸਮਰਪਤ ਗਰੀਬ ਲੜਕੀਆਂ ਲਈ ਫਰੀ ਕੰਪਿਊਟਰ ਕੋਰਸ ਸ਼ੁਰੂ

ਸੰਗਰੂਰ (ਪ੍ਰਵੀਨ ਸਿੰਘ)-ਭਾਰਤੀਆ ਅੰਬੇਡਕਰ ਮਿਸ਼ਨ ਤੇ ਗੇਟਵੇ ਐਜੂਕੇਸ਼ਨਲ ਤੇ ਵੈੱਲਫੇਅਰ ਸੋਸਾਇਟੀ ਸੰਗਰੂਰ ਵੱਲੋਂ ਸਥਾਨਕ ਕੋਲਾ ਪਾਰਕ ਵਿਖੇ ਭਾਰਤੀਆ ਅੰਬੇਡਕਰ ਮਿਸ਼ਨ ਦੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ, ਯੂਥ ਵਿੰਗ ਦੇ ਸੂਬਾ ਪ੍ਰਧਾਨ ਮੁਕੇਸ਼ ਰਤਨਾਕਰ, ਅਮਿਤ ਗੋਇਲ ਰੋਕਸੀ ਤੇ ਅਮਰਿੰਦਰ ਸਿੰਘ ਬੱਬੀ ਦੀ ਅਗਵਾਈ ਹੇਠ ਦੱਬੇ ਕੁੱਚਲੇ ਲੋਕਾਂ ਦੀ ਨਿਧੜਕ ਆਵਾਜ਼, ਭਾਰਤ ਦੀ ਮਹਾਂਨ ਸ਼ਖਸੀਅਤ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ ਪ੍ਰੀ-ਨਿਰਵਾਣ ਦਿਵਸ ਸ਼ਰਧਾ ਨਾਲ ਮਨਾਉਣ ਸਬੰਧੀ ਇੱਕ ਸਮਾਰੋਹ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਮੈਡਮ ਪੂਨਮ ਕਾਂਗੜਾ ਮੈਂਬਰ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਸ਼ਾਮਲ ਹੋਏ। ਇਸ ਮੌਕੇ ਭਾਰਤੀਆ ਅੰਬੇਡਕਰ ਮਿਸ਼ਨ ਤੇ ਗੇਟਵੇ ਐਜੂਕੇਸ਼ਨਲ ਤੇ ਵੈੱਲਫੇਅਰ ਸੋਸਾਇਟੀ ਵੱਲੋਂ ਬਾਬਾ ਸਾਹਿਬ ਜੀ ਦੇ ਪ੍ਰੀ-ਨਿਰਵਾਣ ਦਿਵਸ ਨੂੰ ਸਮਰਪਤ ਲੋੜਵੰਦ ਤੇ ਐਸ ਸੀ/ਬੀ ਸੀ ਲੜਕੀਆਂ ਲਈ ਕੰਪਿਊਟਰ ਟ੍ਰੇਨਿੰਗ ਦਾ ਫਰੀ ਕੋਰਸ ਸ਼ੁਰੂ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਬਾਬਾ ਸਾਹਿਬ ਸਿਰਫ ਦਲਿਤਾਂ ਦੇ ਮਸੀਹਾ ਹੀ ਨਹੀਂ ਉਹ ਦੇਸ ਭਰ ਦੀਆਂ ਮਹਿਲਾਵਾਂ ਦੇ ਵੀ ਮੁਕਤੀ ਦਾਤਾ ਹਨ, ਜਿਨ੍ਹਾਂ ਗੁਲਾਮੀ ਦੀਆਂ ਜ਼ੰਜੀਰਾਂ ਤੋੜ ਕੇ ਉਨ੍ਹਾਂ ਨੂੰ ਵੀ ਬਰਾਬਰਤਾ ਦੇ ਹੱਕ ਲੈ ਕੇ ਦਿੱਤੇ। ਉਨ੍ਹਾਂ ਦੀ ਬਦੌਲਤ ਹੀ ਅੱਜ ਅਸੀਂ ਵੱਖ ਵੱਖ ਜਗ੍ਹਾ 'ਤੇ ਉੱਚ ਅਹੁਦਿਆਂ ਉੱਤੇ ਕਾਬਜ਼ ਹਾਂ। ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਭਾਰਤ ਦੇ ਪਹਿਲੇ ਕਾਨੂੰਨ ਮੰਤਰੀ ਬਾਬਾ ਸਾਹਿਬ ਜ਼ਿੰਦਗੀ ਸੰਘਰਸ਼ ਤੇ ਪੱਕੇ ਇਰਾਦੇ ਦੀ ਸਫਲਤਾ ਦੀ ਸੱਚੀ ਕਹਾਣੀ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਬੇਈਮਾਨੀ ਦੇ ਵਿਰੁੱਧ ਜੂਝਦੇ ਰਹਿਣ ਲਈ ਪ੍ਰੇਰਦੀ ਹੈ। ਇਨ੍ਹਾਂ ਤੋਂ ਇਲਾਵਾ ਹੋਰ ਵੀ ਵੱਖ-ਵੱਖ ਬੁਲਾਰਿਆਂ ਨੇ ਬਾਬਾ ਸਾਹਿਬ ਦੀ ਜੀਵਨੀ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸ੍ਰੀ ਦਰਸ਼ਨ ਕਾਂਗੜਾ ਤੇ ਮੁਕੇਸ਼ ਰਤਨਾਕਰ ਨੇ ਕਿਹਾ ਕਿ ਕੰਪਿਊਟਰ ਟ੍ਰੇਨਿੰਗ ਲੈਣ ਲਈ ਚਾਹਵਾਨ ਲੜਕੀਆਂ 90238-79211, 86996-22075 'ਤੇ ਸੰਪਰਕ ਕਰ ਸਕਦੀਆਂ ਹਨ।

ਕਾਤਰਾਂ

ਚੱਕ ਕਾਲਾ ਸਿੰਘ ਵਾਲਾ 'ਚ ਟੀਕਾਕਰਣ ਕੈਂਪ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)-ਸਿਹਤ ਵਿਭਾਗ ਪਿੰਡ ਚੱਕ ਕਾਲਾ ਸਿੰਘ ਵਾਲਾ ਦੇ ਆਂਗਣਵਾੜੀ ਸੈਂਟਰ ਵਿੱਚ ਸੈਂਟਰ ਦੀ ਇੰਚਾਰਜ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਟੀਕਾਕਰਣ ਕੈਂਪ ਲਗਾਇਆ ਗਿਆ। ਇਸ ਮੌਕੇ ਗਰਭਵਤੀ ਔਰਤਾਂ ਤੇ ਛੋਟੇ ਬੱਚਿਆਂ ਦੇ ਕਈ ਮਾਰੂ ਰੋਗਾਂ ਤੋਂ ਬਚਾਅ ਲਈ ਟੀਕੇ ਲਗਾਏ ਗਏ। ਸਿਹਤ ਵਿਭਾਗ ਦੇ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਏ ਐੱਨ ਐੱਮ ਰਮਨਦੀਪ ਕੌਰ, ਆਂਗਣਵਾੜੀ ਵਰਕਰ ਸਰਬਜੀਤ ਕੌਰ, ਆਸ਼ਾ ਵਰਕਰ ਜਸਵੀਰ ਕੌਰ, ਹੈਲਪਰ ਛਿੰਦਰ ਕੌਰ ਤੇ ਜੀਤ ਕੌਰ ਆਦਿ ਮੌਜੂਦ ਸਨ।

ਕੁਲਵੰਤ ਸਿੰਘ ਵੱਲੋਂ ਪ੍ਰਧਾਨਗੀ ਤੋਂ ਅਸਤੀਫਾ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)-ਔਲਖ ਜਲ ਪ੍ਰਯੋਗ ਸੁਸਾਇਟੀ ਕੋਟਲੀ ਸੰਘਰ ਦੇ ਪ੍ਰਧਾਨ ਕੁਲਵੰਤ ਸਿੰਘ ਪੁੱਤਰ ਸਰਬਨ ਸਿੰਘ ਨੇ ਆਪਣੇ ਪ੍ਰਧਾਨਗੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਉਨ੍ਹਾਂ ਲਿਖਤੀ ਅਸਤੀਫਾ ਸੁਸਾਇਟੀ ਦੇ ਉੱਪ ਪ੍ਰਧਾਨ ਤੇ ਐਡੀਸ਼ਨਲ ਰਜਿਸਟਰਾਰ ਆਫ ਸੁਸਾਇਟੀਜ਼ ਕਮ ਜਨਰਲ ਮੈਨੇਜਰ ਜ਼ਿਲ੍ਹਾ ਇੰਡੀਸਟਰੀਜ਼ ਸੈਂਟਰ (ਜ਼ਿਲ੍ਹਾ ਉਦਯੋਗ ਕੇਂਦਰ) ਸ੍ਰੀ ਮੁਕਤਸਰ ਸਾਹਿਬ ਨੂੰ ਸੌਂਪਦਿਆਂ ਦੱਸਿਆ ਕਿ ਉਹ ਪਿਛਲੇ ਲੰਬੇ ਸਮੇਂ ਤੋਂ ਪ੍ਰਧਾਨਗੀ ਵਜੋਂ ਸੇਵਾਵਾਂ ਨਿਭਾਅ ਰਿਹਾ ਸੀ, ਪਰ ਹੁਣ ਵਡੇਰੀ ਉਮਰ ਦਾ ਹੋਣ ਕਾਰਨ ਉਸ ਤੋਂ ਤੁਰਿਆ ਨਹੀਂ ਜਾਂਦਾ ਤੇ ਉਹ ਸੁਸਾਇਟੀ ਦੇ ਕੰਮ ਕਰਨ 'ਚ ਅਸਮਰੱਥ ਹੋ ਗਿਆ ਹੈ। ਉਸ ਨੇ ਦੱਸਿਆ ਕਿ ਉਸ ਦੀ ਸਿਹਤ ਵੀ ਠੀਕ ਨਹੀਂ ਰਹਿੰਦੀ। ਇਸ ਲਈ ਉਸ ਨੇ ਆਪਣੇ ਪ੍ਰਧਾਨਗੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ।

ਦਿੱਲੀ ਕਾਨਵੈਂਟ ਸਕੂਲ ਦੇ ਅਧਿਆਪਕ ਨੂੰ ਬੈੱਸਟ ਟੀਚਰ ਦਾ ਨੈਸ਼ਨਲ ਐਵਾਰਡ

ਫਤਹਿਗੜ੍ਹ ਪੰਜਤੂਰ, (ਭੁੱਲਰ)-ਇਲਾਕੇ ਦੀ ਮੰਨੀ ਪ੍ਰਮੰਨੀ ਵਿੱਦਿਅਕ ਸੰਸਥਾ ਦਿੱਲੀ ਕਾਨਵੈਂਟ ਸਕੂਲ ਮੁੰਡੀ ਜਮਾਲ ਨੇ ਇੱਕ ਹੋਰ ਵੱਡਾ ਸਨਮਾਨ ਪ੍ਰਾਪਤ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਨਵੰਬਰ ਮਹੀਨੇ ਵਿੱਚ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਪੰਜਾਬ ਵੱਲੋਂ ਗੈਸਟ ਅਧਿਆਪਕਾਂ ਦੀ ਕੈਟਾਗਰੀ ਵਿੱਚ ਦਿੱਲੀ ਕਾਨਵੈਂਟ ਸਕੂਲ ਦੇ ਅੰਗਰੇਜ਼ੀ ਦੇ ਅਧਿਆਪਕ ਬਲਦੇਵ ਸਿੰਘ ਨੇ ਬੈਸਟ ਟੀਚਰ ਨੈਸ਼ਨਲ ਐਵਾਰਡ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਵਿੱਚ ਪੰਜਾਬ ਤੇ ਹੋਰ ਵੱਖ ਵੱਖ ਰਾਜਾਂ ਦੇ ਸਕੂਲ ਦੇ ਅਧਿਆਪਕਾਂ ਨੇ ਵੀ ਅਰਜ਼ੀਆਂ ਦਿੱਤੀਆਂ ਸਨ, ਜਿਸ ਵਿੱਚ ਬਲਦੇਵ ਸਿੰਘ ਨੇ ਅੰਗਰੇਜ਼ੀ ਵਿਸ਼ੇ ਵਿੱਚ ਚੰਗੇ ਅਧਿਆਪਕ ਦਾ ਸਨਮਾਨ ਪ੍ਰਾਪਤ ਕੀਤਾ। ਇਸ ਪ੍ਰਾਪਤੀ 'ਤੇ ਸਾਰੇ ਸਕੂਲ ਨੇ ਬਹੁਤ ਮਾਣ ਮਹਿਸੂਸ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਵਿਪਨ ਕੁਮਾਰ, ਪ੍ਰਧਾਨ ਬਲਵਿੰਦਰ ਸਿੰਘ ਸੰਧੂ, ਚੇਅਰਮੈਨ ਬਲਜੀਤ ਸਿੰਘ ਭੁੱਲਰ, ਸਾਰੇ ਅਧਿਆਪਕ ਸਾਥੀਆਂ ਤੇ ਬੱਚਿਆਂ ਨੇ ਬਲਦੇਵ ਸਿੰਘ ਨੂੰ ਉਨ੍ਹਾਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ।

ਗਿਆਨ ਸਾਗਰ ਕਾਨਵੈਂਟ ਸਕੂਲ ਦੀਆਂ ਟੀਚਰਾਂ ਨੂੰ ਮਿਲਿਆ ਬੈੱਸਟ ਐਵਾਰਡ

ਬਰੇਟਾ (ਰੀਤਵਾਲ)-ਗਿਆਨ ਸਾਗਰ ਕੌਨਵੈਂਟ (ਸੀਨੀਅਰ ਸੈਕੰਡਰੀ ਸਕੂਲ) ਕਾਹਨਗੜ੍ਹ ਦੇ ਦੋ ਅਧਿਆਪਕਾ ਮੈਡਮ ਸੁਖਚੈਨ ਕੌਰ ਤੇ ਮੈਡਮ ਮਨਦੀਪ ਕੌਰ ਨੂੰ ਫੈਪ (ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਆਫ ਪੰਜਾਬ) ਵੱਲੋਂ ਬੈਸਟ ਟੀਚਰ ਐਵਾਰਡ ਲਈ ਚੁਣਿਆ ਗਿਆ। ਇਨ੍ਹਾਂ ਅਧਿਆਪਕਾਂ ਨੂੰ ਫੈਪ ਤੇ ਚੰਡੀਗੜ੍ਹ ਯੂਨੀਵਰਸਿਟੀ ਵੱਲੋਂ ਉਲੀਕੇ ਗਏ ਐਵਾਰਡ ਸਮਰੋਹ ਵਿੱਚ ਟਰਾਫੀ ਤੇ ਸਰਟੀਫਿਕੇਟ ਨਾਲ ਨਿਵਾਜਿਆ ਗਿਆ। ਇਹ ਐਵਾਰਡ ਅਧਿਆਪਕਾਂ ਦੀ ਕੁਸ਼ਲ ਕਾਰਗੁਜ਼ਾਰੀ, ਨਿਵੇਕਲੀਆਂ ਸਿੱਖਿਅਕ ਤਕਨੀਕਾਂ ਤੇ ਤਜਰਬਿਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਵੱਖਰੀ ਚੋਣ ਏਜੰਸੀ ਵੱਲੋਂ ਤਫਤੀਸ਼ ਕਰਵਾ ਕੇ ਨਿਵਾਜਿਆ ਗਿਆ। ਇਹ ਪ੍ਰੋਗਰਾਮ ਜਗਜੀਤ ਸਿੰਘ ਧੂਰੀ ਤੇ ਚੰਡੀਗੜ੍ਹ ਯੂਨੀਵਰਸਿਟੀ ਦੀ ਸਾਂਝੀ ਕਾਰਗੁਜ਼ਾਰੀ ਹੇਠ ਕਰਵਾਇਆ ਗਿਆ। ਇਸ ਐਵਾਰਡ ਲਈ ਸਕੂਲ ਪ੍ਰਿੰਸੀਪਲ ਭਾਰਤ ਦੀਪ ਗਰਗ, ਚੈਅਰਮੈਨ ਰਾਮਪਾਲ ਸਿੰਘ ਸੇਖੋਂ ਤੇ ਸਮੂਹ ਸਟਾਫ ਨੇ ਦੋਨਾਂ ਹੀ ਅਧਿਆਪਕਾਂ ਨੂੰ ਵਧਾਈਆਂ ਦਿੱਤੀਆਂ।

ਡਾ. ਅੰਬੇਡਕਰ ਦਾ ਪ੍ਰੀ ਨਿਰਵਾਣ ਦਿਵਸ ਮਨਾਇਆ

ਕੋਟ ਈਸੇ ਖਾਂ (ਅਰੋੜਾ)-ਕੈਂਬ੍ਰਿਜ ਕਾਨਵੈਂਟ ਸਕੂਲ ਵਿੱਚ ਭਾਰਤੀ ਸੰਵਿਧਾਨ ਦੇ ਨਿਰਮਾਤਾ ਤੇ ਦਲਿਤਾਂ, ਦੱਬੇ ਕੁਚਲੇ ਲੋਕਾਂ ਤੇ ਔਰਤ ਜਾਤੀ ਦੇ ਮੁਕਤੀਦਾਤਾ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ ਪ੍ਰੀ ਨਿਰਵਾਣ ਦਿਵਸ ਮਨਾਇਆ ਗਿਆ। ਸਕੂਲ ਦੇ ਸਟਾਫ ਵੱਲੋਂ ਬੱਚਿਆਂ ਦੇ ਨਾਲ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜੀਵਨ ਸੰਬੰਧੀ ਕੁਝ ਮਹੱਤਵਪੂਰਨ ਗੱਲਾਂ ਸਾਂਝੀਆਂ ਕੀਤੀਆਂ ਗਈਆਂ ਅਤੇ ਦੱਸਿਆ ਗਿਆ ਕਿ ਅੱਜ ਦਾ ਇਹ ਦਿਨ ਭਾਰਤ ਵਿੱਚ ਮਹਾਂਪਰਮ ਨਿਰਵਾਣ ਦਿਵਸ ਵਜੋਂ ਮਨਾਇਆ ਜਾਂਦਾ ਹੈ। ਬਾਬਾ ਸਾਹਿਬ ਅੰਬੇਡਕਰ ਜੀ ਭਾਰਤੀ ਸੰਵਿਧਾਨ ਦੇ ਨਿਰਮਾਤਾ ਦੇ ਨਾਂਅ ਨਾਲ ਮਸ਼ਹੂਰ ਹੋਏ ਸਨ। ਉਹ ਡਰਾਫਟ ਕਮੇਟੀ ਦੇ ਉਨ੍ਹਾਂ 7 ਮੈਂਬਰਾਂ ਵਿੱਚੋਂ ਸਨ, ਜਿਨ੍ਹਾਂ ਨੇ ਆਜ਼ਾਦ ਭਾਰਤ ਦੇ ਸੰਵਿਧਾਨ ਦਾ ਖਰੜਾ ਤਿਆਰ ਕੀਤਾ ਸੀ। ਬਾਬਾ ਸਾਹਿਬ ਇੱਕ ਪ੍ਰਸਿੱਧ ਸਿਆਸਤਦਾਨ ਤੇ ਉੱਘੇ ਕਾਨੂੰਨਦਾਨ ਸਨ। ਸਮਾਜਿਕ ਬੁਰਾਈਆਂ ਦੇ ਖ਼ਾਤਮੇ ਲਈ ਡਾ. ਅੰਬੇਡਕਰ ਦੇ ਯਤਨ ਜ਼ਿਕਰਯੋਗ ਹਨ। ਅਧਿਆਪਕਾਂ ਵੱਲੋਂ ਬੱਚਿਆਂ ਨੂੰ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜੀਵਨ ਤੋਂ ਸੇਧ ਲੈਣ ਤੇ ਉਨ੍ਹਾਂ ਦੇ ਦੱਸੇ ਗਏ ਨਕਸ਼ੇ ਕਦਮ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ।

ਰੋਹਿਤ ਕਾਲੜਾ ਦੀ 14ਵੀਂ ਕਿਤਾਬ ਦਾ ਡੀ ਸੀ ਵੱਲੋਂ ਵਿਮੋਚਨ

ਮਲੋਟ, (ਗੁਰਮੀਤ ਸਿੰਘ ਮੱਕੜ) : ਮਲੋਟ ਸ਼ਹਿਰ ਤੇ ਨੇੜਲੇ ਪਿੰਡਾਂ ਦੇ ਇਤ

8-Dec-PAGE-8.qxd 12/7/2022 10:43 PM Page 1

ਤਹਿਸੀਲ ਕੰਪਲੈਕਸ 'ਚ ਗੰਦੇ ਪਾਣੀ ਦੀ ਸਮੱਸਿਆ ਸੰਬੰਧੀ ਸੰਤ ਸੀਚੇਵਾਲ ਨੂੰ ਲਾਈ ਗੁਹਾਰ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)

ਵਸੀਕਾ ਨਵੀਸ ਯੂਨੀਅਨ ਪ੍ਰਧਾਨ ਕੰਵਲਜੀਤ ਸਿੰਘ , ਬਾਰ ਐਸੋਸ਼ੀਏਸ਼ਨ ਸੁਲਤਾਨਪੁਰ ਲੋਧੀ ਦੇ ਪ੍ਰਧਾਨ ਐਡਵੋਕੇਟ ਸਤਨਾਮ ਸਿੰਘ ਮੋਮੀ , ਜਥੇ ਕਸ਼ਮੀਰ ਸਿੰਘ ਫੌਜੀ ਦੰਦੂਪੁਰ ਤੇ ਹੋਰ ਸੰਗਤਾਂ ਵੱਲੋਂ ਵਾਤਾਵਰਣ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਵਾਲ ਨੂੰ ਮੰਗ ਪੱਤਰ ਦਿੱਤਾ, ਜਿਸ ਵਿਚ ਮੰਗ ਕੀਤੀ ਗਈ ਕਿ ਤਹਿਸੀਲ ਕੰਪਲੈਕਸ ਸੁਲਤਾਨਪੁਰ ਲੋਧੀ ਅੰਦਰ ਗੰਦੇ ਪਾਣੀ ਦੀ ਸਮੱਸਿਆ ਦਾ ਹੱਲ ਕੀਤਾ ਜਾਵੇ। ਕੰਵਲਜੀਤ ਸਿੰਘ ਤੇ ਹੋਰਨਾਂ ਸੰਤ ਸੀਚੇਵਾਲ ਨੂੰ ਕਿਹਾ ਕਿ ਸੁਲਤਾਨਪੁਰ ਲੋਧੀ ਸਬ-ਡਵੀਜਨ ਕੰਪਲੈਕਸ ਵਿਚ ਸੀਵਰੇਜ ਦਾ ਗੰਦਾ ਪਾਣੀ ਜੋ ਕਿ ਕਾਫੀ ਲੰਮੇ ਸਮੇਂ ਤੋ ਮੇਨ ਗੇਟ ਤੋਂ ਵੇਈ ਨਦੀ ਤੱਕ ਖੁੱਲੇ ਆਮ ਵਗਦਾ ਹੈ ਅਤੇ ਇਹ ਗੰਦਾ ਪਾਣੀ ਸਬ ਡਵੀਜਨ ਦੇ ਵੇਹੜੇ ਵਿਚੋਂ ਹੁੰਦਾ ਹੋਇਆ ਵੇਈਂ ਨਦੀ ਵਿੱਚ ਪੈਦਾ ਹੈ ਤੇ ਇਹ ਵੇਈਂ ਨਦੀ ਦੇ ਪਾਣੀ ਨੂੰ ਵੀ ਗੰਦਾ ਕਰਦਾ ਹੈ। ਤਹਿਸੀਲ ਕੰਪਲੈਕਸ ਦੇ ਵਿਹੜੇ ਵਿਚ ਗੁੰਮਦੇ ਗੰਦੇ ਪਾਣੀ ਵਿਚ ਸਮੂਹ ਅਫਸਰ ਸਟਾਫ ਮੁਲਾਜਮ ਅਤੇ ਆਮ ਲੋਕ ਲੰਘਦੇ ਹਨ ਅਤੇ ਬਹੁਤ ਪ੍ਰੇਸ਼ਾਨੀ ਦਾ ਮਾਹੌਲ ਬਣਿਆ ਹੋਇਆ ਹੈ ਤੇ ਹਰ ਇੱਕ ਵਿਅਕਤੀ ਇਸ ਤੋਂ ਬਹੁਤ ਦੁੱਖੀ ਹੈ । ਜਦੋਂ ਵੀ ਇਸ ਸਬੰਧੀ ਕਿਸੇ ਉਚ ਅਧਿਕਾਰੀ ਨਾਲ ਗੱਲ ਕੀਤੀ ਜਾਂਦੀ ਹੈ ਤਾਂ ਅੱਗਿਓਂ ਜਵਾਬ ਮਿਲਦਾ ਹੈ ਕਿ ਇਹ ਸਬ ਡਵੀਜਨ ਕੰਪਲੈਕਸ ਦੀ ਇਮਾਰਤ ਨਵੀਂ ਬਣਾਈ ਜਾਣੀ ਹੈ। ਜਿਸ ਸਬੰਧੀ ਕੋਈ ਸਮਾਂ ਨਿਸ਼ਚਿਤ ਨਹੀਂ ਹੈ।ਉਨ੍ਹਾਂ ਕਿਹਾ ਕਿ ਇਸ ਲਈ ਆਪ ਪਾਸ ਬੇਨਤੀ ਕਰਦੇ ਹਾਂ ਕਿ ਇਸ ਮਸਲੇ ਦਾ ਹੱਲ ਕਰਵਾ ਸਕਦੇ ਹੋ। ਇਸ ਸਮੇਂ ਉਨ੍ਹਾਂ ਨਾਲ ਵਸੀਕਾ ਨਵੀਸ ਬਲਵਿੰਦਰ ਸਿੰਘ , ਨਿਰਵੈਲ ਸਿੰਘ , ਗੁਰਨਾਮ ਸਿੰਘ , ਪ੍ਰਤਾਪ ਸਿੰਘ, ਬਲਦੇਵ ਸਿੰਘ , ਮੁਖਤਾਰ ਸਿੰਘ , ਗੁਰਦੇਵ ਸਿੰਘ , ਭਜਨ ਸਿੰਘ , ਸਤੀਸ਼ ਕੁਮਾਰ ਆਦਿ ਵੀ ਸਨ ।

ਬੰਗਾ ਵਿਖੇ ਸ਼ਹੀਦ ਭਗਤ ਸਿੰਘ ਫੁੱਟਬਾਲ ਟੂਰਨਾਮੈਂਟ ਸ਼ੁਰੂ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)—ਸ਼ਹੀਦ-ਏ-ਆਜ਼ਮ ਭਗਤ ਸਿੰਘ ਯਾਦਗਾਰੀ ਫੁੱਟਬਾਲ ਟੂਰਨਾਮੈਂਟ ਕਮੇਟੀ ਬੰਗਾ ਵੱਲੋਂ ਪਰਮਜੀਤ ਕਾਹਮਾ ਅਤੇ ਹਰਜਗਦੀਸ਼ ਸਿੰਘ ਮਾਨ ਦੀ ਯਾਦ ਨੂੰ ਸਮਰਪਿਤ 24ਵਾਂ ਰਾਜ ਪੱਧਰੀ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਪ੍ਰਵਾਸੀ ਭਾਰਤੀ ਝਲਮਣ ਸਿੰਘ ਸਿੱਧੂ ਸੋਤਰਾਂ ਵੱਲੋਂ ਕੀਤਾ ਗਿਆ । ਟੂਰਨਾਮੈਂਟ ਕਮੇਟੀ ਦੇ ਪ੍ਰਬੰਧਕੀ ਸਕੱਤਰ ਹਰਜੀਤ ਸਿੰਘ ਮਾਹਲ ਅਤੇ ਪ੍ਰੈਸ ਸਕੱਤਰ ਹਰਬੰਸ ਹੀਉਂ ਨੇ ਦਸਿਆ ਕਿ ਟੂਰਨਾਮੈਂਟ ਹਰਦੇਵ ਸਿੰਘ ਕਾਹਮਾ ਦੀ ਰਹਿਨੁਮਾਈ ਹੇਠ ਹੋ ਰਿਹਾ ਹੈ। ਟੂਰਨਾਮੈਂਟ ਸਿੱਖ ਨੈਸ਼ਨਲ ਕਾਲਜ ਬੰਗਾ ਦੇ ਦਸ਼ਮੇਸ਼ ਸਟੇਡੀਅਮ ਦੇ ਪੀ ਟੀ ਮਹਿੰਗਾ ਸਿੰਘ ਪੈਵੀਲੀਅਨ ਵਿਚ ਹੋਵੇਗਾ। ਜੇਤੂ ਟੀਮ ਨੂੰ ਇਕ ਲੱਖ ਰੁਪਏ ਦੀ ਨਗਦ ਰਾਸ਼ੀ ਦੇ ਇਨਾਮ ਦੇ ਨਾਲ ਚੈਂਪੀਅਨਸ਼ਿਪ ਟਰਾਫੀ ਭੇਂਟ ਕੀਤੀ ਜਾਵੇਗੀ। ਉਪ ਜੇਤੂ ਟੀਮ ਨੂੰ 60 ਹਜਾਰ ਰੁਪਏ ਦੀ ਨਗਦ ਰਾਸ਼ੀ ਦੇ ਨਾਲ ਟਰਾਫੀ ਭੇਂਟ ਕੀਤੀ ਜਾਵੇਗੀ। ਟੂਰਨਾਮੈਂਟ ਦਾ ਉਦਘਾਟਨੀ ਮੈਚ ਨਾਮਧਾਰੀ ਫੁੱਟਬਾਲ ਅਕਾਡਮੀ ਭੈਣੀ ਸਾਹਿਬ ਅਤੇ ਪ੍ਰਿੰਸੀਪਲ ਹਰਭਜਨ ਸਿੰਘ ਸਪੋਰਟਸ ਕਲੱਬ ਮਾਹਿਲਪੁਰ ਵਿਚਕਾਰ ਹੋਇਆ ਜਿਸ ਵਿੱਚ ਨਾਮਧਾਰੀ ਨੇ ਮਾਹਿਲਪੁਰ ਨੂੰ 2-1 ਨਾਲ ਹਰਾ ਦਿੱਤਾ। ਦੂਜਾ ਮੈਚ ਮਿਨਰਵਾ ਫੁੱਟਬਾਲ ਅਕਾਡਮੀ ਮੋਹਾਲੀ ਅਤੇ ਜੇ ਸੀ ਟੀ ਫੁੱਟਬਾਲ ਅਕਾਡਮੀ ਫਗਵਾੜਾ ਵਿਚਕਾਰ ਹੋਇਆ, ਜੇ ਸੀ ਟੀ ਨੇ ਮਿਨਰਵਾ ਨੂੰ 4-3 ਨਾਲ ਹਰਾਇਆ । ਟੂਰਨਾਮੈਂਟ ਨੂੰ ਸ਼ਾਨੋ ਸ਼ੌਕਤ ਨਾਲ ਨੇਪਰੇ ਚਾੜ੍ਹਨ ਲਈ ਕਮੇਟੀ ਦੇ ਸਰਪ੍ਰਸਤ ਦਰਸ਼ਨ ਸਿੰਘ ਮਾਹਲ, ਪ੍ਰਧਾਨ ਨਰਿੰਦਰ ਸਿੰਘ ਰੰਧਾਵਾ, ਸੀਨੀਅਰ ਮੀਤ ਪ੍ਰਧਾਨ ਗੁਰਦਿਆਲ ਸਿੰਘ ਜਗਤਪੁਰ, ਸਤਨਾਮ ਸਿੰਘ ਹੇੜੀਆਂ ਆਦਿ ਵਿਦੇਸ਼ਾਂ ਤੋਂ ਵਤਨ ਆ ਚੁੱਕੇ ਹਨ।, ਟੂਰਨਾਮੈਂਟ ਦੀਆਂ ਤਿਆਰੀਆਂ ਨੂੰ ਅੰਤਿਮ ਛੂਹਾਂ ਦੇਣ ਲਈ ਡਾ. ਤਰਸੇਮ ਸਿੰਘ ਭਿੰਡਰ, ਜਰਨੈਲ ਸਿੰਘ ਪੱਲੀ ਝਿੱਕੀ, ਕਸ਼ਮੀਰੀ ਲਾਲ ਮੰਗੂਵਾਲ, ਤਰਲੋਚਨ ਸਿੰਘ ਪੂੰਨੀ, ਸੁੱਚਾ ਸਿੰਘ ਪੀਟੀਆਈ, ਚਰਨਜੀਤ ਕੁਮਾਰ ਸ਼ਰਮਾ, ਅਮਨਦੀਪ ਸਿੰਘ ਥਾਂਦੀ, ਪ੍ਰੋ. ਸੰਧੂ ਵਰਿਆਣਵੀਂ, ਡਾ. ਗੁਰਮੀਤ ਸਿੰਘ ਸਰਾਂ, ਦਲਜੀਤ ਸਿੰਘ ਸੁੱਜੋਂ, ਕੁਲਵਿੰਦਰ ਸਿੰਘ ਢਾਂਡੀਆ, ਹਰਜੋਗ ਸਿੰਘ ਚਾਹਲ, ਜਗਤਾਰ ਸਿੰਘ ਝਿੱਕਾ, ਜਸਵੰਤ ਖਟਕੜ, ਪਿਆਰਾ ਸਿੰਘ ਕਾਹਮਾ, ਸਵਰਨ ਸਿੰਘ ਕਾਹਮਾ ਨੰਬਰਦਾਰ ਆਦਿ ਹਾਜਰ ਸਨ।

ਬੱਸ ਹਾਦਸੇ ਦੌਰਾਨ ਗੁਆਚਾ ਪਰਸ ਕੀਤਾ ਮਾਲਕ ਹਵਾਲੇ

ਬਹਿਰਾਮ (ਅਵਤਾਰ ਕਲੇਰ) ਬੀਤੇ ਦਿਨੀਂ ਪੰਜਾਬ ਰੋਡਵੇਜ ਨਵਾਂਸ਼ਹਿਰ ਡੀਪੂ ਦੀ ਬੱਸ ਨੰ 5458 ਜੋ ਕਿ ਜਲੰਧਰ ਤੋਂ ਚੰਡੀਗੜ੍ਹ ਲਈ ਸਵੇਰੇ 5-30. ਵਜੇ ਰਵਾਨਾ ਹੋਈ ਫਗਵਾੜਾ ਬਾਈਪਾਸ 'ਤੇ ਹਾਦਸਾ ਗ੍ਰਸਤ ਹੋ ਕੇ ਖਤਾਨਾਂ ਵਿਚ ਪਲਟ ਗਈ। ਸਵਾਰੀਆਂ ਦੇ ਮਾਮੂਲੀ ਸੱਟਾਂ ਤੋਂ ਇਲਾਵਾ ਜਾਨੀ ਨੁਕਸਾਨ ਦਾ ਬਚਾਅ ਹੋ ਗਿਆ। ਇਸ ਹਾਦਸੇ ਵਿੱਚ ਕੁੱਝ ਸਵਾਰੀਆਂ ਦਾ ਸਮਾਨ ਵਗੈਰਾ ਆਪਾ ਧਾਪੀ ਵਿੱਚ ਗੁੰਮ ਹੋ ਗਿਆ। ਜਦੋਂ ਪੰਜਾਬ ਰੋਡਵੇਜ ਨਵਾਂਸ਼ਹਿਰ ਦੇ ਜਨਰਲ ਮੈਨੇਜਰ ਜਸਵੀਰ ਸਿੰਘ ਕੋਟਲਾ ਹਾਦਸੇ ਵਾਲੀ ਥਾਂ ਮੌਕੇ ਦਾ ਜਾਇਜਾ ਲੈਣ ਪੁੱਜੇ ਤਾਂ ਉਨ੍ਹਾਂ ਨੂੰ ਇੱਕ ਪਰਸ ਜਿਸ ਵਿਚ ਲਗਭਗ ਸੱਤ ਕੁ ਹਜਾਰ ਰੁਪਏ, ਕੁੱਝ ਆਈਡੀਆਂ, ਕੁੱਝ ਵਿਦੇਸ਼ੀ ਕਾਗਜਾਤ ਸਨ ਮਿਲਿਆ । ਉਨ੍ਹਾਂ ਆਪਣੇ ਡਰਾਈਵਰ ਨੂੰ ਪਰਸ ਸੰਭਾਲ ਕੇ ਹਦਾਇਤ ਕੀਤੀ ਕਿ ਇਹ ਪਰਸ ਇਸ ਦੇ ਮਾਲਕ ਕੋਲ ਪੁੱਜਦਾ ਕੀਤਾ ਜਾਵੇ। ਸ਼ਾਮ ਤਕਰੀਬਨ ਚਾਰ ਵਜੇ ਇਸ ਸਮਾਨ ਦਾ ਮਾਲਕ ਨਵਾਂ ਸ਼ਹਿਰ ਚਰਨ ਸਿੰਘ ਵਾਸੀ ਪਿੰਡ ਨਸੀਬਪੁਰ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਨੇ ਆਪਣੇ ਸਮਾਨ ਦੀ ਤਲਾਸ਼ ਲਈ ਰੋਡਵੇਜ ਦੀ ਵਰਕਸ਼ਾਪ ਦੇ ਗੇਟ 'ਤੇ ਸਕਿਉਰਟੀ ਗਾਰਡਾਂ, ਡਿਊਟੀ ਇੰਸਪੈਕਟਰ ਰਮਨ ਕੁਮਾਰ ਬਲਵੀਰ ਸਿੰਘ ਆਦਿ ਨੂੰ ਮਿਲ ਕੇ ਮੱਦਦ ਦੀ ਗੁਹਾਰ ਲਗਾਈ। ਉਹ ਅਜੇ ਮਸਾਂ ਪੰਜਾਹ ਗਜ ਹੀ ਗਿਆ ਹੋਵੇਗਾ ਕਿ ਇੱਕ ਡਰਾਈਵਰ ਬਲਵੀਰ ਸਿੰਘ ਮਹਿਤਪੁਰ ਨੇ ਗੇਟ 'ਤੇ ਹਾਜਰ ਸਾਥੀਆਂ ਤੋਂ ਖੜ੍ਹੇ ਹੋਣ ਦਾ ਕਾਰਨ ਸੁਣਦਿਆਂ ਸਾਰ ਦੱਸਿਆ ਕਿ ਇੱਕ ਕੋਈ ਪਰਸ ਜੀ ਐਮ ਸਾਹਿਬ ਦੇ ਡਰਾਈਵਰ ਕਾਲੇ ਕੋਲ ਹੈ ਉਸ ਤੋਂ ਪਤਾ ਕਰ ਲਓ। ਉਸ ਚਰਨ ਸਿੰਘ ਨੂੰ ਪਿਛਿਉਂ

ਆਵਾਜ ਮਾਰ ਕੇ ਬੁਲਾਇਆ ਤੇ ਉਧਰ ਕਾਲੇ ਡਰਾਈਵਰ ਨੂੰ ਪਰਸ ਬਾਰੇ ਪੁੱਛਿਆ ਤਾਂ ਉਸਨੇ ਦੱਸਿਆ ਕਿ ਇੱਕ ਪਰਸ ਉਨ੍ਹਾਂ ਨੂੰ ਮਿਲਿਆ ਹੈ। ਉਨ੍ਹਾਂ ਨੇ ਗੇਟ 'ਤੇ ਆ ਕੇ ਉਹ ਪਰਸ ਚਰਨ ਸਿੰਘ ਨੂੰ ਦਿਖਾਇਆ ਉਨ੍ਹਾਂ ਸਾਰੇ ਦਸਤਾਵੇਜ ਦੇਖ ਕੇ ਦੱਸਿਆ ਕਿ ਇਹ ਉਸ ਦੇ ਹੀ ਹਨ। ਇਸ ਮੌਕੇ ਜਨਰਲ ਮੈਨੇਜਰ ਜਸਵੀਰ ਸਿੰਘ ਕੋਟਲਾ ਨੇ ਚਰਨ ਸਿੰਘ ਨੂੰ ਸਮਾਨ ਦੇ ਦਿੱਤਾ। ਉਨ੍ਹਾਂ ਨੇ ਵੀ ਜੀ ਐਮ ਦਾ ਧੰਨਵਾਦ ਕੀਤਾ। ਇਸ ਮੌਕੇ ਕਾਮਰੇਡ ਮੁਕੰਦ ਲਾਲ ਜਨਰਲ ਸਕੱਤਰ ਪੰਜਾਬ ਪੈਨਸ਼ਨਰਜ ਯੂਨੀਅਨ,ਰਮਨ ਕੁਮਾਰ ਡਿਊਟੀ ਇੰਸਪੈਕਟਰ, ਬਲਵੀਰ ਸਿੰਘ ਅਤੇ ਹੋਰ ਸਾਥੀ ਹਾਜਰ ਸਨ।

ਬੁਲਟ ਮੋਟਰਸਾਈਕਲ ਚਾਲਕਾਂ ਵੱਲੋਂ ਮਾਰੇ ਜਾਣ ਵਾਲੇ ਪਟਾਕਿਆਂ ਤੋਂ ਲੋਕ ਪ੍ਰੇਸ਼ਾਨ

ਭੋਗਪੁਰ (ਗੁਰਪ੍ਰੀਤ ਸਿੰਘ)

ਇਲਾਕੇ ਵਿੱਚ ਸ਼ਰਾਰਤੀ ਸਕੂਲੀ ਵਿਦਿਆਰਥੀ ਅਤੇ ਬੁਲਟ ਮੋਟਰਸਾਈਕਲ ਚਾਲਕਾਂ ਵੱਲੋਂ ਮਾਰੇ ਜਾਣ ਵਾਲੇ ਪਟਾਕਿਆਂ ਕਾਰਨ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਭੋਗਪੁਰ ਇਲਾਕੇ ਵਿੱਚ ਵੱਡੀ ਗਿਣਤੀ ਵਿੱਚ ਬੁਲਟ ਮੋਟਰਸਾਈਕਲ ਹਨ। ਇਨ੍ਹਾਂ ਮੋਟਰਸਾਈਕਲਾਂ ਤੋਂ ਭਾਰੀ ਸ਼ੋਰ ਤਾਂ ਹੁੰਦਾ ਹੀ ਹੈ ਪ੍ਰੰਤੂ ਹੁਣ ਇਨ੍ਹਾਂ ਨੂੰ ਚਲਾਉਣ ਵਾਲੇ ਕੁਝ ਸ਼ਰਾਰਤੀ ਸਕੂਲੀ ਵਿਦਿਆਰਥੀ ਅਤੇ ਨੌਜਵਾਨਾਂ ਵੱਲੋਂ ਜਾਣਬੁੱਝ ਕੇ ਭੋਗਪੁਰ ਦੀਆਂ ਗਲੀਆਂ ਵਿੱਚ ਜਾ ਕੇ ਪਟਾਕੇ ਮਾਰੇ ਜਾਂਦੇ ਹਨ। ਜਿਸ ਨਾਲ ਹੋਰ ਵੀ ਸ਼ੋਰ ਪ੍ਰਦੂਸ਼ਣ ਹੁੰਦਾ ਹੈ। ਇੱਥੇ ਇਹ ਵੀ ਦੱਸਣਯੋਗ ਬਣਦਾ ਹੈ ਕਿ ਕੁਝ ਮੋਟਰਸਾਈਕਲ ਚਾਲਕ ਦੋ ਤੋਂ ਵੱਧ ਲੜਕਿਆਂ ਨੂੰ ਬਿਠਾ ਕੇ ਤੇਜ਼ ਰਫਤਾਰ ਨਾਲ ਅਕਸਰ ਹੀ ਗਲੀਆਂ ਵਿੱਚੋਂ ਦੀ ਗੁਜ਼ਰਦੇ ਹਨ, ਜਿਸ ਕਾਰਨ ਕਿਸੇ ਸਮੇਂ ਵੱਡੀ ਘਟਨਾ ਵਾਪਰ ਸਕਦੀ ਹੈ। ਇਨ੍ਹਾਂ ਮੋਟਰਸਾਈਕਲਾਂ ਦੀਆਂ ਨੰਬਰ ਪਲੇਟਾਂ 'ਤੇ ਵੀ ਜ਼ਿਆਦਾਤਰ ਨੰਬਰਾਂ ਦੀ ਥਾਂ ਸ਼ੇਅਰ ਹੀ ਲਿਖੇ ਦੇਖਣ ਨੂੰ ਮਿਲਦੇ ਹਨ ਅਤੇ ਜੇਕਰ ਕਿਸੇ ਮੋਟਰਸਾਈਕਲ ਤੇ ਨੰਬਰ ਲਿਖਿਆ ਵੀ ਹੁੰਦਾ ਹੈ ਤਾਂ ਉਹ ਵੱਖੋ ਵੱਖਰੇ ਅੰਦਾਜ਼ ਵਿੱਚ ਹੀ ਹੁੰਦੇ ਹਨ। ਜਿਸ ਕਾਰਨ ਨੰਬਰਾਂ ਨੂੰ ਪੜ੍ਹਨ ਵਿੱਚ ਮੁਸ਼ਕਲ ਤਾਂ ਆਉਂਦੀ ਹੀ ਹੈ ਤੇ ਨਾਲ ਨਾਲ ਸਰਕਾਰ ਦੇ ਹੁਕਮਾਂ ਦੀਆਂ ਧੱਜੀਆਂ ਵੀ ਉਡਾਈਆਂ ਜਾਦੀਆਂ ਹਨ ਕਿਉਂਕਿ ਸਰਕਾਰ ਦੇ ਹੁਕਮਾਂ ਅਨੁਸਾਰ ਹਰੇਕ ਵਹੀਕਲ 'ਤੇ ਜੋ ਨੰਬਰ ਪਲੇਟਾਂ ਲਗਾਉਣੀਆਂ ਹੁੰਦੀਆਂ ਹਨ ਉਨ੍ਹਾਂ ਉਪਰ ਇੱਕੋ ਹੀ ਸਾਇਜ਼ ਦੇ ਵੱਡੇ ਅੱਖਰਾਂ ਵਿੱਚ ਲਿਖਣੇ ਜ਼ਰੂਰੀ ਹੁੰਦੇ ਹਨ ਅਤੇ ਨੰਬਰ ਪਲੇਟ ਤੇ ਨੰਬਰ ਤੋਂ ਇਲਾਵਾ ਹੋਰ ਕੁਝ ਵੀ ਨਹੀ ਲਿਖਿਆ ਜਾ ਸਕਦਾ। ਸੂਤਰਾਂ ਅਨੁਸਾਰ ਜਦੋਂ ਕਈ ਵਾਰੀ ਅਜਿਹੇ ਕਿਸੇ ਵਿਅਕਤੀ ਨੂੰ ਪ੍ਰਸ਼ਾਸਨ ਵੱਲੋਂ ਰੋਕ ਕੇ ਇਨ੍ਹਾਂ ਦੇ ਕਾਗਜ਼ ਪੱਤਰ ਚੈਕ ਕਰਦੇ ਹਨ ਤਾਂ ਇਨ੍ਹਾਂ ਦੇ ਕਾਗਜ਼ ਪੱਤਰ ਵੀ ਅਧੂਰੇ ਪਾਏ ਜਾਂਦੇ ਹਨ ਅਤੇ ਕਈ ਅਜਿਹੇ ਸ਼ਰਾਰਤੀ ਵਿਦਿਆਰਥੀ ਨੌਜਵਾਨ ਵੀ ਦੇਖਣ ਨੂੰ ਮਿਲਦੇ ਹਨ ਜੋ ਆਪਣੀ ਰਾਜਨੀਤਿਕ ਪਹੁੰਚ ਅਤੇ ਸਕੇ ਸੰਬੰਧੀ ਵੱਡੇ ਪ੍ਰਸ਼ਾਸਕੀ ਅਧਿਕਾਰੀ ਹੋਣ ਕਾਰਨ ਹੈਂਕੜ ਵਿੱਚ ਰਹਿੰਦੇ ਹਨ। ਇਲਾਕੇ ਵਿੱਚ ਇਹ ਵੀ ਚਰਚਾ ਹੈ ਕਿ ਕਈ ਵਾਰ ਡਿਊਟੀ ਅਧਿਕਾਰੀ ਆਪਣੀਆਂ ਜੇਬਾਂ ਗਰਮ ਕਰਕੇ ਇਨ੍ਹਾਂ ਸ਼ਰਾਰਤੀ ਅਨਸਰਾਂ ਨੂੰ ਸ਼ਹਿ ਦਿੰਦੇ ਹਨ। ਲੋੜ ਹੈ ਪ੍ਰਸ਼ਾਸਨ ਨੂੰ ਅਜਿਹੇ ਵਿਅਕਤੀਆਂ ਦੇ ਖਿਲਾਫ ਸਖਤ ਹੋ ਕੇ ਬਣਦੀ ਕਾਰਵਾਈ ਕਰਨ ਦੀ । ਜਦ ਇਸ ਸੰਬੰਧੀ ਥਾਣਾ ਮੁਖੀ ਰਸ਼ਪਾਲ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾ ਕਿਹਾ ਕਿ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਹਰੇਕ ਵਿਅਕਤੀ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।

ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਨੂੰ ਤੁਰੰਤ ਬਰਖਾਸਤ ਕਰਨ ਦੀ ਕੀਤੀ ਮੰਗ

ਜਲੰਧਰ (ਰਾਜੇਸ਼ ਬਾਪਾ)

ਪੀ.ਡਬਲਯੂ.ਡੀ.ਫੀਲਡ ਅਤੇ ਵਰਕਸਾਪ ਯੂਨੀਅਨ ਪੰਜਾਬ ਵਲੋਂ ਜਲ ਸਰੋਤ ਵਿਭਾਗ ਪੰਜਾਬ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ ਦੇ ਜਿੱਦੀ ਅਤੇ ਅੜੀਅਲ ਵਤੀਰੇ ਦੇ ਵਿਰੋਧ ਵਿੱਚ ਉਲੀਕੇ ਗਏ ਸੰਘਰਸ਼ਾਂ ਦੀ ਲੜੀ ਤਹਿਤ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਅਗਵਾਈ ਵਿੱਚ ਕਾਰਜਕਾਰੀ ਇੰਜੀਨੀਅਰ ਜਲ ਨਿਕਾਸ ਮੰਡਲ ਹਲਕਾ ਜਲੰਧਰ ਦੇ ਦਫਤਰ ਅੱਗੇ ਜੋਰਦਾਰ ਨਾਅਰੇਬਾਜੀ ਕਰਦੇ ਹੋਏ ਰੋਹ ਭਰਪੂਰ ਧਰਨਾ ਦਿੰਦੇ ਹੋਏ ਉਸ ਵਿਰੁੱਧ ਪੰਜਾਬ ਸਰਕਾਰ ਕੋਲੋਂ ਤੁਰੰਤ ਮੰਜੂਦਾ ਅਹੁਦੇ ਤੋਂ ਬਰਖਾਸਤ ਕਰਨ ਦੀ ਮੰਗ ਕੀਤੀ।ਇਸ ਤੋਂ ਇਲਾਵਾ ਕਾਰਜਕਾਰੀ ਇੰਜੀਨੀਅਰ ਬਿਸਤ ਦੁਆਬ ਮੰਡਲ ਜਲੰਧਰ ਅਤੇ ਨਿਗਰਾਨ ਇੰਜੀਨੀਅਰ ਜਲ ਨਿਕਾਸ ਹਲਕਾ ਜਲੰਧਰ ਰਾਹੀਂ ਵੀ ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ ਦੇ ਹੈਂਕੜਬਾਜ ਵਤੀਰੇ ਵਿਰੁੱਧ ਰੋਸ ਪੱਤਰ ਪੰਜਾਬ ਸਰਕਾਰ ਨੂੰ ਭੇਜੇ ਗਏ। ਇਸ ਸਮੇਂ ਹੋਰਨਾਂ ਤੋਂ ਇਲਾਵਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ,ਜਨਰਲ ਸਕੱਤਰ ਅਮਰੀਕ ਸਿੰਘ ਸੇਖੋਂ, ਚੇਅਰਮੈਨ ਅਕਲ ਚੰਦ ਸਿੰਘ, ਬਲਜੀਤ ਸਿੰਘ, ਰਾਜਿੰਦਰ ਕੁਮਾਰ, ਅੰਗਰੇਜ ਸਿੰਘ, ਸਤਵਿੰਦਰ ਸਿੰਘ, ਬਲਵੀਰ ਸਿੰਘ ਗੁਰਾਇਆ, ਤਰਲੋਕ ਸਿੰਘ, ਕਰਮਜੀਤ ਸਿੰਘ,ਜਗਤ ਨਾਲ, ਰਘਵੀਰ ਸਿੰਘ, ਸੁਰਿੰਦਰ ਪਾਲ,ਹਰੀ ਰਾਮ, ਰਾਮ ਬ੍ਰਿਸ, ਬਲਜਿੰਦਰ ਸਿੰਘ, ਮਨਜਿੰਦਰ ਸਿੰਘ, ਯਾਦਵਿੰਦਰ ਸਿੰਘ, ਸੰਤੋਖ ਸਿੰਘ ਆਦਿ ਸਾਥੀ ਹਾਜਰ ਹੋਏ।

ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਮੈਂਬਰਸ਼ਿਪ 11 ਤੋਂ

ਬਹਿਰਾਮ (ਅਵਤਾਰ ਕਲੇਰ) ਕੁਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਕਾਮਰੇਡ ਰਾਮ ਸਿੰਘ ਨੂਰਪੁਰੀ ਤੇ ਸੂਬਾ ਜਨਰਲ ਸਕੱਤਰ ਲਾਲ ਸਿੰਘ ਧਨੌਲਾ ਨੇ ਸਾਂਝੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਯੂਨੀਅਨ ਦੀ 11,12 ,13 ਦਸੰਬਰ 1954 ਨੂੰ ਖਾਨਖਾਨਾ ਵਿਖੇ ਤਿੰਨ ਰੋਜਾ ਅਜਲਾਸ ਕਰਕੇ ਸਥਾਪਨਾ ਹੋਈ ਸੀ। ਇਸੇ ਸਬੰਧ ਵਿੱਚ 11 ਤੋਂ 13 ਦਸੰਬਰ 2022 ਨੂੰ ਯੂਨੀਅਨ ਦੀ ਮੈਂਬਰਸ਼ਿਪ ਪਿੰਡ - ਪਿੰਡ ਕੀਤੀ ਜਾਵੇਗ। ਯੂਨੀਅਨ ਦੇ ਸੂਬਾ, ਜ਼ਿਲ੍ਹਾ, ਤਹਿਸੀਲ ਤੇ ਬਰਾਂਚ ਆਗੂ ਤਿੰਨੇ ਦਿਨ ਮੈਂਬਰਸ਼ਿਪ ਕਰਨਗੇ।

ਸਾਬੀ ਈਸਪੁਰੀ ਦੀ ਨਵੀਂ ਐਲਬਮ ਸੱਜਣਾ 11 ਨੂੰ ਹੋਵੇਗੀ ਰਿਲੀਜ਼

ਮੇਹਟੀਆਣਾ (ਜਗਤਾਰ ਸਿੰਘ ਭੁੰ

8-Dec-PAGE-9.qxd 12/7/2022 10:43 PM Page 1

ਜੰਗਲਾਤ ਕਾਮਿਆਂ ਦੀ ਭਲਾਈ ਸੂਬਾ ਸਰਕਾਰ ਦੀ ਤਰਜੀਹ : ਕਟਾਰੂਚੱਕ

ਚੰਡੀਗੜ੍ਹ, (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਹਰ ਵਰਗ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਅਣਥੱਕ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸੂਬੇ ਦੇ ਜੰਗਲਾਤ ਕਾਮੇ ਵੀ ਇਸ ਲੜੀ ਦਾ ਇਕ ਬੇਹੱਦ ਅਹਿਮ ਹਿੱਸਾ ਹਨ ਅਤੇ ਉਹਨਾਂ ਦੀ ਭਲਾਈ ਲਈ ਹਰ ਸੰਭਵ ਕਦਮ ਚੁੱਕਣੇ ਸਰਕਾਰ ਦੀਆਂ ਤਰਜੀਹਾਂ ਵਿੱਚੋਂ ਇਕ ਹੈ। ਇਹ ਵਿਚਾਰ ਅੱਜ ਮੁਹਾਲੀ ਦੇ ਸੈਕਟਰ-68 ਵਿਖੇ ਵਣ ਕੰਪਲੈਕਸ ਵਿੱਚ ਸੂਬੇ ਦੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਡੈਮੋਕ੍ਰੇਟਿਕ ਜੰਗਲਾਤ ਯੂਨੀਅਨ ਦੇ ਕਾਮਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਪ੍ਰਗਟ ਕੀਤੇ। ਜੰਗਲਾਤ ਕਾਮਿਆਂ ਦੀ ਭਲਾਈ ਲਈ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਕਟਾਰੂਚੱਕ ਨੇ ਇਹ ਦੱਸਿਆ ਕਿ ਜਿਥੋਂ ਤੱਕ ਕਾਮਿਆਂ ਨੂੰ ਪਿਛਲੇ ਬਕਾਏ ਨਾ ਮਿਲਣ ਦੀ ਗੱਲ ਹੈ ਤਾਂ ਇਸ ਸੰਬੰਧੀ ਸਿਧਾਂਤਕ ਤੌਰ 'ਤੇ ਪ੍ਰਵਾਨਗੀ ਦਿੱਤੀ ਜਾ ਚੁੱਕੀ ਹੈ ਅਤੇ ਹੁਣ ਭਾਰਤ ਸਰਕਾਰ ਵੱਲੋਂ ਚਿੱਠੀ ਮਿਲਣ ਦੀ ਉਡੀਕ ਕੀਤੀ ਜਾ ਰਹੀ ਹੈ ਜਿਸ ਦੇ ਮਿਲਦਿਆਂ ਹੀ ਇਹ ਬਕਾਏ ਅਦਾ ਕਰ ਦਿੱਤੇ ਜਾਣਗੇ। ਉਨ੍ਹਾ ਅੱਗੇ ਕਿਹਾ ਕਿ ਸੂਬੇ ਭਰ ਦੇ ਜ਼ਿਲ੍ਹਾ ਵਣ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ ਕਿ ਕਾਮਿਆਂ ਨੂੰ ਉਹਨਾਂ ਦੀਆਂ ਤਨਖਾਹਾਂ ਹਰ ਮਹੀਨੇ ਦੀ 10 ਤਾਰੀਖ ਤੋਂ ਪਹਿਲਾਂ ਜਾਰੀ ਕਰਨੀਆਂ ਯਕੀਨੀ ਬਣਾਈਆਂ ਜਾਣ। ਹੋਰ ਮੁੱਦਿਆਂ ਉੱਤੇ ਚਾਨਣਾ ਪਾਉਂਦਿਆਂ ਉਨ੍ਹਾ ਕਿਹਾ ਕਿ ਜਿਥੋਂ ਤੱਕ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਸਵਾਲ ਹੈ ਤਾਂ ਸਰਕਾਰ ਵੱਲੋਂ ਇਸ ਸੰਬੰਧੀ ਸੁਹਿਰਦਤਾ ਨਾਲ ਯਤਨ ਕੀਤੇ ਜਾ ਰਹੇ ਹਨ ਅਤੇ ਇਕ ਠੋਸ ਨੀਤੀ ਤਿਆਰ ਕੀਤੀ ਜਾ ਰਹੀ ਹੈ। ਸੀਨੀਆਰਤਾ ਸੂਚੀ ਬਾਰੇ ਕਟਾਰੂਚੱਕ ਨੇ ਸਪੱਸ਼ਟ ਕੀਤਾ ਕਿ ਇਹ ਸੂਚੀ ਤਿਆਰ ਕਰਨ ਦੀ ਪ੍ਰਕਿਰਿਆ ਵਿੱਚ ਹੈ ਅਤੇ ਇਹ ਭਰਪੂਰ ਕੋਸ਼ਿਸ਼ ਹੈ ਕਿ ਕੋਈ ਵੀ ਯੋਗ ਮੁਲਾਜ਼ਮ ਇਸ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹਿ ਜਾਵੇ। ਜਿਥੋਂ ਤੱਕ ਕੱਚੇ ਮੁਲਾਜ਼ਮਾਂ ਨੂੰ ਪੱਕੇ ਮੁਲਾਜ਼ਮਾਂ ਵਾਲੀਆਂ ਸਹੂਲਤਾਂ ਦੇਣ ਦਾ ਸਵਾਲ ਹੈ ਤਾਂ ਇਸ ਸਬੰਧੀ ਸਰਕਾਰੀ ਨਿਯਮਾਂ ਅਨੁਸਾਰ ਹੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਮੁੱਖ ਵਣਪਾਲ ਸ੍ਰੀ ਆਰ.ਕੇ. ਮਿਸ਼ਰਾ, ਵਧੀਕ ਪ੍ਰਮੁੱਖ ਵਣਪਾਲ ਧਰਮਿੰਦਰ ਸ਼ਰਮਾ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

ਮਨਸੂਰਪੁਰ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੁਲਸ ਪ੍ਰਸ਼ਾਸਨ ਦਾ ਧੰਨਵਾਦ

ਫਿਲੌਰ (ਨਿਰਮਲ) ਬੀਤੇ ਦਿਨੀਂ ਪਿੰਡ ਮਨਸੂਰਪੁਰ ਵਿੱਖੇ ਹੋਈ ਬੇਅਦਬੀ ਦੀ ਮੰਦਭਾਗੀ ਘਟਨਾ ਦੇ ਮਾਮਲੇ ਵਿਚ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਮਨਸੂਰਪੁਰ ਅਤੇ ਇਲਾਕਾ ਨਿਵਾਸੀਆਂ ਦੀ ਮੀਟਿੰਗ ਹੋਈ। ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਬੀਬੀ ਖੁਸਬੀਰ ਕੌਰ ਬੜਾ ਪਿੰਡ ਪਤਨੀ ਭਾਈ ਕੁਲਵੀਰ ਸਿੰਘ ਬੜਾ ਪਿੰਡ ਪਹੁੰਚੇ। ਮੀਟਿੰਗ ਦੌਰਾਨ ਬੇਅਦਬੀ ਘਟਨਾ ਦੇ ਦੋਸੀਆਂ ਨੂੰ ਸਜਾ ਦਿਵਾਉਣ ਲਈ ਕਾਨੂੰਨੀ ਲੜਾਈ ਲੜਨ ਲਈ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਹਾਜਰ ਸਮੂਹ ਸੰਗਤਾਂ ਵੱਲੋਂ ਪੱਕਾ ਨਿਸ਼ਚਾ ਕੀਤਾ ਗਿਆ ਕਿ ਬੇਅਦਬੀ ਦੇ ਦੋਸ਼ੀਆਂ ਸਜਾ ਦਿਵਾਉਣ ਤੱਕ ਹਰ ਤਰ੍ਹਾਂ ਦੀ ਕਾਨੂੰਨੀ ਕਾਰਵਾਈ ਕਰਾਂਗੇ। ਜਿਸ ਸਬੰਧੀ ਸਾਰੀ ਸੰਗਤ ਬੀਬੀ ਖੁਸਬੀਰ ਕੌਰ ਦੀ ਅਗਵਾਈ ਹੇਠ ਥਾਣਾ ਮੁਖੀ ਗੁਰਾਇਆ ਨੂੰ ਮਿਲੇ ਅਤੇ ਥਾਣਾ ਮੁਖੀ ਨੂੰ ਦੋਸ਼ੀਆਂ 'ਤੇ ਹੋ ਰਹੀ ਕਾਰਵਾਈ ਸਬੰਧੀ ਪੁੱਛਿਆ। ਥਾਣਾ ਮੁਖੀ ਨੇ ਦੱਸਿਆ ਕਿ ਦੋਵਾਂ ਦੋਸ਼ੀਆਂ ਦਾ 6 ਦਿਨ ਦਾ ਰਿਮਾਂਡ ਮਿਲਿਆ ਹੈ। ਰਿਮਾਂਡ ਦੌਰਾਨ ਸਖਤੀ ਨਾਲ ਪੁਛਗਿੱਛ ਕੀਤੀ ਜਾਵੇਗੀ। ਭਾਈ ਪਰਮਜੀਤ ਸਿੰਘ ਪ੍ਰੇਮੀ ਅਤੇ ਪ੍ਰਬੰਧਕ ਕਮੇਟੀ ਵੱਲੋਂ ਥਾਣਾ ਮੁਖੀ ਦਾ ਧੰਨਵਾਦ ਕੀਤਾ ਗਿਆ । ਇਸ ਮੌਕੇ ਅਮਰੀਕ ਸਿੰਘ ਪ੍ਰਧਾਨ, ਬਲਦੇਵ ਸਿੰਘ, ਜਸਵਿੰਦਰ ਸਿੰਘ ਬਾਬਾ, ਭੁਪਿੰਦਰ ਸਿੰਘ, ਨਰਿੰਦਰ ਸਿੰਘ, ਬੀਬੀ ਅਮਰਜੀਤ ਕੌਰ ਪੰਚ, ਬੀਬੀ ਦਵਿੰਦਰ ਕੌਰ, ਬੀਬੀ ਬਲਜਿੰਦਰ ਕੌਰ ਉਂਕਾਰ ਸਿੰਘ, ਬੱਬੀ ਅਤੇ ਹੋਰ ਸਨ।

ਅਪ੍ਰੈਲ ਤੋਂ ਨਵੰਬਰ ਤੱਕ ਜ਼ਮੀਨ-ਜਾਇਦਾਦ ਦੀਆਂ ਰਜਿਸਟਰੀਆਂ ਤੋਂ ਆਮਦਨ 'ਚ 21 ਫੀਸਦੀ ਵਾਧਾ : ਜਿੰਪਾ

ਚੰਡੀਗੜ੍ਹ, (ਗੁਰਜੀਤ ਬਿੱਲਾ)

ਪੰਜਾਬ ਦੇ ਮਾਲ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਦੱਸਿਆ ਹੈ ਕਿ ਜ਼ਮੀਨ-ਜਾਇਦਾਦ ਦੀਆਂ ਰਜਿਸਟਰੀਆਂ ਤੋਂ ਪੰਜਾਬ ਸਰਕਾਰ ਦੇ ਖਜ਼ਾਨੇ ਵਿਚ ਇਸ ਸਾਲ ਅਪ੍ਰੈਲ ਤੋਂ ਨਵੰਬਰ ਮਹੀਨੇ ਤੱਕ ਪਿਛਲੇ ਸਾਲ ਦੇ ਮੁਕਾਬਲੇ 21 ਫੀਸਦੀ ਜ਼ਿਆਦਾ ਪੈਸਾ ਆਇਆ ਹੈ। ਉਨ੍ਹਾ ਕਿਹਾ ਕਿ ਪੰਜਾਬ ਵਾਸੀਆਂ ਨੂੰ ਪਾਰਦਰਸ਼ੀ, ਖੱਜਲ-ਖੁਆਰੀ ਰਹਿਤ ਅਤੇ ਭ੍ਰਿਸ਼ਟਾਚਾਰ ਮੁਕਤ ਸੇਵਾਵਾਂ ਦੇਣਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਟੀਚਾ ਹੈ ਅਤੇ ਇਸੇ ਸਦਕਾ ਸੂਬੇ ਦੀ ਆਮਦਨ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਿਰਫ ਨਵੰਬਰ ਮਹੀਨੇ ਵਿਚ ਹੀ ਪਿਛਲੇ ਸਾਲ ਦੇ ਮੁਕਾਬਲੇ 44 ਫੀਸਦੀ ਜ਼ਿਆਦਾ ਆਮਦਨ ਹੋਈ ਹੈ। ਮਾਲ ਮੰਤਰੀ ਨੇ ਦੱਸਿਆ ਕਿ ਸਟੈਂਪ ਅਤੇ ਰਜਿਸਟਰੇਸ਼ਨ ਅਧੀਨ ਇਕ ਅਪ੍ਰੈਲ ਤੋਂ 30 ਨਵੰਬਰ 2022 ਤੱਕ ਖਜ਼ਾਨੇ ਵਿਚ 2525.72 ਕਰੋੜ ਰੁਪਏ ਦੀ ਆਮਦਨ ਆਈ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਨਾਲੋਂ ਇਹ ਆਮਦਨ 21 ਫੀਸਦੀ ਜ਼ਿਆਦਾ ਬਣਦੀ ਹੈ। ਸਾਲ 2021 ਵਿਚ ਇਨ੍ਹਾਂ ਅੱਠ ਮਹੀਨਿਆਂ ਦੇ ਸਮੇਂ ਦੌਰਾਨ ਇਹ ਆਮਦਨ 2088.60 ਕਰੋੜ ਰੁਪਏ ਸੀ। ਜਿੰਪਾ ਨੇ ਦੱਸਿਆ ਕਿ ਸਿਰਫ ਨਵੰਬਰ ਮਹੀਨੇ ਵਿਚ ਹੀ ਪਿਛਲੇ ਸਾਲ ਦੇ ਮੁਕਾਬਲੇ 44 ਫੀਸਦੀ ਜ਼ਿਆਦਾ ਆਮਦਨ ਦਰਜ ਕੀਤੀ ਗਈ ਹੈ। ਨਵੰਬਰ 2022 ਵਿਚ 376.78 ਕਰੋੜ ਰੁਪਏ ਦੀ ਆਮਦਨ ਸਟੈਂਪ ਅਤੇ ਰਜਿਸਟਰੇਸ਼ਨ ਅਧੀਨ ਆਈ ਹੈ ਜਦਕਿ ਨਵੰਬਰ 2021 ਵਿਚ ਇਹ 260.87 ਕਰੋੜ ਰੁਪਏ ਸੀ। ਉਨ੍ਹਾ ਕਿਹਾ ਕਿ ਰਜਿਸਟਰੀਆਂ ਕਰਵਾਉਣ ਵੇਲੇ ਲੋਕਾਂ ਨੂੰ ਕੋਈ ਪਰੇਸ਼ਾਨੀ ਨਾ ਆਵੇ ਇਸ ਸੰਬੰਧੀ ਮਾਲ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਸਮੇਂ-ਸਮੇਂ 'ਤੇ ਨਿਰਦੇਸ਼ ਜਾਰੀ ਕੀਤੇ ਜਾਂਦੇ ਰਹਿੰਦੇ ਹਨ ਅਤੇ ਉਹ ਖੁਦ ਵੀ ਦਫਤਰਾਂ ਦਾ ਦੌਰਾ ਕਰਦੇ ਹਨ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਵੱਲੋਂ ਜਾਰੀ ਹਦਾਇਤਾਂ ਨੂੰ ਮੁੱਖ ਰੱਖਦੇ ਹੋਏ ਮਾਲ ਵਿਭਾਗ ਵਿਚ ਸਾਰਾ ਕੰਮਕਾਰ ਨਿਯਮਾਂ ਅਨੁਸਾਰ ਅਤੇ ਸੁਚੱਜੇ ਢੰਗ ਨਾਲ ਕੀਤਾ ਜਾ ਰਿਹਾ ਹੈ। ਮਾਲ ਮੰਤਰੀ ਨੇ ਕਿਹਾ ਕਿ ਪਿਛਲੇ ਸਮੇਂ ਵਿਚ ਮਾਲ ਵਿਭਾਗ ਦੇ ਕੰਮ ਕਰਨ ਦੇ ਤਰੀਕਿਆਂ ਤੋਂ ਆਮ ਲੋਕ ਬਹੁਤ ਦੁਖੀ ਸਨ ਪਰ ਪਿਛਲੇ 8 ਮਹੀਨਿਆਂ ਤੋਂ ਲੋਕਾਂ ਨੂੰ ਸੁਚਾਰੂ ਅਤੇ ਵਧੀਆ ਸੇਵਾਵਾਂ ਮਿਲ ਰਹੀਆਂ ਹਨ। ਉਨ੍ਹਾਂ ਅਪੀਲ ਕੀਤੀ ਕਿ ਸੂਬੇ ਦੇ ਖਜ਼ਾਨੇ ਨੂੰ ਮਜ਼ਬੂਤ ਕਰਨ ਲਈ ਲੋਕ ਸਰਕਾਰ ਦਾ ਸਾਥ ਦੇਣ ਅਤੇ ਕਿਸੇ ਵੀ ਕੰਮ ਲਈ ਕਿਸੇ ਵੀ ਅਧਿਕਾਰੀ/ਕਰਮਚਾਰੀ ਨੂੰ ਕੋਈ ਰਿਸ਼ਵਤ ਨਾ ਦਿੱਤੀ ਜਾਵੇ ਅਤੇ ਜੇਕਰ ਮਾਲ ਵਿਭਾਗ ਦਾ ਕੋਈ ਅਧਿਕਾਰੀ/ਕਰਮਚਾਰੀ ਕਿਸੇ ਕੰਮ ਬਦਲੇ ਪੈਸਾ ਮੰਗਦਾ ਹੈ ਤਾਂ ਬੇਝਿਜਕ ਹੋ ਕੇ ਇਸ ਦੀ ਸ਼ਿਕਾਇਤ ਕੀਤੀ ਜਾਵੇ। ਦੋਸ਼ੀ ਨੂੰ ਕਿਸੇ ਵੀ ਹਾਲਤ ਵਿਚ ਬਖਸ਼ਿਆ ਨਹੀਂ ਜਾਵੇਗਾ।

ਕੁਨੈਕਸ਼ਨ ਕੱਟੇ ਜਾਣ ਤੋਂ ਬਾਅਦ ਕਈ ਸਕੂਲਾਂ ਦੇ ਵਿਦਿਆਰਥੀ ਪਾਣੀ ਨੂੰ ਤਰਸੇ

ਸ਼ਾਹਕੋਟ (ਗਿਆਨ ਸੈਦਪੁਰੀ)

ਮਾਰਕੀਟ ਕਮੇਟੀ ਸਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ ਨੇ ਪਾਵਰਕਾਮ ਵੱਲੋ ਸਬ ਡਵੀਜਨ ਸ਼ਾਹਕੋਟ ਵਿੱਚ ਸਰਕਾਰੀ ਸਕੂਲਾਂ ਦੇ ਬਿਜਲੀ ਦੇ ਕੁਨੈਕਸ਼ਨ ਕੱਟੇ ਜਾਣ ਦੀ ਕਾਰਵਾਈ ਦੀ ਨਿਖੇਧੀ ਕੀਤੀ ਹੈ। ਪਹਿਲਾਂ ਹੀ ਕਈ ਤਰ੍ਹਾਂ ਦੀਆਂ ਦੁਸ਼ਵਾਰੀਆਂ ਦਾ ਸਾਹਮਣਾ ਕਰ ਰਹੇ ਸਰਕਾਰੀ ਸਕੂਲਾਂ ਵਿਰੁੱਧ ਇਹ ਕਾਰਵਾਈ ਜਾਇਜ ਨਹੀ ਠਹਿਰਾਈ ਜਾ ਸਕਦੀ। ਸਰਕਾਰੀ ਸਕੂਲਾਂ ਦੇ ਵਿਦਿਆਰਥੀ ਬਿਜਲੀ ਬੰਦ ਹੋਣ ਕਾਰਨ ਹੁਣ ਪਾਣੀ ਨੂੰ ਵੀ ਤਰਸ ਜਾਣਗੇ। ਚੱਠਾ ਨੇ ਕਿਹਾ ਕਿ ਸਰਕਾਰੀ ਫੰਡਾਂ ਦੀ ਘਾਟ ਕਾਰਨ ਬਹੁਤ ਸਾਰੇ ਸਰਕਾਰੀ ਸਕੂਲ ਪ੍ਰਵਾਸੀ ਪੰਜਾਬੀਆਂ ਜਾਂ ਫਿਰ ਹੋਰ ਦਾਨੀ ਸੱਜਣਾ ਦੇ ਆਰਥਿਕ ਠੁੰਮਣੇ ਨਾਲ ਚੱਲ ਰਹੇ ਹਨ। ਸਰਕਾਰਾਂ ਬਹੁਤ ਸਾਰੀਆਂ ਮੁਫਤ ਸਹੂਲਤਾਂ ਦੇਣ ਦੀਆਂ ਸਕੀਮਾਂ ਚਲਾਉਂਦੀਆਂ ਹਨ। ਉਨ੍ਹਾਂ ਸਵਾਲ ਉਠਾਇਆ ਕਿ ਕੀ ਸਰਕਾਰੀ ਸਕੂਲਾਂ ਦੇ ਬਿੱਲ ਮਾਫ ਨਹੀਂ ਕੀਤੇ ਜਾ ਸਕਦੇ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਜ਼ਿਆਦਾ ਬੱਚੇ ਗਰੀਬ ਵਰਗ ਨਾਲ ਸਬੰਧਤ ਹੁੰਦੇ ਹਨ। ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਕੋਲੋਂ ਦੇਸ਼ ਦਾ ਭਵਿੱਖ ਬਣਨ ਦੀ ਆਸ ਕੀਤੀ ਜਾਂਦੀ ਹੈ। ਸਹੂਲਤਾਂ ਤੋਂ ਸੱਖਣੇ ਵਿਦਿਆਰਥੀਆਂ ਕੋਲੋਂ ਅਜਿਹੀ ਆਸ ਰੱਖਣੀ ਤਰਕ ਤੋਂ ਵਾਂਝੀ ਲੱਗਣ ਲੱਗ ਪੈਂਦੀ ਹੈ। ਪਾਵਰਕਾਮ ਸ਼ਾਹਕੋਟ ਦੇ ਜੂਨੀਅਰ ਇੰਜੀਨੀਅਰ ਹਰਪਾਲ ਸਿੰਘ ਜਿੰਨਾ ਕੋਲ ਐਸ.ਡੀ.ਓ. ਦੇ ਅਹੁਦੇ ਦਾ ਵੀ ਚਾਰਜ ਹੈ, ਨੇ ਇਸ ਸੰਬੰਧ ਵਿੱਚ ਦੱਸਿਆ ਕਿ ਲਗਭਗ 40 ਸਰਕਾਰੀ ਸਕੂਲਾਂ ਦੇ ਬਿਜਲੀ ਦੇ ਕੁਨੈਕਸ਼ਨ ਕੱਟੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਪਾਵਰਕਾਮ ਦੇ ਡਿਫਾਲਟਰ ਹਨ। ਉਨ੍ਹਾਂ ਦੱਸਿਆ ਕਿ ਜਿੰਨ੍ਹਾਂ ਸਕੂਲਾਂ ਦੇ ਬਿੱਲ ਅਦਾ ਨਹੀਂ ਹੋਏ, ਉਨ੍ਹਾਂ ਦੇ ਮੁਖੀਆਂ ਨੂੰ ਇੱਕ ਹਫਤਾ ਪਹਿਲਾ ਸੂਚਿਤ ਕਰ ਦਿੱਤਾ ਗਿਆ ਸੀ। ਸੂਚਨਾ ਤੋਂ ਬਾਅਦ ਕੁਝ ਸਕੂਲਾਂ ਦੇ ਬਿੱਲ ਜਮ੍ਹਾਂ ਹੋ ਗਏ ਹਨ। ਜਿੰਨ੍ਹਾਂ ਸਕੂਲਾਂ ਦੇ ਬਿੱਲ ਜਮ੍ਹਾਂ ਨਹੀਂ ਹੋਏ ਉਨ੍ਹਾਂ ਦੇ ਕੁਨੈਕਸ਼ਨ ਕੱਟੇ ਗਏ ਹਨ।

ਸੁਰਿੰਦਰਜੀਤ ਸਿੰਘ ਚੱਠਾ ਗੱਲਬਾਤ ਕਰਦੇ ਹੋਏ।

ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਜਥੇ ਦਾ ਜਮਸ਼ੇਰ ਖਾਸ ਪੁੱਜਣ 'ਤੇ ਭਰਵਾਂ ਸਵਾਗਤ

ਜਲੰਧਰ (ਕੇਸਰ)

ਦਿਹਾਤੀ ਮਜਦੂਰ ਸਭਾ ਦੇ ਸੂਬਾਈ ਜਥੇ ਦਾ ਪਿੰਡ ਜਮਸੇਰ ਖਾਸ ਪੁੱਜਣ 'ਤੇ ਭਰਵਾਂ ਸਵਾਗਤ ਕੀਤਾ ਗਿਆ। ਇਹ ਜਥਾ 27 ਨਵੰਬਰ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਸ਼ੁਰੂ ਹੋਇਆ ਸੀ ਅਤੇ ਪੰਜਾਬ ਭਰ ਵਿੱਚ ਕਿਰਤੀਆਂ ਤੇ ਸਾਧਨਹੀਣ ਲੋਕਾਂ ਨੂੰ ਜਾਗਰੂਕ ਕਰਦਾ ਹੋਇਆ ਇੱਥੇ ਪਹੁੰਚਾ। ਜਥੇ ਦੀ ਅਗਵਾਈ ਕਰਦੇ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ ਅਤੇ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਨੇ ਦੱਸਿਆ ਕਿ ਇਹ ਜਥਾ ਮਾਰਚ ਬੇਜਮੀਨੇ ਤੇ ਸਾਧਨਹੀਣ ਲੋਕਾਂ ਨੂੰ ਜਾਗਰੂਕ ਕਰਨ ਅਤੇ ਇਨ੍ਹਾਂ ਦੇ ਮਸਲਿਆਂ ਲਈ ਤਿੱਖੇ ਸੰਘਰਸ਼ ਵਿੱਢਣ ਲਈ ਕੀਤਾ ਜਾ ਰਿਹਾ ਹੈ। ਕਿਉਂਕਿ ਦੇਸ਼ ਦੀ ਰਾਜਸਤਾ 'ਤੇ ਕਾਬਜ ਫਿਰਕੂ ਫਾਸ਼ੀਵਾਦੀ ਮੋਦੀ ਸਰਕਾਰ ਨਵ ਉਦਾਰਵਾਦੀ ਨੀਤੀਆਂ ਲਾਗੂ ਕਰਕੇ ਪਬਲਿਕ ਸੈਕਟਰ ਦੇ ਸਾਰੇ ਅਦਾਰੇ ਕਾਰਪੋਰੇਟ ਘਰਾਣਿਆਂ ਨੂੰ ਕੌਡੀਆਂ ਦੇ ਭਾਅ ਵੇਚ ਰਹੀ ਹੈ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਤੋਂ ਮੁਕਰ ਰਹੀ ਹੈ ਅਤੇ ਹੱਕ ਮੰਗਦੇ ਲੋਕਾਂ ਦੇ ਡਾਂਗਾਂ ਮਾਰ ਰਹੀ ਹੈ। ਆਗੂਆਂ ਨੇ ਕਿਹਾ ਕਿ ਮਿਹਨਤੀ ਲੋਕਾਂ ਦੇ ਭੱਖਦੇ ਮਸਲੇ ਜਿਵੇਂ ਮਜਦੂਰਾਂ ਦੇ ਪੱਕੇ ਰੁਜਗਾਰ ਦਾ ਪ੍ਰਬੰਧ ਕਰਨਾ ਅਤੇ ਮਨਰੇਗਾ ਕਾਨੂੰਨ ਤਹਿਤ ਸਾਰਾ ਸਾਲ ਕੰਮ 'ਤੇ ਦਿਹਾੜੀ 700 ਰੁਪਏ ਦੇਣਾ, ਮਹਿੰਗਾਈ ਨੂੰ ਕਾਬੂ ਕਰਨਾ ਅਤੇ ਸਰਕਾਰੀ ਡੀਪੂ ਖੋਹਲ ਕੇ ਨਿੱਤ ਵਰਤੋਂ ਦੀਆਂ ਚੀਜਾਂ ਸਸਤੇ ਭਾਅ ਤੇ ਦੇਣਾ,ਪੰਚਾਇਤੀ ਜਮੀਨ ਦਾ 1/3 ਹਿੱਸਾ ਦਲਿਤਾਂ ਨੂੰ ਸਸਤੇ ਰੇਟ 'ਤੇ ਠੇਕੇ 'ਤੇ ਦੇਣਾ, ਬੇਘਰੇ ਤੇ ਲੋੜਵੰਦਾਂ ਨੂੰ 5-5 ਮਰਲੇ ਦੇ ਪਲਾਟ ਅਤੇ ਮਕਾਨ ਬਣਾਉਣ ਲਈ 5 ਲੱਖ ਰੁਪਏ ਦੀ ਗਰਾਂਟ ਦੇਣਾ, ਸਰਕਾਰੀ ਤੇ ਗੈਰਸਰਕਾਰੀ ਕਰਜਾ ਮੁਆਫ ਕਰਨਾ, ਸਮਾਜਿਕ ਜਬਰ ਬੰਦ ਕਰਨ, ਸਿੱਖਿਆ ਤੇ ਸੇਹਤ ਸਹੂਲਤਾਂ ਦਾ ਮੁਫਤ ਪ੍ਰਬੰਧ ਕਰਨ, ਪੀਣ ਵਾਲੇ ਸਾਫ ਸੁਥਰੇ ਪਾਣੀ ਦਾ ਮੁਫਤ ਦੇਣ ਦਾ ਪ੍ਰਬੰਧ ਕਰਨਾ ਅਤੇ ਕੋਆਪਰੇਟਿਵ ਸੁਸਾਇਟੀ ਵਿਚ ਹਿੱਸਾ ਪੁਆਉਣਾ ਅਤੇ ਹੱਦ ਕਰਜਾ ਇਕ ਲੱਖ ਰੁਪਏ ਕਰਨਾ ਆਦਿ ਮੰਗਾਂ ਨੂੰ ਮਨਵਾਉਣ ਲਈ ਸੰਘਰਸ਼ ਦਾ ਸੱਦਾ ਦਿੱਤਾ।

ਇਸ ਮੌਕੇ ਸਭਾ ਦੇ ਸੂਬਾ ਪ੍ਰੈਸ ਸਕੱਤਰ ਸਾਥੀ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਮੋਦੀ ਸਰਕਾਰ ਦੇਸ ਦੇ ਲੋਕਾਂ ਦੇ ਸੰਵਿਧਾਨਕ ਹੱਕ ਖੋਹ ਰਹੀ ਹੈ ਕਿਰਤ ਕਾਨੂੰਨਾਂ ਵਿੱਚ ਸੋਧਾਂ ਕਰਕੇ ਮਜਦੂਰਾਂ ਨੂੰ ਮਿਲਦੀਆਂ ਨਿਗੂਣੀਆਂ ਸਹੂਲਤਾਂ ਬੰਦ ਕੀਤੀਆਂ ਜਾ ਰਹੀਆਂ ਹਨ। ਸਾਥੀ ਨੂਰਪੁਰੀ ਨੇ ਕਿਹਾ ਕਿ ਦੋਆਬਾ ਜੋਨ ਦੀ ਮਜਦੂਰ ਅਧਿਕਾਰ ਰੈਲੀ 27 ਦਸੰਬਰ ਨੂੰ ਨਕੋਦਰ ਵਿਖੇ ਕੀਤੀ ਜਾਵੇਗੀ ਜਿਸ ਵਿਚ ਪਰਿਵਾਰਾਂ ਸਮੇਤ ਪੁੱਜਣ ਦੀ ਅਪੀਲ ਕਰਦੇ ਹਾਂ। ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲਸੀਆਂ, ਮੇਜਰ ਫਿਲੌਰ ਨੇ ਸੰਬੋਧਨ ਕੀਤਾ। ਇਸ ਮੌਕੇ ਸਾਥੀ ਭਜਨ ਸਿੰਘ ਗਿੱਲ, ਪਰਮਜੀਤ ਬੁੱਬ, ਬਲਜੀਤ ਕੌਰ, ਮਨਜੀਤ

8-DEC-PAGE-10.qxd 12/7/2022 10:34 PM Page 1

ਜਲ ਸਰੋਤ ਕਾਮਿਆਂ ਵੱਲੋਂ ਪ੍ਰਮੁੱਖ ਸਕੱਤਰ ਖਿਲਾਫ ਰੋਸ ਪ੍ਰਦਰਸ਼ਨ

ਨਾਭਾ (ਵਰਿੰਦਰ ਵਰਮਾ)-ਪੀ ਡਬਲਯੂ ਡੀ ਫੀਲਡ ਤੇ ਵਰਕਰਜ਼ ਵਰਕਰ ਯੂਨੀਅਨ ਬ੍ਰਾਂਚ ਰੋਹਟੀ ਵੱਲੋਂ ਪ੍ਰਮੁੱਖ ਸਕੱਤਰ ਜਲ ਸਰੋਤ ਵਿਭਾਗ ਦੇ ਮੁਲਾਜ਼ਮ ਵਿਰੋਧੀ ਰਵੱਈਏ ਖਿਲਾਫ ਕੌਰ ਸਿੰਘ ਤੇ ਕਰਮ ਸਿੰਘ ਦੀ ਅਗਵਾਈ ਵਿੱਚ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕੀਤੀ ਰੈਲੀ ਨੂੰ ਜ਼ੋਨ ਪ੍ਰਧਾਨ ਜਸਵੀਰ ਸਿੰਘ ਖੋਖਰ, ਸੂਬ ਆਗੂ ਦਰਸ਼ਨ ਸਿੰਘ ਬਿੱਲੂ ਮਾਜਰਾ, ਰਾਜਿੰਦਰ ਸਿੰਘ ਧਾਲੀਵਾਲ, ਪ੍ਰਕਾਸ਼ ਸਿੰਘ ਗੰਡਾ ਖੇੜੀ, ਰਣਧੀਰ ਸਿੰਘ, ਲਖਵਿੰਦਰ ਸਿੰਘ ਪਟਿਆਲਾ ਤੇ ਭਾਤਰੀ ਜਥੇਬੰਦੀਆਂ ਵੱਲੋਂ ਜਗਲਾਤ ਵਰਕਰ ਯੂਨੀਅਨ ਦੇ ਆਗੂ ਜਸਵਿੰਦਰ ਸਿੰਘ ਸੱਜਾ, ਜਗਤਾਰ ਸਿੰਘ ਸ਼ਾਹਪੁਰ, ਭੁਪਿੰਦਰ ਸਿੰਘ ਸਾਧੋਹੇੜੀ, ਸੁਰਿੰਦਰ ਸਿੰਘ ਨਾਭਾ, ਤਰਸੇਮ ਸਿੰਘ, ਬਲਕਾਰ ਸਿੰਘ, ਬਲਜੀਤ ਸਿੰਘ, ਪਸ਼ੂ-ਪਾਲਣ ਯੂਨੀਅਨ ਦੇ ਪ੍ਰਧਾਨ ਚਮਕੌਰ ਸਿੰਘ ਧਾਰੋਕੀ, ਸਤਨਾਮ ਸਿੰਘ, ਦਿਆਲ ਸਿੰਘ ਸਿੱਧੂ, ਗੋਕਲ ਗ੍ਰਾਮ ਯੂਨੀਅਨ ਦੇ ਪ੍ਰਧਾਨ ਗੁਰਜੀਤ ਸਿੰਘ, ਹਰਬੰਸ ਸਿੰਘ, ਲਹਿਲ ਮੰਡਲ ਦੇ ਪ੍ਰਧਾਨ ਅਵਤਾਰ ਸਿੰਘ, ਰਾਣਇੰਦਰ ਸਿੰਘ ਬਿੱਟੂ, ਜਰਨੈਲ ਸਿੰਘ, ਬੂਟਾ ਸਿੰਘ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਜਲ ਸਰੋਤ ਵਿਭਾਗ ਦੇ ਉੱਪ-ਮੁੱਖ ਸਕੱਤਰ ਵੱਲੋਂ ਮੁੱਖ ਜਥੇਬੰਦੀ ਦੇ ਵਫਦ ਨਾਲ ਗਲਤ ਰਵੱਈਆ ਅਪਣਾਉਣ ਤੇ ਮੁਲਾਜ਼ਮ ਵਿਰੁੱਧ ਕਾਰਵਾਈ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਮੰਗ ਕੀਤੀ ਕਿ ਫੀਲਡ ਮੁਲਾਜ਼ਮਾਂ ਦੀਆਂ ਠੰਡੀਆਂ ਤੇ ਗਰਮ ਵਰਦੀਆਂ ਦਿੱਤੀਆਂ ਜਾਣ, ਮ੍ਰਿਤਕਾਂ ਦੇ ਵਾਰਸਾਂ ਨੂੰ ਤਰਸ ਦੇ ਆਧਾਰ 'ਤੇ ਨੌਕਰੀ ਦਿੱਤੀ ਜਾਵੇ, ਦਰਜਾ 4 ਤੇ 3 ਦਾ ਪ੍ਰਮੋਸ਼ਨ ਚੈਨਲ ਵਧਾ ਕੇ ਪ੍ਰਮੋਸ਼ਨਾਂ ਕੀਤੀਆਂ ਜਾਣ, ਦਰਜਾ 4 ਫੀਲਡ ਮੁਲਾਜ਼ਮਾਂ 'ਤੇ ਥੋਪੀ ਗਈ ਐੱਸ ਸੇਵਾ ਐਪ ਬੰਦ ਕੀਤੀ ਜਾਵੇ ਤੇ ਵਿਭਾਗ ਦੀਆਂ ਪੁਨਰਗਠਨ ਤੇ ਕੱਟੀਆਂ 8600 ਪੋਸਟਾਂ ਬਹਾਲ ਕੀਤੀਆਂ ਜਾਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਥੀ ਇਕਬਾਲ ਸਿੰਘ, ਮਸਤ ਰਾਮ ਆਦਿ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਮੁੱਖ ਸਕੱਤਰ ਨੇ ਮੁਲਾਜ਼ਮਾਂ ਵਿਰੋਧੀ ਰਵੱਈਆ ਠੀਕ ਕਰਦਿਆਂ ਮੁਲਾਜ਼ਮਾਂ ਦੀਆਂ ਮੰਗਾਂ ਹੱਲ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਤੇਜ਼ ਕੀਤਾ ਜਾਵੇਗਾ।

ਸ਼ਹੀਦ ਕਿਸਾਨਾਂ ਦੀ ਯਾਦ 'ਚ 11 ਨੂੰ ਦਿੱਲੀ ਵਿਖੇ ਹੋਵੇਗਾ ਵਿਸ਼ਾਲ ਸ਼ਹੀਦੀ ਸਮਾਗਮ : ਡੱਲੇਵਾਲ

ਮਹਿਲ ਕਲਾਂ, (ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ)-ਸੰਯੁਕਤ ਕਿਸਾਨ ਮੋਰਚਾ ਗੈਰ-ਸਿਆਸੀ ਵੱਲੋਂ ਦਿੱਲੀ ਸਰਕਾਰ ਖਿਲਾਫ ਅੰਦੋਲਨ ਵਿੱਚ ਸ਼ਹੀਦੀਆਂ ਪਾਉਣ ਵਾਲੇ 800 ਕਿਸਾਨਾਂ ਦੀ ਯਾਦ ਵਿੱਚ 11 ਦਸੰਬਰ ਨੂੰ ਸਿੰਘੂ ਬਾਰਡਰ ਦਿੱਲੀ ਵਿਖੇ ਵਿਸ਼ਾਲ ਸ਼ਹੀਦੀ ਸਮਾਗਮ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਭਾਕਿਯੂ ਸਿੱਧੂਪੁਰ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਨੇ ਪਿੰਡ ਗੰਗੋਹਰ ਵਿਖੇ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਕਿਹਾ ਕਿ ਰਾਜਨੀਤਕ ਖੇਤਰ ਵਿੱਚ ਹਿੱਸਾ ਲੈਣ ਵਾਲੀਆਂ ਜਥੇਬੰਦੀਆਂ ਇਸ ਸਮਾਗਮ ਦਾ ਹਿੱਸਾ ਨਹੀਂ ਹੋਣਗੀਆਂ। ਇਸ ਸਮਾਗਮ ਸਬੰਧੀ ਜ਼ਿਲ੍ਹਾ ਪੱਧਰ 'ਤੇ ਮੀਟਿਗਾਂ ਕਰਕੇ ਤਿਆਰੀਆਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ। ਇਸ ਸ਼ਹੀਦੀ ਸਮਾਗਮ ਵਿੱਚ ਪੂਰੇ ਪੰਜਾਬ ਵਿੱਚੋਂ ਕਿਸਾਨ ਤੇ ਮਜ਼ਦੂਰ ਕਾਫਲਿਆਂ ਦੇ ਰੂਪ 'ਚ ਸ਼ਮੂਲੀਅਤ ਕਰਨਗੇ। ਉਨ੍ਹਾ ਕਿਹਾ ਕਿ ਦਿੱਲੀ ਅੰਦੋਲਨ ਦੌਰਾਨ ਕੇਂਦਰ ਸਰਕਾਰ ਵੱਲੋਂ ਮੰਨੀਆਂ ਗਈਆਂ ਮੰਗਾਂ ਨੂੰ ਪੂਰਾ ਨਹੀ ਕੀਤਾ ਜਾ ਰਿਹਾ, ਜਿਸ ਕਰਕੇ ਕਿਸਾਨਾਂ ਵਿੱਚ ਰੋਸ ਹੈ। ਕਿਸਾਨੀ ਮੰਗਾਂ ਦੀ ਪੂਰਤੀ ਲਈ ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਲਗਾਤਾਰ ਲੜਾਈ ਲੜਦਾ ਆ ਰਿਹਾ ਹੈ। ਡੱਲੇਵਾਲ ਨੇ ਕਿਹਾ ਕਿ ਇੱਕ ਸਾਜ਼ਿਸ਼ ਤਹਿਤ ਜਿੱਥੇ ਪੰਜਾਬ ਦੇ ਹੋਣਹਾਰ ਨੌਜਵਾਨਾਂ ਨੂੰ ਵਿਦੇਸ਼ਾਂ ਵੱਲ ਭੇਜਿਆ ਜਾ ਰਿਹਾ ਹੈ, ਉਥੇ ਹੋਰਨਾਂ ਸਟੇਟਾਂ ਦੇ ਲੋਕ ਪੰਜਾਬ ਤੇ ਲਗਾਤਾਰ ਕਾਬਜ਼ ਹੁੰਦੇ ਜਾ ਰਹੇ ਹਨ। ਕਿਸਾਨਾਂ ਤੇ ਹੱਕ ਸੱਚ ਦੀ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ, ਜਿਸ ਨੂੰ ਦੇਸ਼ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਕਿਸਾਨਾਂ ਤੇ ਮਜ਼ਦੂਰਾਂ ਨੂੰ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਇਕਜੁੱਟ ਹੋਣ ਦੀ ਅਪੀਲ ਕੀਤੀ।

ਰਾਖਵਾਂਕਰਨ ਬਚਾਉਣ ਤੇ ਸੰਵਿਧਾਨਕ ਹੱਕਾਂ ਲਈ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ

ਸੰਗਰੂਰ (ਪ੍ਰਵੀਨ ਸਿੰਘ)-ਰਾਖਵਾਂਕਰਨ ਬਚਾਉਣ ਤੇ ਸੰਵਿਧਾਨਕ ਹੱਕ ਪ੍ਰਾਪਤ ਕਰਨ ਲਈ ਤੇ ਮੁੱਖ ਮੰਤਰੀ ਜਗਤ ਸਿੰਘ ਮਾਨ ਦੀ ਇਨ੍ਹਾਂ ਲੋਕਾਂ ਪ੍ਰਤੀ ਬੂਟੀ ਘੋਸਲ ਤੋੜਨ ਲਈ 18 ਮੁਲਾਜ਼ਮ ਤੇ ਸਮਾਜਕ ਜਥੇਬੰਦੀਆਂ ਦੀ ਜੁਆਇੰਟ ਐਕਸ਼ਨ ਕਮੇਟੀ ਦੇ ਝੰਡੇ ਥੱਲੇ ਪੰਜਾਬ ਦੇ ਕੋਨੇ-ਕੋਨੇ ਤੋਂ ਹਜ਼ਾਰਾਂ ਹੀ ਵਰਕਰਾਂ ਨੇ ਪਹੁੰਚ ਕੇ ਸਰਕਾਰ ਦੇ ਦਲਿਤ ਤੇ ਪੱਛੜਾ ਸਮਾਜ ਦੇ ਵਿਰੋਧੀ ਵਤੀਰੇ ਤੇ ਦਲਿਤ ਹਿੱਤਾਂ ਦਾ ਘਾਣ ਕੀਤੇ ਜਾਣ ਵਿਰੁੱਧ ਡੱਟ ਕੇ ਆਪਣੇ ਰੋਹ ਤੇ ਰੋਸ ਦਾ ਪ੍ਰਗਟਾਵਾ ਕੀਤਾ। ਇਸ ਵਿਸ਼ਾਲ ਇਕੱਠ ਨੂੰ ਐਕਸ਼ਨ ਕਮੇਟੀ ਦੇ ਪ੍ਰਮੁੱਖ ਆਗੂਆਂ ਜਸਬੀਰ ਸਿੰਘ ਪਾਲ ਕੋਆਰਡੀਨੇਟਰ, ਇੰਜੀ. ਹਰਵਿੰਦਰ ਸਿੰਘ ਕੋ- ਕੋਆਰਡੀਨੇਟਰ, ਕੁਲਵਿੰਦਰ ਸਿੰਘ ਬੋਦਲ, ਜੀਤ ਸਿੰਘ ਰੇਲਵੇ, ਭੁਪਿੰਦਰ ਸਿੰਘ ਜੱਸੀ, ਹਰਵਿੰਦਰ ਸਿੰਘ ਭੱਠਲ, ਪ੍ਰਿੰ. ਪ੍ਰਗਟ ਸਿੰਘ, ਬਲਰਾਜ ਕੁਮਾਰ, ਡਾ. ਕਮਲਜੀਤ ਸਿੰਘ, ਅਜਾਇਬ ਸਿੰਘ ਬਠੋਈ, ਰਾਜ ਸਿੰਘ ਟੋਡਰਵਾਲ. ਬਲਦੇਵ ਸਿੰਘ ਧੁੱਗਾ, ਜੱਗਾ ਸਿੰਘ, ਸੁਖਮੰਦਰ ਸਿੰਘ ਗੱਜਣਵਾਲ, ਪ੍ਰੀਤ ਕਾਂਸੀ, ਅਮਰਜੀਤ ਸਿੰਘ ਖਟਕੜ, ਗੁਰਬਖਸ਼ ਸਿੰਘ, ਅਮਰਜੀਤ ਸਿੰਘ, ਜਗਰਾਜ ਸਿੰਘ ਟਲੇਵਾਲ, ਚਰਨ ਸਿੰਘ ਕਰਨੈਲ ਸਿੰਘ ਨੀਲੋਵਾਲ, ਕ੍ਰਿਸ਼ਨ ਲਾਲ, ਮਨੋਹਰ ਲਾਲ, ਗੁਰਪਾਲ ਸਿੰਘ ਰੇਲਵੇ, ਸਲਵਿੰਦਰ ਜੱਸੀ ਦਨੇਸ਼ ਕੁਮਾਰ, ਲਖਬੀਰ ਸਿੰਘ, ਹਰਜਸ ਸਿੰਘ ਸਨਾਮ, ਜੱਗਾ ਸਿੰਘ ਸੰਗਰੂਰ ਆਦਿ ਆਗੂਆਂ ਨੇ ਆਪਣੇ ਜੋਸ਼ੀਲੇ ਭਾਸ਼ਣਾਂ ਰਾਹੀਂ ਸਰਕਾਰ ਤੋਂ ਮੰਗ ਕੀਤੀ ਕਿ 85ਵੀਂ ਸੰਵਿਧਾਨਕ ਸੋਧ ਜੂਨ 1995 ਤੋਂ ਲਾਗੂ ਕਰਨ, 10 ਅਕਤੂਬਰ 2014 ਦਾ ਗੈਰ-ਸੰਵਿਧਾਨਕ ਪੱਤਰ ਜਾਰੀ ਕਰਨ ਦੀ ਮਿਤੀ ਤੋਂ ਰੱਦ ਕਰਨਾ, ਇਸ ਪੱਤਰ ਦੇ ਆਧਾਰ 'ਤੇ ਸਾਰੇ ਵਿਭਾਗਾਂ ਦੇ ਕਰੀਬ 36 ਹਜ਼ਾਰ ਸੀਨੀਅਰ ਐੱਸ. ਸੀ. ਸੀਨੀਅਰ ਕਰਮਚਾਰੀਆਂ/ਅਧਿਕਾਰੀਆਂ ਦੀਆਂ ਰਿਵਰਟ ਕੀਤੀਆਂ ਸੀਨੀਆਰਤਾ ਸੂਚੀਆਂ ਪਿਛਲੀਆਂ ਮਿਤੀਆਂ ਤੋਂ ਬਹਾਲ ਕਰਨਾ, ਛੱਡੇ ਗਏ ਸੀਨੀਅਰ ਪੀ. ਈ. ਐੱਸ. ਅਧਿਕਾਰੀ, ਲੈਕਚਰਾਰ, ਹੈੱਡਮਾਸਟਰ, ਐੱਚ.ਟੀ., ਸੀ.ਐੱਚ.ਟੀ., ਬੀ.ਪੀ.ਈ.ਓ. ਤੇ ਹੋਰ ਕਰਮਚਾਰੀਆਂ/ਅਧਿਕਾਰੀਆਂ ਨੂੰ ਪਿਛਲੀਆਂ ਮਿਤੀਆਂ ਤੋਂ ਪ੍ਰਮੋਟ ਕੀਤਾ ਜਾਵੇ। ਆਬਾਦੀ ਅਨੁਸਾਰ ਹਰ ਪੱਧਰ 'ਤੇ ਭਰਤੀਆਂ ਤੇ ਤਰੱਕੀਆਂ ਵਿੱਚ ਐੱਸ.ਸੀ. ਲਈ 40% ਤੇ ਬੀ.ਸੀ. ਲਈ 27% ਰਾਖਵਾਂਕਰਨ ਦਿੱਤਾ ਜਾਵੇ, ਠੇਕਾ ਆਧਾਰਤ, ਆਊਟਸੋਰਸ, ਈ.ਜੀ.ਐੱਸ. ਕੰਪਿਊਟਰ ਫੈਕਿਲਟੀ, ਮਿੰਡ ਡੇ ਮੀਲ, ਆਸ਼ਾ ਵਰਕਰਜ਼, ਪੈਰਾ ਮੈਡੀਕਲ ਸਟਾਫ, ਆਂਗਨਵਾੜੀ ਵਰਕਰਜ਼ ਆਦਿ ਨੂੰ ਆਪਣੇ ਆਪਣੇ ਵਿਭਾਗਾਂ ਵਿੱਚ ਰੈਗੂਲਰ ਕੀਤਾ ਜਾਵੇ, ਪੈਨਸ਼ਨਰਜ਼ ਨੂੰ 1-1-2016 ਤੋਂ 2.59 ਦੇ ਪੂਰ ਪ੍ਰਣਾਕ ਦੇ ਆਧਾਰ ਤੇ ਪੈਨਸ਼ਨ ਫਿਕਸ ਕੀਤੀ ਜਾਵੇ ਤੇ 5000 ਰੁਪਏ ਪ੍ਰਤੀ ਮੈਡੀਕਲ ਭੱਤਾ ਦਿੱਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲੀ ਦਾ ਲਾਭ ਠੇਕੇ ਤੇ ਐਡਹਾਕ ਤੇ ਕੰਮ ਕਰਨ ਦੇ ਸਮੇਂ ਤੋਂ ਦਿੱਤਾ ਜਾਵੇ, ਸਾਰੀਆਂ ਯੂਨੀਵਰਸਿਟੀਆਂ 'ਚ ਅੰਬੇਡਕਰ ਰਿਸਰਚ ਸੈਂਟਰ ਖੋਲ੍ਹੇ ਜਾਣ, ਜਾਲ੍ਹੀ ਸਰਟੀਫਿਕਟਾਂ ਦੇ ਆਧਾਰ 'ਤੇ ਨੌਕਰੀ ਕਰਦੇ ਕਰਮਚਾਰੀਆਂ, ਅਧਿਕਾਰੀਆਂ ਨੂੰ ਤੁਰੰਤ ਬਰਖਾਸਤ ਕੀਤਾ।

ਸਮੂਹ ਬੁਲਾਰਿਆਂ ਨੇ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਕਿ ਜੁਆਇੰਟ ਐਕਸ਼ਨ ਕਮੇਟੀ ਨਾਲ 15 ਦਿਨ ਦੇ ਅੰਦਰ-ਅੰਦਰ ਪੈਨਲ ਮੀਟਿੰਗ ਕਰਕੇ ਇਨ੍ਹਾਂ ਸੰਵਿਧਾਨਕ ਹਿੱਤਾਂ ਦੀ ਪੂਰਤੀ ਕੀਤੀ ਜਾਵੇ ਤਾਂ ਜੋ ਸਮਾਜ ਵਿੱਚ ਫੈਲੀ ਬੇਚੈਨੀ ਤੇ ਬੇਵਿਸ਼ਵਾਸੀ ਦੂਰ ਹੋ ਸਕੇ। ਅਜਿਹਾ ਨਾ ਹੋਣ ਦੀ ਸੂਰਤ ਵਿੱਚ ਅਗਲਾ ਐਕਸ਼ਨ ਹੋਰ ਵੀ ਤਿੱਖਾ ਕੀਤਾ ਜਾਏਗਾ, ਜਿਸ ਤੋਂ ਨਿਕਲਣ ਵਾਲੇ ਨਤੀਜਿਆਂ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਪ੍ਰਦਰਸ਼ਨਕਾਰੀਆਂ ਦਾ ਹਜੂਮ ਠਾਠਾਂ ਮਾਰਦਾ ਮੁੱਖ ਮੰਤਰੀ ਦੀ ਕੋਠੀ ਪਹੁੰਚ ਗਿਆ। ਪੁਲਸ ਨੇ ਥਾਂ ਥਾਂ ਨਾਕੇ ਲਾਏ ਹੋਏ ਸਨ, ਪਰ ਐੱਸ ਡੀ ਐੱਮ ਨਵਨੀਤ ਕੌਰ ਤੇ ਐੱਸ ਡੀ ਪੀ ਪਲਵਿੰਦਰ ਸਿੰਘ ਦੇ ਯਤਨਾਂ ਸਦਕਾ ਜੁਆਇੰਟ ਐਕਸ਼ਨ ਕਮੇਟੀ ਨਾਲ 22 ਦਸੰਬਰ 2022 ਨੂੰ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਪੈਨਲ ਮੀਟਿੰਗ ਕਰਨ ਦਾ ਸੱਦਾ ਦਿੱਤਾ ਗਿਆ। ਜਸਬੀਰ ਸਿੰਘ ਨੇ ਪ੍ਰਦਰਸ਼ਨਕਾਰੀਆਂ ਦਾ ਧੰਨਵਾਦ ਕੀਤਾ।

ਕਾਤਰਾਂ

ਡਾ. ਅੰਬੇਡਕਰ ਦਾ ਪ੍ਰੀ-ਨਿਰਵਾਣ ਦਿਵਸ ਮਨਾਇਆ

ਮਾਛੀਵਾੜਾ ਸਾਹਿਬ, (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਡਾ. ਬੀ ਆਰ ਅੰਬੇਡਕਰ ਕਮੇਟੀ ਵੱਲੋਂ ਡਾ. ਭੀਮ ਰਾਓ ਅੰਬੇਡਕਰ ਜੀ ਦਾ ਪ੍ਰੀ-ਨਿਰਵਾਣ ਦਿਵਸ ਮਨਾਇਆ ਗਿਆ। ਇਸ ਮੌਕੇ ਪ੍ਰਧਾਨ ਸੁਖਦੇਵ ਸਿੰਘ ਬਿੱਟੂ, ਨੰਬਰਦਾਰ ਰੌਸ਼ਨ ਲਾਲ ਹੰਸ, ਚੇਅਰਮੈਨ ਧਰਮਵੀਰ ਧੰਮੀ, ਸਲਾਹਕਾਰ ਪਰਮਜੀਤ ਸਿੰਘ ਨੀਲੋਂ, ਠੇਕੇਦਾਰ ਲੱਕੀ ਰਾਣਾ ਜੋਧਵਾਲ, ਸੁਖਦੀਪ ਸਿੰਘ ਸੋਨੀ, ਉਪ-ਚੇਅਰਮੈਨ ਰਾਕੇਸ਼ ਕੁਮਾਰ ਛਿੰਦੂ, ਭਾਵਾਧਸ ਪ੍ਰਧਾਨ ਪਰਮਜੀਤ ਮਿੱਕੂ ਹੰਸ, ਸਾਗਰ ਹੰਸ, ਅਵਤਾਰ ਸਿੰਘ ਤਾਰੀ, ਹੈਪੀ ਬੈਨੀਪਾਲ, ਰਵੀ ਬਾਲੀ, ਸੇਵਾ ਸਿੰਘ, ਦੀਪਕ ਬੰਗਣ ਆਦਿ ਵੱਲੋਂ ਬਾਬਾ ਸਾਹਿਬ ਦੇ ਬੁੱਤ 'ਤੇ ਫੁੱਲ ਭੇਟ ਕਰ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

20 ਗ੍ਰਾਮ ਹੈਰੋਇਨ ਸਮੇਤ ਕਾਬੂ

ਜਲਾਲਾਬਾਦ, (ਜੋਤ ਕੁਮਾਰ)-ਥਾਣਾ ਸਦਰ ਦੀ ਪੁਲਸ ਨੇ 20 ਗ੍ਰਾਮ ਹੈਰੋਇਨ, ਇਕ ਮੋਬਾਇਲ ਫੋਨ ਤੇ 300 ਰੁਪਏ ਭਾਰਤੀ ਕਰੰਸੀ ਨੋਟ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਹਰਮੀਤ ਲਾਲ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਹਰਦੇਵ ਸਿੰਘ ਸਮੇਤ ਪੁਲਸ ਪਾਰਟੀ ਪਿੰਡ ਢੰਡੀ ਖੁਰਦ ਵਿਖੇ ਗਸ਼ਤ ਦੌਰਾਨ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਮੱਖਣ ਸਿੰਘ ਜੋਕਿ ਹੈਰੋਇਨ ਵੇਚਣ ਦਾ ਆਦੀ ਹੈ ਤੇ ਇਹ ਵਿਅਕਤੀ ਪੈਦਲ ਪਿੰਡ ਪੀਰੇਕੇ ਤੋਂ ਵਾਇਆ ਢੰਡੀ ਕਦੀਮ ਨੂੰ ਆ ਰਿਹਾ ਹੈ, ਜਿਸ ਕੋਲੋਂ ਹੈਰੋਇਨ ਬਰਾਮਦ ਹੋ ਸਕਦੀ ਹੈ। ਇਸ 'ਤੇ ਪੁਲਸ ਪਾਰਟੀ ਨੇ ਲਿੰਕ ਰੋਡ ਢੰਡੀ ਕਦੀਮ ਵਿਖੇ ਨਾਕਾਬੰਦੀ ਕਰਕੇ ਮੱਖਣ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਢਾਣੀ ਮੁਨਸ਼ਾ ਸਿੰਘ (ਗਾਮੂਵਾਲਾ) ਨੂੰ 20 ਗ੍ਰਾਮ ਹੈਰੋਇਨ, 1 ਮੋਬਾਇਲ ਫੋਨ ਤੇ 300 ਰੁਪਏ ਭਾਰਤੀ ਕਰੰਸੀ ਸਮੇਤ ਕਾਬੂ ਕੀਤਾ ਹੈ, ਜਿਸ ਦੇ ਖਿਲਾਫ ਪੁਲਸ ਨੇ ਮੁਕੱਦਮਾ ਦਰਜ ਕਰ ਲਿਆ ਹੈ।

ਸੱਟਾ ਲਗਵਾਉਂਦਾ ਕਾਬੂ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)-ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੀ ਪੁਲਸ ਨੇ ਸੱਟਾ ਲਗਵਾਉਂਦੇ ਇੱਕ ਵਿਅਕਤੀ ਨੂੰ 520 ਰੁਪਏ ਸਣੇ ਕਾਬੂ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਹਾਇਕ ਥਾਣੇਦਾਰ ਬਲਦੇਵ ਸਿੰਘ ਨੇ ਦੱਸਿਆ ਕਿ ਗਸ਼ਤ ਤੇ ਚੈਕਿੰਗ ਦੇ ਸੰਬੰਧ ਵਿੱਚ ਜਦ ਪੁਲਸ ਪਾਰਟੀ ਮਲੋਟ ਰੋਡ 'ਤੇ ਸੀ ਤਾਂ ਮੁਖਬਰ ਨੇ ਇਤਲਾਹ ਦਿੱਤੀ ਕਿ ਭੁਲਵਿੰਦਰ ਸਿੰਘ ਵਾਸੀ ਸ੍ਰੀ ਮੁਕਤਸਰ ਸਾਹਿਬ ਗੋਨਿਆਣਾ ਰੋਡ ਗਲੀ ਨੰਬਰ 25 ਵਿੱਚ ਤੁਰ ਫਿਰ ਕੇ ਦੜਾ ਸੱਟਾ ਲਗਵਾ ਰਿਹਾ ਹੈ, ਜਿਸ 'ਤੇ ਪੁਲਸ ਨੇ ਰੇਡ ਕਰਕੇ ਭੁਲਵਿੰਦਰ ਸਿੰਘ ਨੂੰ ਸੱਟਾ ਲਗਵਾਉਂਦੇ 520 ਰੁਪਏ ਸਣੇ ਕਾਬੂ ਕਰ ਲਿਆ। ਮੁਲਜ਼ਮ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ।

ਢਾਈ ਕਿੱਲੋ ਅਫੀਮ ਸਮੇਤ ਕਾਬੂ

ਬਰੇਟਾ (ਰੀਤਵਾਲ)-ਸਥਾਨਕ ਪੁਲਸ ਵੱਲੋਂ ਦੌਰਾਨੇ ਗਸ਼ਤ ਢਾਈ ਕਿੱਲੋ ਅਫੀਮ ਬਰਾਮਦ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਪੁਲਸ ਵੱਲੋਂ ਗੁਪਤ ਸੂਚਨਾ ਦੇ ਆਧਾਰ 'ਤੇ ਗਸ਼ਤ ਦੌਰਾਨ ਬਹਾਦਰਪੁਰ ਰੋਡ 'ਤੇ ਚੈਕਿੰਗ ਦੌਰਾਨ ਦੀਪਕ ਕੁਮਾਰ ਪੁੱਤਰ ਸੁਖਵਿੰਦਰ ਕੁਮਾਰ ਵਾਰਡ ਨੰ. 6 ਤੋਂ ਢਾਈ (2.5) ਕਿੱਲੋ ਅਫੀਮ ਬਰਾਮਦ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ। ਪੁਲਸ ਵੱਲੋਂ ਐਫ.ਆਈ.ਆਰ. ਨੰ. 142 ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਇੰਗਲਿਸ਼ ਸਟੂਡੀਓ ਨੇ ਲਵਾਇਆ ਕੈਨੇਡਾ ਦਾ ਸਪਾਊਜ਼ ਵੀਜ਼ਾ

ਬਾਘਾ ਪੁਰਾਣਾ (ਮਨੀ ਸਿੰਗਲਾ)-ਇੰਗਲਿਸ਼ ਸਟੂਡੀਓ ਸੰਸਥਾ, ਜੋ ਕੋਟਕਪੂਰਾ ਰੋਡ ਉਤੇ ਬਾਘਾ ਪੁਰਾਣਾ ਵਿਖੇ ਪੈਟ੍ਰੋਲ ਪੰਪ ਦੇ ਸਾਹਮਣੇ ਹੈ, ਇਥੇ ਵਿਦਿਆਰਥੀਆਂ ਨੂੰ ਸਾਰੀਆਂ ਆਧੁਨਿਕ ਤੇ ਬੁਨਿਆਦੀ ਸਹੂਲਤਾਂ ਪ੍ਰਧਾਨ ਕੀਤੀਆਂ ਜਾਂਦੀਆਂ ਹਨ। ਇਥੇ ਆਈ

8-DEC-PAGE-11-Majha-22.qxd 12/7/2022 10:37 PM Page 1

ਸੰਯੁਕਤ ਕਿਸਾਨ ਮੋਰਚੇ ਵੱਲੋਂ ਸੰਸਦ ਮੈਂਬਰਾਂ ਨੂੰ ਚਿਤਾਵਨੀ ਪੱਤਰ ਸੌਂਪਣ ਦਾ ਐਲਾਨ

ਗੁਰਦਾਸਪੁਰ (ਜਨਕ ਮਹਾਜਨ)- ਸੰਯੁਕਤ ਕਿਸਾਨ ਮੋਰਚਾ ਜ਼ਿਲਾ ਗੁਰਦਾਸਪੁਰ ਦੀ ਇਕ ਭਰਵੀਂ ਮੀਟਿੰਗ ਜੇਪੀਐੱਮਓ ਦਫਤਰ ਵਿਖੇ ਸੁਰਿੰਦਰ ਸਿੰਘ ਕੋਠੇ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਜ਼ਿਲੇ ਦੀਆਂ ਸਾਰੀਆਂ ਜਥੇਬੰਦੀਆਂ ਨੇ ਹਿੱਸਾ ਲਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੁਖਦੇਵ ਸਿੰਘ ਭਾਗੋਕਾਵਾਂ, ਤਰਲੋਕ ਸਿੰਘ, ਗੁਲਜ਼ਾਰ ਸਿੰਘ, ਲਾਡੀ ਘੁਮਾਣ, ਮੋਹਲ ਸਿੰਘ, ਮੱਖਣ ਸਿੰਘ ਕੁਹਾੜ, ਲਖਵਿੰਦਰ ਸਿੰਘ, ਬਲਬੀਰ ਸਿੰਘ, ਚੰਨਣ ਸਿੰਘ, ਪਲਵਿੰਦਰ ਸਿੰਘ, ਗੁਰਦਿਆਲ ਸਿੰਘ ਆਦਿ ਬੁਲਾਰਿਆਂ ਨੇ ਦੱਸਿਆ ਕਿ ਕੇਂਦਰ ਸਰਕਾਰ ਕਿਸਾਨਾਂ ਨਾਲ ਕੀਤੇ ਵਾਅਦਿਆਂ ਤੋਂ ਮੁੱਕਰ ਗਈ ਹੈ। ਉਹ ਐੱਮਐੱਸਪੀ ਬਾਰੇ ਕਾਨੂੰਨ ਨਹੀਂ ਬਣਾ ਰਹੀ, ਲਖੀਮਪੁਰ ਖੀਰੀ ਦੇ ਜ਼ਿੰਮੇਵਾਰ ਗ੍ਰਹਿ ਰਾਜ ਮੰਤਰੀ ਅਜੇ ਮਿਸ਼ਰਾ ਨੂੰ ਅਹੁਦੇ ਤੋਂ ਨਹੀਂ ਹਟਾਇਆ ਗਿਆ, ਬਿਜਲੀ ਸੋਧ ਬਿੱਲ ਫਿਰ ਪੇਸ਼ ਕਰਨ ਦੀਆਂ ਤਜਵੀਜ਼ਾਂ ਰੱਖੀਆਂ ਜਾ ਰਹੀਆਂ ਹਨ, ਪੰਜਾਬ ਨੂੰ ਝੋਨੇ ਦੀ ਫਸਲ ਦੀ ਥਾ ਕੋਈ ਹੋਰ ਫਸਲ ਬੀਜਣ ਲਈ ਉਤਸਾਹਿਤ ਨਹੀਂ ਕੀਤਾ ਜਾ ਰਿਹਾ, ਕਿਸਾਨਾਂ ਤੇ ਮਜ਼ਦੂਰਾਂ ਨੂੰ 60 ਸਾਲ ਦੀ ਉਮਰ ਤੋਂ ਬਾਅਦ ਪੈਨਸ਼ਨ ਦੇਣ ਦੀ ਮੰਗ ਸਵੀਕਾਰ ਨਹੀਂ ਹੋ ਰਹੀ, ਇਸ ਕਰਕੇ ਕੇਂਦਰ ਸਰਕਾਰ ਵਿਰੁੱਧ ਫਿਰ ਤੋਂ ਪਹਿਲਾਂ ਦੀ ਤਰ੍ਹਾਂ ਮੋਰਚਾ ਲਗਾਉਣ ਤੋਂ ਬਿਨਾਂ ਹੋਰ ਕੋਈ ਰਾਹ ਨਹੀਂ ਬਚਿਆ। ਆਗੂਆਂ ਨੇ ਦੱਸਿਆ ਕਿ ਇਸ ਬਾਰੇ ਪਾਰਲੀਮੈਂਟ ਮੈਂਬਰਾਂ ਨੂੰ 11 ਦਸੰਬਰ ਨੂੰ ਚਿਤਾਵਨੀ ਪੱਤਰ ਸੌਂਪੇ ਜਾਣਗੇ। ਗੁਰਦਾਸਪੁਰ ਵਿਖੇ ਕੋਈ ਵੀ ਪਾਰਲੀਮੈਂਟ ਮੈਂਬਰ ਨਹੀਂ ਹੈ ਇਸ ਲਈ ਇਹ ਚਿਤਾਵਨੀ ਪੱਤਰ ਗੁਰਦਾਸਪੁਰ ਸਥਿਤ ਭਾਰਤੀ ਜਨਤਾ ਪਾਰਟੀ ਦੇ ਦਫਤਰ ਵਿਖੇ ਜ਼ਿਲਾ ਪ੍ਰਧਾਨ ਨੂੰ ਦਿੱਤਾ ਜਾਵੇਗਾ। ਕਿਸਾਨ ਵੱਡੀ ਗਿਣਤੀ ਵਿਚ 11 ਵਜੇ ਸੁੱਕੇ ਤਲਾਬ ਇਕੱਠੇ ਹੋਣਗੇ ਅਤੇ ਮਾਰਚ ਕਰਦੇ ਹੋਏ ਜ਼ਿਲਾ ਪ੍ਰਧਾਨ ਨੂੰ ਪ੍ਰਧਾਨ ਮੰਤਰੀ ਦੇ ਨਾਂ ਚਿਤਾਵਨੀ ਪੱਤਰ ਸੌਂਪਿਆ ਜਾਵੇਗਾ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਕੀਤੇ ਵਾਅਦੇ ਪੂਰੇ ਨਾ ਕੀਤੇ ਤਾਂ ਉਸਨੂੰ ਵੱਡੇ ਸੰਘਰਸ਼ ਦਾ ਸਾਹਮਣਾ ਕਰਨਾ ਪਵੇਗਾ। ਇਸ ਮੌਕੇ ਕਪੂਰ ਸਿੰਘ ਘੁੰਮਣ, ਬਲਬੀਰ ਸਿੰਘ, ਬਲਰਾਜ ਸਿੰਘ, ਹਰਪ੍ਰੀਤ ਸਿੰਘ, ਜਗਤਾਰ ਸਿੰਘ, ਸੁਭਾਸ਼ ਕੈਰੋਂ ਅਤੇ ਹੋਰ ਕਈ ਆਗੂ ਹਾਜ਼ਰ ਸਨ।

ਰਿਸ਼ਵਤ ਲੈਂਦਾ ਏ ਐੱਸ ਆਈ ਰੰਗੇ ਹੱਥੀਂ ਕਾਬੂ

ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਤਹਿਤ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿਮ ਦੌਰਾਨ ਅੱਜ ਇੱਕ ਸਹਾਇਕ ਸਬ-ਇੰਸਪੈਕਟਰ (ਏ.ਐੱਸ.ਆਈ.) ਸੁਰਿੰਦਰ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਥਾਣਾ ਸਦਰ ਪਠਾਨਕੋਟ ਵਿਖੇ ਤਾਇਨਾਤ ਮੁਲਜ਼ਮ ਏ. ਐੱਸ. ਆਈ. ਸੁਰਿੰਦਰ ਸਿੰਘ (ਨੰ. 128/ ਪਠਾਨਕੋਟ) ਨੂੰ ਮਹਾਂਬੀਰ ਸਿੰਘ ਵਾਸੀ ਪਿੰਡ ਸਮਰਾਲਾ, ਜ਼ਿਲ੍ਹਾ ਪਠਾਨਕੋਟ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਸਬੰਧੀ ਹੋਰ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੇ ਦੋਸ਼ ਲਾਇਆ ਕਿ ਉਕਤ ਪੁਲਸ ਮੁਲਾਜ਼ਮ ਉਸ ਦੀ ਪਤਨੀ ਤੇ ਪੁੱਤਰ ਦੀਆਂ ਡਾਕਟਰੀ ਰਿਪੋਰਟਾਂ ਦੇ ਅਧਾਰ 'ਤੇ ਪੁਲਸ ਕੇਸ ਦਰਜ ਕਰਨ ਬਦਲੇ 50,000 ਰੁਪਏ ਰਿਸ਼ਵਤ ਦੀ ਮੰਗ ਕਰ ਰਿਹਾ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸਕਾਇਤ ਦੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਪੁਲਸ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਪਹਿਲੀ ਕਿਸ਼ਤ ਵਜੋਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਉਕਤ ਏ. ਐੱਸ. ਆਈ. ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

ਆਜ਼ਾਦੀ ਦੇ 75 ਵਰ੍ਹਿਆਂ ਤੋਂ ਬਾਅਦ ਵੀ ਬੱਸ ਅੱਡੇ ਨੂੰ ਉਡੀਕ ਰਿਹੈ ਸਰਹੱਦੀ ਕਸਬਾ ਖਾਲੜਾ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਭਾਵੇਂ ਕਿ ਪੰਜਾਬ ਅੰਦਰ ਨਵੀਂ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਆਪ ਨੂੰ ਪਿਛਲੀਆਂ ਸਰਕਾਰਾਂ ਨਾਲੋਂ ਪੰਜਾਬ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਦੇ ਵੱਡੇ-ਵੱਡੇ ਦਾਅਵੇ ਕਰ ਰਹੀ ਹੈ ਪ੍ਰੰਤੂ ਜੇਕਰ ਨਵੀਂ ਬਣੀ ਸਰਕਾਰ ਦੀ ਜ਼ਮੀਨੀ ਹਕੀਕਤ ਨੂੰ ਖੰਗਾਲਿਆ ਜਾਵੇ ਤਾਂ ਅੱਜ ਵੀ ਲੋਕ ਆਪਣੀਆਂ ਬੁਨਿਆਦੀ ਸਹੂਲਤਾਂ ਲਈ ਤਰਸ ਰਹੇ ਹਨ, ਜਿਸ ਦੀ ਤਾਜ਼ਾ ਮਿਸਾਲ ਤਰਨਤਾਰਨ ਜ਼ਿਲ੍ਹੇ ਦੇ ਸਰਹੱਦੀ ਕਸਬਾ ਖਾਲੜਾ ਤੋਂ ਸਾਹਮਣੇ ਆਉਂਦੀ ਹੈ ਜਿਸ ਨੂੰ ਆਜ਼ਾਦੀ ਦੇ 75 ਵਰ੍ਹੇ ਬੀਤ ਜਾਣ 'ਤੇ ਵੀ ਅੱਜ ਤੱਕ ਬੱਸ ਅੱਡਾ ਨਸੀਬ ਨਹੀਂ ਹੋਇਆ ਹੈ। ਜ਼ਿਕਰਯੋਗ ਹੈ ਕਿ ਸੰਨ 1965 ਤੱਕ ਸਰਹੱਦੀ ਕਸਬਾ ਖਾਲੜਾ ਜਿਸ ਦੇ ਬਾਰਡਰ ਰਾਹੀਂ ਭਾਰਤ ਦਾ ਪਾਕਿਸਤਾਨ ਨਾਲ ਵਪਾਰ ਚਲਦਾ ਸੀ, ਉਸ ਵੇਲੇ ਤੱਕ ਇਹ ਕਸਬਾ ਤਰੱਕੀ ਦੀਆਂ ਲੀਹਾਂ 'ਤੇ ਨਜ਼ਰ ਆਉਂਦਾ ਰਿਹਾ ਪਰ ਸਮੇਂ-ਸਮੇਂ ਦੀਆਂ ਸਰਕਾਰਾਂ ਦੀ ਅਣਦੇਖੀ ਦਾ ਸ਼ਿਕਾਰ ਹੋਇਆ ਸਰਹੱਦੀ ਕਸਬਾ ਖਾਲੜਾ ਤਰੱਕੀ ਦੀਆਂ ਲੀਹਾਂ ਤੋਂ ਪੱਛੜ ਗਿਆ ਹੈ। ਇੱਥੇ ਇਹ ਵੀ ਦੱਸਣਯੋਗ ਹੈ ਕਿ ਕਰੀਬ ਇਕ ਦਰਜਨ ਪਿੰਡਾਂ ਦੇ ਲੋਕ ਕਸਬਾ ਖਾਲੜਾ ਤੋਂ ਬੱਸਾਂ ਫੜਦੇ ਹਨ, ਪ੍ਰੰਤੂ ਇੱਥੇ ਕੋਈ ਬੱਸ ਅੱਡਾ ਨਾ ਹੋਣ ਕਾਰਨ ਲੋਕਾਂ ਨੂੰ ਸਰਦੀ ਵਿੱਚ ਹੱਡ ਜਮਾਉਣ ਵਾਲੀ ਠੰਡ ਤੇ ਗਰਮੀ 'ਚ ਤਪਦੀ ਲੋਅ ਨੂੰ ਸਹਾਰਦਿਆਂ ਖੁੱਲ੍ਹੇ ਅਸਮਾਨ ਹੇਠਾਂ ਖਲੋਅ ਕੇ ਬੱਸਾਂ ਦੀ ਉਡੀਕ ਕਰਨੀ ਪੈਂਦੀ ਹੈ। ਕਸਬਾ ਖਾਲੜਾ ਅੰਦਰ ਕੋਈ ਸਥਾਈ ਬੱਸ ਅੱਡਾ ਨਾ ਹੋਣ ਕਾਰਨ ਬੱਸਾਂ ਨੂੰ ਮਜਬੂਰਨ ਸੜਕ ਕਿਨਾਰੇ ਖਲੋਣਾ ਪੈਂਦਾ ਹੈ ਅਤੇ ਜਿਸ ਦਾ ਨਤੀਜਾ ਆਵਾਜਾਈ ਵਿੱਚ ਵਿਘਨ ਤਾਂ ਪੈਂਦਾ ਹੀ ਹੈ, ਉੱਥੇ ਹੀ ਸੜਕੀ ਹਾਦਸਾ ਵਾਪਰਨ ਦਾ ਵੀ ਖਦਸ਼ਾ ਬਣਿਆ ਰਹਿੰਦਾ ਹੈ। ਕਸਬਾ ਖਾਲੜਾ ਲਈ ਕਿੰਨੀ ਵੱਡੀ ਤਰਾਸਦੀ ਦੀ ਗੱਲ ਹੈ ਕਿ ਬੱਸ ਅੱਡਾ ਬਣਨਾ ਤਾਂ ਦੂਰ ਦੀ ਗੱਲ ਅੱਜ ਤੱਕ ਕਿਸੇ ਵੀ ਸਰਕਾਰ ਨੇ ਸਵਾਰੀਆਂ ਦੇ ਉਡੀਕ ਕਰਨ ਲਈ ਇੱਕ ਮਮੂਲੀ ਸ਼ੈੱਡ ਬਣਾਉਣ ਦੀ ਵੀ ਤਕਲੀਫ ਨਹੀਂ ਕੀਤੀ ਹੈ। ਦੱਸ ਦਈਏ ਕਿ ਸਰਹੱਦੀ ਕਸਬਾ ਖਾਲੜਾ ਨਜ਼ਦੀਕ ਪਿੰਡ ਥੇਹ ਕੱਲਾ, ਗਿੱਲਪਨ, ਦੋਦੇ, ਕਲਸੀਆਂ, ਨਾਰਲੀ, ਡਲੀਰੀ, ਡੱਲ, ਅਮੀਸ਼ਾਹ ਦੇ ਲੋਕਾਂ ਨੇ ਸਰਕਾਰ ਪਾਸੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਕਸਬਾ ਖਲੜਾ ਅੰਦਰ ਬੱਸ ਅੱਡਾ ਬਣਾਇਆ ਜਾਵੇ ਤਾਂ ਜੋ ਲੋਕ ਪਰੇਸ਼ਾਨੀ ਤੋਂ ਬਚ ਸਕਣ। ਇਸ ਸਬੰਧੀ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਜਿਹੜੇ ਕਸਬਿਆਂ ਵਿਚ ਬੱਸ ਅੱਡੇ ਨਹੀਂ ਹਨ ਉਨ੍ਹਾਂ ਸਬੰਧੀ ਲਿਖ ਕੇ ਸਰਕਾਰ ਨੂੰ ਭੇਜਿਆ ਗਿਆ ਹੈ ਅਤੇ ਆਸ ਹੈ ਕਿ ਛੇਤੀ ਹੀ ਬੱਸ ਅੱਡੇ ਬਣਾ ਦਿੱਤੇ ਜਾਣਗੇ ।

ਡੀ ਟੀ ਐੱਫ. ਵੱਲੋਂ ਬਲਾਕ ਪੱਟੀ ਦੀ ਕਮੇਟੀ ਗਠਿਤ

ਤਰਨਤਾਰਨ (ਪ੍ਰਿਤਪਾਲ ਸਿੰਘ)-ਅੱਜ ਦੀ ਮੀਟਿੰਗ ਡੀ. ਟੀ. ਐੱਫ. ਪੰਜਾਬ ਦੇ ਜ਼ਿਲ੍ਹਾ ਤਰਨਤਾਰਨ ਦੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਤਰਨਤਾਰਨ ਜ਼ਿਲ੍ਹੇ ਦੇ ਬਲਾਕ ਪੱਟੀ ਦੀ ਬਲਾਕ ਕਮੇਟੀ ਦੀ ਚੋਣ ਡੀ. ਟੀ. ਐੱਫ. ਜ਼ਿਲ੍ਹਾ ਤਰਨਤਾਰਨ ਦੇ ਜ਼ਿਲ੍ਹਾ ਜਨਰਲ ਸਕੱਤਰ ਕਸ਼ਮੀਰ ਸਿੰਘ ਚੋਹਲਾ ਦੀ ਨਿਗਰਾਨੀ ਹੇਠ ਹੋਈ। ਇਸ ਮੀਟਿੰਗ ਵਿਚ ਬਲਾਕ ਪੱਟੀ ਜ਼ਿਲ੍ਹਾ ਤਰਨਤਾਰਨ ਦੀ ਬਲਾਕ ਕਮੇਟੀ ਦੀ ਚੋਣ ਕੀਤੀ ਗਈ। ਇਸ ਮੀਟਿੰਗ ਵਿਚ ਵੱਖ-ਵੱਖ ਸਕੂਲਾਂ ਤੋਂ ਆਏ ਮੈਂਬਰਾਂ ਨੇ ਵੱਡੀ ਗਿਣਤੀ ਵਿਚ ਭਾਗ ਲਿਆ।

ਮੈਂਬਰ ਅਧਿਆਪਕਾਂ ਵੱਲੋਂ ਸਰਬਸੰਮਤੀ ਨਾਲ ਬਲਾਕ ਪੱਟੀ ਦੀ ਕਮੇਟੀ ਦੀ ਚੋਣ ਕੀਤੀ ਗਈ। ਇਸ ਵਿਚ ਗੁਰਪ੍ਰੀਤ ਚੋਪੜਾ ਪ੍ਰਧਾਨ, ਕੁਲਬੀਰ ਸਿੰਘ ਮੀਤ ਪ੍ਰਧਾਨ, ਨਵਦੀਪ ਸਿੰਘ ਮੀਤ ਪ੍ਰਧਾਨ, ਮਨਜਿੰਦਰ ਸਿੰਘ ਜਨਰਲ ਸਕੱਤਰ, ਨਿਸ਼ੂ ਜੈਨ ਪ੍ਰੈੱਸ ਸਕੱਤਰ, ਦਵਿੰਦਰਪਾਲ ਵਿੱਤ ਸਕੱਤਰ, ਗਗਨ ਜੈਨ ਜਥੇਬੰਦਕ ਸਕੱਤਰ, ਹਰਜਿੰਦਰ ਸਿੰਘ ਮੈਂਬਰ ਵਜੋਂ ਚੁਣੇ ਗਏ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਡੀ. ਟੀ. ਐੱਫ. ਦੇ ਜ਼ਿਲ੍ਹਾ ਆਗੂ ਪ੍ਰਤਾਪ ਸਿੰਘ ਠੱਠਗੜ੍ਹ, ਕੰਵਰਦੀਪ ਸਿੰਘ ਢਿੱਲੋਂ, ਜੁਗਰਾਜ ਸਿੰਘ ਧਾਰੀਵਾਲ, ਅਮਰਦੀਪ ਸ਼ਰਮਾ, ਸਰਬਜੀਤ ਸਿੰਘ ਕਾਜ਼ੀਕੋਟ, ਸਿਬਲਪ੍ਰੀਤ ਸਿੰਘ ਸਹੋਤਾ, ਪ੍ਰਿੰਸਦੀਪ ਸਿੰਘ, ਜਸਕੀਰਤ ਸਿੰਘ, ਅਨੁਜ ਕੁਮਾਰ, ਸੁਰਿੰਦਰ ਸਿੰਘ, ਹਰਜਿੰਦਰ ਕੌਰ, ਬਲਜੀਤ ਕੌਰ, ਮੈਡਮ ਸੀਮਾ, ਰਾਜਵਿੰਦਰਜੀਤ ਸਿੰਘ, ਲਖਵਿੰਦਰ ਸਿੰਘ, ਅਵਤਾਰ ਸਿੰਘ ਪੱਟੀ ਅਤੇ ਸੁਖਦੀਪ ਸਿੰਘ ਆਦਿ ਹਾਜ਼ਰ ਹੋਏ।

ਕਿਸਾਨਾਂ ਨੂੰ ਮਿਆਰੀ ਖਾਦ, ਦਵਾਈਆਂ ਤੇ ਬੀਜ ਮੁਹੱਈਆ ਕਰਾਉਣ ਲਈ 4 ਟੀਮਾਂ ਦਾ ਗਠਨ

ਤਰਨਤਾਰਨ (ਪ੍ਰਿਤਪਾਲ ਸਿੰਘ)-ਡਾ: ਸੁਰਿੰਦਰ ਸਿੰਘ ਮੁੱਖ ਖੇਤੀਬਾੜੀ ਅਫਸਰ, ਤਰਨਤਾਰਨ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਤਰਨਤਾਰਨ ਵਿੱਚ ਕਿਸਾਨਾਂ ਨੂੰ ਮਿਆਰੀ ਖਾਦ, ਦਵਾਈਆਂ ਅਤੇ ਬੀਜ ਮੁਹੱਈਆ ਕਰਾਉਣ ਸਬੰਧੀ ਸਮੂਹ ਇਨਪੁਟ ਡੀਲਰਾਂ ਦੀ ਚੈਕਿੰਗ ਲਈ 4 ਟੀਮਾਂ ਦਾ ਗਠਨ ਕੀਤਾ ਗਿਆ ਹੈ ਜੋ ਕਿ 8 ਬਲਾਕਾਂ ਵਿੱਚ ਇਨਪੁਟ ਡੀਲਰਾਂ ਦੀ ਚੈਕਿੰਗ ਕਰਨਗੇ। ਉਨ੍ਹਾਂ ਨੇ ਗਠਿਤ ਟੀਮਾਂ ਨੂੰ ਹਦਾਇਤ ਕੀਤੀ ਕਿ ਦੁਕਾਨਾਂ ਦੀ ਚੈਕਿੰਗ ਸਮੇਂ ਵੈਲਿਡ ਲਾਇਸੈਂਸ ਨੰ: ਅਤੇ ਦੁਕਾਨ ਵਿੱਚ ਪਈਆਂ ਸਾਰੀਆਂ ਦਵਾਈਆਂ/ਬੀਜਾਂ/ਖਾਦਾਂ ਦੀ ਅਡੀਸ਼ਨ ਹੈ ਜਾਂ ਨਹੀ, ਜੇਕਰ ਨਹੀ ਹੈ ਤਾਂ ਕਿਹੜੀ ਦਵਾਈ ਦੀ ਅਡੀਸ਼ਨ ਨਹੀ ਹੈ?, ਕੀ ਸਟਾਕ ਰਜਿਸਟਰ ਪ੍ਰਚੇਜ਼/ਬਿੱਲ/ਕੈਸ਼/ ਕਰੈਡਿਟ/ਮੀਮੋ ਮੁਕੰਮਲ ਹੈ? ਦੀ ਚੈਕਿੰਗ ਕੀਤੀ ਜਾਵੇ ਅਤੇ ਜੇਕਰ ਕੋਈ ਊਣਤਾਈ ਪਾਈ ਜਾਂਦੀ ਹੈ ਤਾਂ ਉਸ ਨੂੰ ਦਰੁੱਸਤ ਕਰਨ ਲਈ ਸਬੰਧਤ ਡੀਲਰ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ ਅਤੇ ਯਕੀਨੀ ਬਣਾਇਆ ਜਾਵੇ ਕਿ ਬੀਜ, ਦਵਾਈਆਂ ਅਤੇ ਖਾਦ ਦੀ ਵਿਕਰੀ ਪੀ. ਓ. ਐੱਸ. ਮਸ਼ੀਨਾਂ ਰਾਹੀਂ ਅਤੇ ਬਿੱਲਾਂ ਰਾਹੀਂ ਕੀਤੀ ਜਾਵੇ। ਉਨ੍ਹਾਂ ਸਮੂਹ ਟੀਮਾਂ ਨੂੰ ਹਦਾਇਤ ਕੀਤੀ ਕਿ ਸਮੂਹ ਡੀਲਰਾਂ ਦੀ ਚੈਕਿੰਗ ਕਰਕੇ ਰਿਪੋਰਟ ਇੱਕ ਹਫਤੇ ਦੇ ਅੰਦਰ-ਅੰਦਰ ਦਿੱਤੀ ਜਾਵੇ ਅਤੇ ਪਾਈਆਂ ਗਈਆਂ ਊਣਤਾਈਆਂ ਦੀ ਰਿਪੋਰਟ ਵੀ ਵਿਸਥਾਰਪੂਰਵਕ ਦਿੱਤੀ ਜਾਵੇ। ਉਨ੍ਹਾਂ ਨੇ ਕਿਸਾਨ ਭਰਾਵਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਕਿਸਾਨ ਵੀਰ ਵੀ ਖੇਤੀ ਇਨਪੁਟਸ ਬਿੱਲ ਦੇ ਨਾਲ ਹੀ ਖਰੀਦਣ ਅਤੇ ਪੀ. ਏ. ਯੂ. ਦੀਆਂ ਸਿਫਾਰਸ਼ਸ਼ੁਦਾ ਦਵਾਈਆਂ ਅਤੇ ਇਨ੍ਹਾਂ ਦਵਾਈਆਂ ਦੀ ਸਹੀ ਮਾਤਰਾ ਹੀ ਖੇਤਾਂ ਵਿੱਚ ਵਰਤਣ ਤਾਂ ਜੋ ਪੰਜਾਬ ਦੀ ਹਵਾ, ਪਾਣੀ ਅਤੇ ਮਿੱਟੀ ਨੂੰ ਦੂਸ਼ਿਤ ਹੋਣ ਤੋ ਬਚਾਇਆ ਜਾ ਸਕੇ।

ਸਿੱਖਿਆ ਤੇ ਖੇਡਾਂ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਜ਼ਰੂਰੀ : ਪ੍ਰਿੰ. ਰੰਧਾਵਾ

ਮਜੀਠਾ (ਸੋਇਮ ਆਨੰਦ)-ਅਕਸਰ ਦੇਖਿਆ ਜਾਂਦਾ ਹੈ ਕਿ ਜਦੋਂ ਬੱਚਿਆਂ ਵਿਚ ਮੁਕਾਬਲੇ ਦੀ ਭਾਵਨਾ ਪੈਦਾ ਹੁੰਦੀ ਹੈ ਤਾਂ ਉਨ੍ਹਾਂ ਵਿੱਚ ਹੋਰ ਮਿਹਨਤ ਕਰਨ ਦੀ ਲਾਲਸਾ ਪੈਦਾ ਹੁੰਦੀ ਹੈ। ਇਸ ਲਈ ਸਿੱਖਿਆ ਅਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਹੋਣਾ ਜ਼ਰੂਰੀ ਹੈ! ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉਘੇ ਸਮਾਜ ਸੇਵੀ ਤੇ ਰਿਟਾਇਰਡ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਚੇਅਰਮੈਨ ਸ਼ਹੀਦ ਭਗਤ ਸਿੰਘ ਸੋਸ਼ਲ ਐਂਡ ਸਪੋਰਟਸ ਵੈੱਲਫੇਅਰ ਸੁਸਾਇਟੀ ਕੈਨੇਡਾ ਵੱਲੋਂ ਮਜੀਠਾ ਹਲਕੇ ਵਿੱਚ ਪੈਂਦੇ ਪਿੰਡ ਤਲਵੰਡੀ ਖੁੰਮਣ ਦੇ ਮਿਡਲ ਅਤੇ ਪ੍ਰਾਇਮਰੀ ਸਕੂਲ ਅਤੇ ਪਿੰਡ ਚਾਚੋਵਾਲੀ ਦੇ ਪ੍ਰਾਇਮਰੀ ਸਕੂਲ ਦੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕਰਨ ਸਮੇਂ ਕੀਤਾ ਗਿਆ! ਉਨ੍ਹਾਂ ਵੱਲੋਂ ਕਿਹਾ ਗਿਆ ਕਿ ਹਰ ਸਾਲ ਹਰ ਕਲਾਸ ਵਿਚ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਦਾ ਹਰ ਸਾਲ ਸਨਮਾਨ ਕੀਤਾ ਜਾਵੇਗਾ ਜਿਸ ਨਾਲ ਵਿਦਿਆਰਥੀਆਂ ਵਿੱਚ ਪੜ੍ਹਾਈ ਤੇ ਖੇਡਾਂ ਵਿੱਚ ਉਤਸ਼ਾਹ ਪੈਦਾ ਹੋਵੇਗਾ। ਪਿਛਲੇ ਛੇ ਸਾਲਾਂ ਤੋਂ ਇਹ ਸੋਸਾਇਟੀ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕਰ

8-Dec-PAGE-12.qxd 12/7/2022 10:42 PM Page 1

ਸ਼ਹਿਨਾਈਆਂ

ਗਗਨਦੀਪ ਸਿੰਘ ਅਤੇ ਪ੍ਰਭਜੋਤ ਕੌਰ ਨੇ ਵਿਆਹ ਦੀ ਤੀਜੀ ਵਰ੍ਹੇਗੰਢ ਮਨਾਈ

ਰੋਬਿਨ ਪਿਤਾ ਸਰਬਜੀਤ ਸਾਬਕਾ ਸਰਪੰਚ ਮਾਤਾ ਊਸ਼ਾ ਰਾਣੀ ਵਾਸੀ ਭਾਬੜਾ (ਜਲਾਲਬਾਦ) ਦਾ ਵਿਆਹ ਰਣਧੀਰ ਪੁੱਤਰ ਦਲਾ ਰਾਮ ਮਾਤਾ ਮਨਜੀਤ ਰਾਣੀ ਵਾਸੀ ਸਲੇਮਸ਼ਾਹ (ਫਾਜ਼ਿਲਕਾ) ਨਾਲ ਹੋਇਆ।

ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਪ੍ਰੀ-ਨਿਰਵਾਣ ਦਿਵਸ ਮੌਕੇ ਵਿਸ਼ਾਲ ਸੈਮੀਨਾਰ

ਬਹਿਰਾਮ (ਅਵਤਾਰ ਕਲੇਰ)

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਸਕੱਤਰ ਕਾਮਰੇਡ ਸੁਤੰਤਰ ਕੁਮਾਰ ਤੇ ਆਰ ਐਮ ਪੀ ਆਈ ਜ਼ਿਲ੍ਹਾ ਪ੍ਰਧਾਨ ਕਾਮਰੇਡ ਹਰਪਾਲ ਸਿੰਘ ਜਗਤਪੁਰ ਦੀ ਅਗਵਾਈ ਹੇਠ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਪ੍ਰੀ ਨਿਰਵਾਣ ਦਿਵਸ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਬੰਗਾ ਰੋਡ ਨਵਾਂਸ਼ਹਿਰ ਵਿਖੇ ਇੱਕ ਵਿਸ਼ਾਲ ਸੈਮੀਨਾਰ ਕਰਕੇ ਮਨਾਇਆ ਗਿਆ। ਇਸ ਮੌਕੇ ਉਨ੍ਹਾਂ ਦੇ ਜੀਵਨ, ਫਲਸਫੇ ਅਤੇ ਉਦੇਸ਼ ਬਾਰੇ ਜਾਣਕਾਰੀ ਦਿੰਦਿਆਂ ਕਾਮਰੇਡ ਸੁਤੰਤਰ ਕੁਮਾਰ, ਕਾਮਰੇਡ ਕੁਲਦੀਪ ਸਿੰਘ ਦੌੜਕਾ, ਹਰਪਾਲ ਸਿੰਘ ਜਗਤਪੁਰ, ਜਸਵਿੰਦਰ ਸਿੰਘ ਭੰਗਲ, ਮਾਸਟਰ ਸੋਮ ਲਾਲ ਬਲਾਚੌਰ ,ਮਾ. ਰੋਸ਼ਮ ਲਾਲ, ਸਤਨਾਮ ਸਿੰਘ ਗੁਲਾਟੀ ਅਤੇ ਕੁਲਦੀਪ ਸਿੰਘ ਸੁੱਜੋਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਨੂੰ ਜਾਤੀ ਵਿਤਕਰੇ ਦਾ ਪ੍ਰਭਾਵ ਜਨਮ ਤੋਂ ਹੀ ਆਪਣੇ ਪਿੰਡੇ ਤੇ ਹੰਢਾਉਣਾ ਪਿਆ। ਉਹ ਆਜਾਦ ਭਾਰਤ ਦੇ ਪਹਿਲੇ ਕਾਨੂੰਨ ਮੰਤਰੀ ਬਣੇ। ਉਨ੍ਹਾਂ ਨੂੰ ਸੰਵਿਧਾਨ ਨਿਰਮਾਤਾ ਵਜੋਂ ਜਾਣਿਆ ਜਾਂਦਾ ਹੈ। ਸੰਵਿਧਾਨ ਘਾੜਨੀ ਸਭਾ ਦੇ ਉਹ ਚੇਅਰਮੈਨ ਬਣੇ। ਉਨ੍ਹਾਂ ਨੇ ਜਾਤ ਪਾਤ ਦਾ ਸੇਕ ਆਪਣੇ ਪਿੰਡੇ ਤੇ ਹੰਡਾਇਆ ਹੋਣ ਕਰਕੇ ਸੰਵਿਧਾਨ ਨੂੰ ਧਰਮ ਨਿਰਪੱਖ ਬਣਾਇਆ ਉਨ੍ਹਾਂ ਧਰਮ ਨੂੰ ਨਿੱਜੀ ਅਧਿਕਾਰ ਦਸਿਆ। ਪਹਿਲਾਂ ਵੋਟ ਦਾ ਅਧਿਕਾਰ ਕੇਵਲ

ਕੁਝ ਚੁਨਿੰਦਾ ਲੋਕਾਂ ਨੂੰ ਸੀ। ਉਨ੍ਹਾਂ ਨੇ ਲੋਕਤੰਤਰ ਦੀ ਪਰਿਭਾਸ਼ਾ ਲੋਕਾਂ ਵਿੱਚੋਂ, ਲੋਕਾਂ ਰਾਹੀਂ, ਲੋਕਾਂ ਲਈ ਧਰਮ ਨਿਰਪੱਖ ਸਰਕਾਰ ਚੁਣਨ ਲਈ ਹਰ ਬਾਲਗ ਨਾਗਰਿਕ ਨੂੰ ਵੋਟ ਦਾ ਸੰਵਿਧਾਨਕ ਹੱਕ ਦਿੱਤਾ। ਉਨ੍ਹਾਂ ਨੇ ਚੁਣੀ ਗਈ ਸਰਕਾਰ ਦੀਆਂ ਸੰਵਿਧਾਨਿਕ ਜ਼ਿੰਮੇਵਾਰੀਆਂ ਹਰ ਇੱਕ ਨਾਗਰਿਕ ਲਈ ਸਿਹਤ, ਸਿਖਿਆ ਅਤੇ ਰੁਜਗਾਰ ਦੀਆਂ ਤਹਿ ਕੀਤੀਆਂ। ਉਨ੍ਹਾਂ ਦਾ ਸਿਧਾਂਤ ਪੜ੍ਹੋ, ਸੰਗਠਿਤ ਹੋਵੋ ਅਤੇ ਹੱਕਾਂ ਲਈ ਸੰਘਰਸ ਕਰਨ ਦਾ ਸੀ ਉਨ੍ਹਾਂ ਦਾ ਯਤਨ ਲਤਾੜੀ ਜਾਂਦੀ ਜਨਤਾ ਨੂੰ ਬਰਾਬਰ ਚੁੱਕਣਾ ਸੀ ਜਿਹੜਾ ਕਿ ਕੁੱਝ ਕੁ ਅਖੌਤੀ ਧਰਮਾਂ, ਜਾਤਾਂ ਦੇ ਠੇਕੇਦਾਰਾਂ ਨੂੰ ਮਨਜੂਰ ਨਹੀਂ ਸੀ। ਉਨ੍ਹਾਂ ਪੈਰ ਪੈਰ ਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਕੰਮ ਵਿੱਚ ਅੜਿੱਕੇ ਡਾਹੇ। ਉਨ੍ਹਾਂ ਨੂੰ ਇਸੇ ਕਰਕੇ ਨਿਰਾਸਤਾ ਵਿਚੋਂ ਇਹ ਕਹਿਣਾ ਪਿਆ ਕਿ ਮੈਂ ਹਿੰਦੂ ਪੈਦਾ ਹੋਇਆ ਹਾਂ ਪਰ ਮਰਾਂਗਾ ਨਹੀਂ ਅਤੇ ਉਨ੍ਹਾਂ ਬੁੱਧ ਮਤ ਅਪਣਾ ਲਿਆ। ਅੰਤ ਬਾਬਾ ਸਾਹਿਬ 6 ਦਸੰਬਰ 1956 ਨੂੰ ਸਦੀਵੀ ਵਿਛੋੜਾ ਦੇ ਗਏ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਇਹ ਪ੍ਰਣ ਕਰੀਏ ਕਿ ਬਾਬਾ ਸਾਹਿਬ ਦੇ ਅਧੂਰੇ ਰਹਿ ਗਏ ਕਾਜ ਨੂੰ ਪਿੰਡ ਪੱਧਰ ਤੋਂ ਸ਼ੁਰੂ ਕਰੀਏ ਨਾ ਕਿ ਰਸਮ ਪੂਰਤੀ ਕਰੀਏ। ਇਸ ਤੇ ਸਭ ਨੇ ਸਹਿਮਤੀ ਜਤਾਈ। ਇਸ ਮੀਟਿੰਗ ਤੋਂ ਬਾਅਦ ਕਾਫਲੇ ਵਿੱਚ ਅੰਬੇਡਕਰ ਚੌਕ ਤੱਕ ਮਾਰਚ ਕਰਕੇ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਨੂੰ ਫੁੱਲ ਮਾਲਾ ਪਹਿਨਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾ. ਰਾਮਪਾਲ, ਪ੍ਰਿੰਸੀਪਲ ਇਕਬਾਲ ਸਿੰਘ, ਸੋਢੀ ਰਾਮ ਸਾਬਕਾ ਸਰਪੰਚ ਜਗਤ ਪੁਰ, ਜਸਵਿੰਦਰ ਲਾਲ, ਸਤਨਾਮ ਸਿੰਘ ਗਿੱਦਾ, ਬਲਵੀਰ ਸਿੰਘ ਮਹਿਤਪੁਰ, ਦਲਜੀਤ ਸਿੰਘ ਗਿੱਦਾ, ਪ੍ਰੇਮ ਕੁਮਾਰ ਸੁਖਦੇਵ ਸਿੰਘ ਰਾਹੋਂ, ਜੱਸਾ ਲੈਂਬਰ ਰਾਮ ਸਰਪੰਚ ਬੈਰਸਾਲ ਆਦਿ ਹਾਜਰ ਸਨ।

ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਜਸਵਿੰਦਰ ਸਿੰਘ ਨੂੰ ਮਿਲਿਆ ਬੈਸਟ ਟੀਚਰ ਦਾ ਐਵਾਰਡ

ਕਪੂਰਥਲਾ, (ਹਨੀ)

ਚੰਡੀਗੜ੍ਹ ਯੂਨੀਵਰਸਿਟੀ ਵਿਖੇ ਫੈਡਰੇਸਨ ਆਫ ਪ੍ਰਾਈਵੇਟ ਸਕੂਲਜ ਐਂਡ ਐਸੋਸੀਏਸ਼ਨ ਪੰਜਾਬ ਵੱਲੋਂ ਐੱਫ. ਏ. ਪੀ ਨੈਸ਼ਨਲ ਐਵਾਰਡਜ 2022 ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸਨ ਪਬਲਿਕ ਸਕੂਲ ਦੇ ਅਧਿਆਪਕ ਜਸਵਿੰਦਰ ਸਿੰਘ ਨੂੰ "ਬੈਸਟ ਟੀਚਰ" ਅਵਾਰਡ 2022 ਨਾਲ ਸਨਮਾਨਿਤ ਕੀਤਾ ਗਿਆ। ਅਧਿਆਪਕ ਜਸਵਿੰਦਰ ਸਿੰਘ ਨੂੰ ਸਕੂਲ ਪਹੁੰਚਣ 'ਤੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਅਤੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਗਾ ਨੇ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ । ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਵੀ ਜਸਵਿੰਦਰ ਸਿੰਘ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ । ਇਸ ਮੌਕੇ ਮੈਡਮ ਨਰਿੰਦਰ ਪੱਤੜ, ਰਣਧੀਰ ਸਿੰਘ, ਰੇਨੂੰ ਬਾਲਾ, ਜਸਵਿੰਦਰ ਸਿੰਘ, ਅਨੀਤਾ ਸਹਿਗਲ, ਰਜਨੀ ਅਰੋੜਾ, ਰਣਜੀਤ ਸਿੰਘ, ਨੀਲਮ ਕਾਲੜਾ, ਮੀਨਾਕਸ਼ੀ, ਹਰਜਿੰਦਰ ਸਿੰਘ, ਸਿੰਦਰਪਾਲ ਕੌਰ, ਕੁਲਵਿੰਦਰ ਕੌਰ, ਸੁਮਨਦੀਪ ਕੌਰ, ਦਲਜੀਤ ਕੌਰ, ਰਾਜ ਰਾਣੀ, ਮਨਜਿੰਦਰ ਸਿੰਘ ਆਦਿ ਸਟਾਫ਼ ਮੈਂਬਰ ਹਾਜਰ ਸਨ।

ਕਚਹਿਰੀ ਦੇ ਬਾਥਰੂਮਾਂ 'ਚ ਲੱਗੇ ਗੰਦ ਦੇ ਢੇਰ ਤੋਂ ਲੋਕ ਪ੍ਰੇਸ਼ਾਨ

ਫਿਲੌਰ (ਬੀ ਐਸ ਕੈਨੈਡੀ) ਸਥਾਨਕ ਕਚਿਹਰੀ ਦੇ ਬਾਥਰੂਮਾਂ 'ਚ ਅਤੇ ਬਾਹਰ ਗੰਦ ਦੇ ਢੇਰਾਂ ਤੋਂ ਲੋਕ ਬਹੁਤ ਪ੍ਰੇਸ਼ਾਨ ਹਨ। ਇਥੇ ਲੋਕ ਕੰਮ ਕਰਵਾਉਣ ਲਈ ਦੂਰ ਦੂਰ ਤੋਂ ਆਉਂਦੇ ਹਨ। ਗੰਦ ਦਿਨੋ ਦਿਨ ਵਧਦਾ ਜਾ ਰਿਹਾ ਹੈ ਪਰ ਪ੍ਰਸ਼ਾਸਨ ਇਸ ਵੱਲ ਕੋਈ ਧਿਆਨ ਨਹੀਂ ਦੇ ਰਿਹਾ। ਔਰਤਾਂ ਨੂੰ ਸਭ ਤੋਂ ਜ਼ਿਆਦਾ ਮੁਸ਼ਕਲ ਆਉਂਦੀ ਹੈ ਕਿਉਂਕਿ ਉਹ ਬਾਥਰੂਮ ਕਿੱਥੇ ਜਾਣ। ਇਸ ਕਚਿਹਰੀ 'ਚ ਐਸ ਡੀ ਐਮ, ਤਹਿਸੀਲਦਾਰ, ਨਾਇਬ ਤਹਿਸੀਲਦਾਰ ਤੇ ਪਟਵਾਰੀਆਂ ਦੇ ਦਫਤਰ ਹਨ। ਉਚ ਅਧਿਕਾਰੀਆਂ ਨੂੰ ਚਾਹੀਦਾ ਹੈ ਕਿ ਬਾਥਰੂਮਾਂ 'ਚ ਤੁਰੰਤ ਸਫਾਈ ਕਰਵਾਈ ਜਾਵੇ।

ਖਾਲਸਾ ਕਾਲਜ ਦੇ ਵਿਦਿਆਰਥੀ ਨੇ ਤੀਹਰੀ ਛਾਲ 'ਚ 15 ਸਾਲ ਪੁਰਾਣਾ ਰਿਕਾਰਡ ਤੋੜਿਆ

ਮਾਹਿਲਪੁਰ, (ਸਫਰੀ)

ਪਿਛਲੇ ਦਿਨੀਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਹੋਈ ਪੰਜਾਬ ਯੂਨੀਵਰਸਿਟੀ ਦੀ ਸਾਲਾਨਾ ਐਥਲੈਟਿਕਸ ਮੀਟ ਵਿੱਚ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਬੀਏ ਭਾਗ ਤੀਜਾ ਦੇ ਵਿਦਿਆਰਥੀ ਨਰਪਿੰਦਰ ਸਿੰਘ ਨੇ ਤੀਹਰੀ ਛਾਲ ਮੁਕਾਬਲੇ ਵਿੱਚ ਯੂਨੀਵਰਸਿਟੀ ਦਾ 15 ਸਾਲ ਪੁਰਾਣਾ ਰਿਕਾਰਡ ਤੋੜਿਆ ਹੈ। ਇਸ ਬਾਰੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਦੱਸਿਆ ਕਿ ਵਿਦਿਆਰਥੀ ਨਰਪਿੰਦਰ ਸਿੰਘ ਨੇ ਤੀਹਰੀ ਛਾਲ ਮੁਕਾਬਲੇ ਵਿੱਚ 15.35 ਮੀਟਰ ਲੰਮੀ ਛਾਲ ਮਾਰ ਕੇ ਨਵਾਂ ਕੀਰਤੀਮਾਨ ਸਥਾਪਿਤ ਕੀਤਾ ਹੈ। ਇਸ ਮੌਕੇ ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਮੈਨੇਜਰ ਇੰਦਰਜੀਤ ਸਿੰਘ ਭਾਰਟਾ ਅਤੇ ਸਕੱਤਰ ਗੁਰਿੰਦਰ ਸਿੰਘ ਬੈਂਸ ਸਮੇਤ ਸਰੀਰਕ ਸਿੱਖਿਆ ਵਿਭਾਗ ਦੇ ਮੁੱਖੀ ਪ੍ਰੋ. ਰਾਜ ਕੁਮਾਰ, ਪ੍ਰੋ. ਜਤਿੰਦਰ ਕੁਮਾਰ ਸਮੇਤ ਹੋਰ ਅਧਿਆਪਕਾਂ ਨੇ ਵਿਦਿਆਰਥੀ ਨਰਪਿੰਦਰ ਸਿੰਘ ਨੂੰ ਇਸ ਪ੍ਰਾਪਤੀ 'ਤੇ ਸ਼ੁੱਭ ਕਾਮਨਾਵਾਂ ਦਿੱਤੀਆਂ।

ਹਥਿਆਰਬੰਦ ਸੈਨਾ ਦਾ ਹਮੇਸ਼ਾ ਕਰਜ਼ਦਾਰ ਰਹੇਗਾ ਪੂਰਾ ਦੇਸ਼ : ਕੋਮਲ ਮਿੱਤਲ

ਹੁਸ਼ਿਆਰਪੁਰ, (ਓ ਪੀ ਰਾਣਾ)

ਹਥਿਆਰਬੰਦ ਸੈਨਾ ਝੰਡਾ ਦਿਵਸ ਮੌਕੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਰਕਰਾਰ ਅਤੇ ਮਜ਼ਬੂਤ ਰੱਖਣ ਲਈ ਪੂਰਾ ਦੇਸ਼ ਹਥਿਆਰਬੰਦ ਸੈਨਾ ਦਾ ਹਮੇਸ਼ਾ ਕਰਜ਼ਦਾਰ ਰਹੇਗਾ ਜੋ ਕਿ ਦੇਸ਼ ਵਾਸੀਆਂ ਦੇ ਕੱਲ੍ਹ ਲਈ ਆਪਣਾ ਅੱਜ ਕੁਰਬਾਨ ਕਰਨ ਲਈ ਹਮੇਸ਼ਾ ਤੱਤਪਰ ਰਹਿੰਦੇ ਹਨ। ਇਸ ਦੌਰਾਨ ਉਨ੍ਹਾਂ ਝੰਡਾ ਦਿਵਸ ਪ੍ਰਤੀ ਜਨਤਕ ਦਿਲਚਸਪੀ ਪੈਦਾ ਕਰਨ, ਨਾਗਰਿਕਾਂ ਵਿਚ ਜਾਗਰੂਕਤਾ ਫੈਲਾਉਣ ਅਤੇ ਝੰਡੇ ਦੇ ਸਨਮਾਨ ਵਿਚ ਵਿੱਤੀ ਅੰਸ਼ਦਾਨ ਕਰਨ ਲਈ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਸਟਾਫ ਅਤੇ ਸੈਨਿਕ ਇੰਸਟੀਚਿਊਟ ਆਫ਼ ਮੈਨੇਜਮੈਂਟ ਟੈਕਨਾਲੋਜੀ ਦੀਆਂ ਟੀਮਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਵੀ ਕੀਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੇ ਸੂਰਬੀਰ ਸੈਨਿਕਾਂ 'ਤੇ ਮਾਣ ਹੋਣਾ ਚਾਹੀਦਾ ਹੈ, ਜਿਨ੍ਹਾਂ ਨੇ ਦੇਸ਼ ਦੇ ਵੱਖ-ਵੱਖ ਸੂਬਿਆਂ ਦੇ ਨਿਵਾਸੀ ਹੋਣ ਦੇ ਨਾਲ-ਨਾਲ ਵੱਖ-ਵੱਖ ਭਾਸ਼ਾਵਾਂ ਬੋਲਣ ਦੇ ਬਾਵਜੂਦ ਇਕਜੁੱਟ ਹੋ ਕੇ ਦੇਸ਼ ਦੀ ਰੱਖਿਆ ਲਈ ਮਰ-ਮਿਟਣ ਨੂੰ ਤਿਆਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਇਹ ਦਿਨ ਸਾਨੂੰ ਸਾਰਿਆਂ ਨੂੰ ਰੱਖਿਆ ਸੈਨਾਵਾਂ ਨਾਲ ਅਪਣਾਪਣ ਦਰਸਾਉਂਦੇ ਹੋਏ ਆਪਣੇ-ਆਪਣੇ ਕਾਲਰ 'ਤੇ ਸੰਕੇਤਕ ਝੰਡਾ ਲਗਾ ਕੇ ਉਨ੍ਹਾਂ ਪ੍ਰਤੀ ਸਨਮਾਨ ਪ੍ਰਗਟ ਕਰਨ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਝੰਡਾ ਦਿਵਸ ਲਈ ਦਿਲ ਖੋਲ੍ਹ ਕੇ ਦਾਨ ਦੇਣ, ਤਾਂ ਜੋ ਜ਼ਰੂਰਤ ਸਮੇਂ ਫੌਜੀਆਂ, ਸਾਬਕਾ ਫੌਜੀਆਂ, ਵੀਰ ਨਾਰੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਵੱਧ ਤੋਂ ਵੱਧ ਮਦਦ ਮੁਹੱਈਆ ਕਰਵਾਈ ਜਾ ਸਕੇ। ਇਸ ਮੌਕੇ ਜ਼ਿਲ੍ਹਾ ਸੈਨਿਕ ਬੋਰਡ ਹੁਸ਼ਿਆਰਪੁਰ ਦੇ ਉਪ ਪ੍ਰਧਾਨ ਬ੍ਰਿਗੇਡੀਅਰ (ਸੇਵਾ ਮੁਕਤ) ਅਮਰੀਕ ਸਿੰਘ, ਰਾਜ ਕੁਮਾਰੀ, ਪਰਮਿੰਦਰ ਕੌਰ, ਐਸ.ਐਸ. ਬੱਗਾ, ਕੁਲਦੀਪ ਸਿੰਘ ਆਦਿ ਮੌਜੂਦ ਸਨ।

ਅਮਨਦੀਪ ਸਿੰਘ ਫੈਪ 2022 ਰਾਸ਼ਟਰੀ ਸਰਵੋਤਮ ਅਧਿਆਪਕ ਪੁਰਸਕਾਰ ਨਾਲ ਸਨਮਾਨਤ

ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)

ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਪੰਜਾਬ ਵੱਲੋਂ ਮਿਤੀ 4 ਦਸੰਬਰ 2022 ਦਿਨ ਐਤਵਾਰ ਨੂੰ ਚੰਡੀਗੜ੍ਹ ਯੂਨੀਵਰਸਿਟੀ ਵਿਚ ਕਰਵਾਏ ਗਏ ਸਾਲਾਨਾ ਇਨਾਮ ਵੰਡ ਸਮਾਰੋਹ ਦੌਰਾਨ ਇਲਾਕੇ 'ਚ ਪਿਛਲੇ ਇਕ ਦਹਾਕੇ ਤੋਂ ਕਾਮਰਸ ਅਧਿਐਨ ਨਾਲ ਸੰਬੰਧਤ ਵਿਸ਼ਿਆਂ ਵਿਚ ਸਿੱਖਿਆ ਦਾ ਚਾਨਣ ਵੰਡ ਰਿਹੁ ਕਾਮਰਸ ਅਧਿਆਪਕ ਅਮਨਦੀਪ ਸਿੰਘ, ਜੋ ਕਿ ਮੌਜੂਦਾ ਸਮੇਂ ਵਿੱਚ ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ, ਵਾੜਾ ਜੋਧ ਸਿੰਘ ਵਿੱਚ ਬਤੌਰ ਕੋਆਰਡੀਨੇਟਰ ਕਮ ਅਧਿਆਪਕ ਸੇਵਾਵਾਂ ਨਿਭਾ ਰਹੇ ਹਨ, ਨੂੰ ਐਫ.ਏ.ਪੀ. ਰਾਸ਼ਟਰੀ ਸਰਵੋਤਮ ਅਧਿਆਪਕ ਪੁਰਸਕਾਰ 2022 ਨਾਲ ਸਨਮਾਨਤ ਕੀਤਾ ਗਿਆ।

ਇਸ ਮੌਕੇ ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ ਪ੍ਰਬੰਧਕ ਕਮੇਟੀ, ਸਕੂਲ ਪ੍ਰਿੰ: ਨੀਤੀਮਾ ਪੁਰੀ, ਪ੍ਰਿੰ: ਸਰਗਮ ਥਿੰਦ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ ਤੋਂ ਇਲਾਵਾ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਆਪਣੇ ਐਵਾਰਡ ਜੇਤੂ ਅਧਿਆਪਕ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।

ਐਸ ਡੀ ਕਾਲਜ 'ਚ ਕਰਵਾਏ ਡਿਬੇਟ ਮੁਕਾਬਲੇ

ਜਲੰਧਰ (ਇਕਬਾਲ ਸਿੰਘ ਉੱਭੀ)

ਪੀ.ਸੀ.ਐਮ. ਐਸ.ਡੀ. ਕਾਲਜ ਫਾਰ ਵੂਮੈਨ ਦੀ ਇਕਨੋਮਿਕਸ ਐਸੋਸੀਏਸਨ ਨੇ ਵੱਖ-ਵੱਖ ਰੁਚੀ ਦੇ ਵਿਸ਼ਿਆਂ 'ਤੇ ਇੱਕ ਵਾਦ-ਵਿਵਾਦ ਮੁਕਾਬਲਾ " ਲੇਟਸ ਡਿਬੇਟ " ਦਾ ਆਯੋਜਨ ਕੀਤਾ ਜਿਸ ਵਿੱਚ ਬੀ.ਏ., ਬੀ.ਐਸ.ਸੀ. (ਇਕਨਾਮਿਕਸ) ਅਤੇ ਬੀ.ਏ.ਬੀ.ਐਡ. ਸਮੈਸਟਰ ਪੰਜਵੇਂ ਨੇ ਪੂਰੇ ਜੋਸ ਨਾਲ ਭਾਗ ਲਿਆ। ਤਿੰਨ-ਤਿੰਨ ਵਿਦਿਆਰਥੀਆਂ ਦੀਆਂ ਚਾਰ ਟੀਮਾਂ ਸਨ ਅਰਥਾਤ ਦੋ ਬਹਿਸਕਾਰ ਅਤੇ ਇੱਕ ਸੰਚਾਲਕ। ਮੁਕਾਬਲੇ ਨੇ ਵਿਦਿਆਰਥੀਆਂ ਨੂੰ ਆਪਣੀ ਬਹਿਸ ਦੇ ਹੁਨਰ ਨੂੰ ਨਿਖਾਰਨ ਦਾ ਮੌਕਾ ਦਿੱਤਾ ਅਤੇ ਉਨ੍ਹਾਂ ਨੂੰ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਪ੍ਰਸੰਗਿਕ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਗਟ ਕਰਨ ਲਈ ਉਤਸ਼ਾਹਿਤ ਕੀਤਾ ਗਿਆ। ਉਹਨਾਂ ਨੇ ਖੁਦ ਉਹਨਾਂ ਵਿਸ਼ਿਆਂ ਨੂੰ ਚੁਣਿਆ ਜਿਹਨਾਂ ਬਾਰੇ ਉਹਨਾਂ ਦੇ ਵੱਖੋ-ਵੱਖਰੇ ਵਿਚਾਰ ਸਨ ਅਤੇ ਇਸ ਲਈ ਉਹਨਾਂ ਉੱਤੇ ਬਹਿਸ ਕਰਨਾ ਚਾਹੁੰਦੇ ਸਨ। ਉਨ੍ਹਾਂ ਸਾਰਿਆਂ ਨੇ ਬਹਿਸ ਲਈ ਉਠਾਏ ਗਏ ਮੁੱਦਿਆਂ 'ਤੇ ਖੁੱਲ੍ਹ ਕੇ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਭਾਗ ਲੈ ਕੇ ਬਹੁਤ ਆਨੰਦ ਮਾਣਿਆ। ਟੀਮ ਵਿੱਚ ਸਾਮਲ ਬੀ.ਏ. ਸਮੈਸਟਰ ਪੰਜਵੇਂ ਦੀ ਤਜਿੰਦਰ, ਅਰਸ਼ਿਤਾ ਅਤੇ ਅਨਾਮਿਕਾ ਨੂੰ ਮੁਕਾਬਲੇ ਦਾ ਜੇਤੂ ਐਲਾਨਿਆ ਗਿਆ। ਉਨ੍ਹਾਂ ਦੀ ਬਹਿਸ ਦਾ ਵਿਸ਼ਾ ਸੀ "ਲਾਈਫ